@Qpatrika
@qaumipatrika punjabi
instagram.com/ qaumipatrika
Largest Circulated
C M Y K
विश्व भर में सबसे ज्यादा पढ़ा जाने वाला
# ਕੌਮੀ ਪਤ੍ਰਿਕਾ
Qaumi Patrika NO.1
Punjabi National Daily
ਦਿਲੀ, ਹਿਮਾਚਲ, ਹਰਿਆਣਾ, ਪੰਜਾਬ, ਉੱਤਰ ਪ੍ਰਦੇਸ਼, ਉੱਤਰਾਖੰਡ ਸੇ ਪ੍ਰਸਾਰਿਤ।
Sunday, 5 April 2026
VISIT: www.qaumipatrika.org
Email: qpatrika@gmail.com
ਨਵੀਂ ਦਿੱਲੀ: ਐਤਵਾਰ 5 ਅਪ੍ਰੈਲ 2026, 20 ਚੇਤ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ
R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 44, ਅੰਕ 150, qpatrika@gmail.com ਫੋਨ : 9971359517 www.qaumipatrika.org

## ਜੰਮੂ ਕਸ਼ਮੀਰ ਦੇ ਉੱਪ ਰਾਜਪਾਲ ਮਨੋਜ ਸਿਨਹਾ ਨੇ ਗਾਂਦਰਬਲ ਮੁਕਾਬਲੇ ਦੀ ਮੈਜਿਸਟਰੇਟ ਜਾਂਚ ਦੇ ਦਿੱਤੇ ਆਦੇਸ਼

ਸ਼ਰੀਨਗਰ 4 ਅਪ੍ਰੈਲ। ਜੰਮੂ ਕਸ਼ਮੀਰ ਦੇ ਉੱਪ ਰਾਜਪਾਲ ਮਨੋਜ ਸਿਨਹਾ ਨੇ ਗਾਂਦਰਬਲ ਜ਼ਿਲ੍ਹੇ 'ਚ ਹੋਏ ਮੁਕਾਬਲੇ ਦੇ ਮਾਮਲੇ 'ਚ ਮੈਜਿਸਟ?ਰੇਟ ਜਾਂਚ ਦੇ ਆਦੇਸ਼ ਦਿੱਤੇ, ਜਿਸ 'ਚ ਸੁਰੱਖਿਆ ਫ਼ੋਰਸਾਂ ਨੇ ਇਕ ਅੱਤਵਾਦੀ ਨੂੰ ਮਾਰ ਸੁੱਟਿਆ ਸੀ। ਮੁੱਖ ਮੰਤਰੀ ਉਮਰ ਅਬਦੁੱਲਾ ਅਤੇ ਪੀਪਲਜ਼ ਡੈਮੋਕ੍ਰੇਟਿਕ ਪਾਰਟੀ (ਪੀਡੀਪੀ) ਦੀ ਮੁਖੀ ਮਹਿਬੂਬਾ ਮੁਫਤੀ ਸਮੇਤ ਕਈ ਪ੍ਰਮੁੱਖਾਂ ਦਲਾਂ ਦੇ ਨੇਤਾਵਾਂ ਨੇ ਮੰਗਲਵਾਰ ਅਤੇ ਬੁੱਧਵਾਰ ਦੀ ਦਰਮਿਆਨੀ ਰਾਤ ਨੂੰ ਹੋਏ ਇਸ ਮੁਕਾਬਲੇ 'ਤੇ ਸਵਾਲ ਚੁੱਕੇ ਸਨ। ਸਿਨਹਾ ਨੇ 'ਐਕਸ' 'ਤੇ ਇਕ ਪੋਸਟ 'ਚ ਕਿਹਾ,"ਮੈਂ ਗਾਂਦਰਬਲ ਦੇ ਅਰਹਾਮਾ 'ਚ ਹੋਏ ਮੁਕਾਬਲੇ ਦੀ ਡੂੰਘਾਈ ਨਾਲ ਅਤੇ ਨਿਰਪੱਖ ਮੈਜਿਸਟ?ਰੇਟ ਜਾਂਚ ਦੇ ਆਦੇਸ਼ ਦਿੱਤੇ ਹਨ। ਜਾਂਚ ਰਾਹੀਂ ਘਟਨਾ



ਨਾਲ ਜੁੜੇ ਸਾਰੇ ਪਹਿਲੂਆਂ ਦੀ ਪੜਤਾਲ ਕੀਤੀ ਜਾਵੇਗੀ ਅਤੇ ਨਿਆਂ ਯਕੀਨੀ ਕੀਤਾ ਜਾਵੇਗਾ।" ਮਾਰੇ ਗਏ ਨੌਜਵਾਨ ਰਾਸ਼ਿਦ ਅਹਿਮਦ ਮੁਗਲ ਦੇ ਪਰਿਵਾਰ ਵਾਲਿਆਂ ਨਾ ਦਾਅਵਾ ਕੀਤਾ ਸੀ ਕਿ ਉਸ ਦਾ ਅੱਤਵਾਦ ਨਾਲ ਕੋਈ ਸੰਬੰਧ ਨਹੀਂ ਸੀ। ਅਬਦੁੱਲਾ ਨੇ ਸੋਸ਼ਲ ਮੀਡੀਆ ਮੰਚ 'ਐਕਸ' 'ਤੇ ਇਕ ਪੋਸਟ 'ਚ ਕਿਹਾ,"ਮੇਰਾ ਮੰਨਣਾ ਹੈ ਕਿ ਪਰਿਵਾਰ ਦੇ ਦਾਅਵੇ ਨੂੰ ਸਿਰੇ ਤੋਂ ਖਾਰਜ ਨਹੀਂ ਕੀਤਾ ਜਾਣਾ ਚਾਹੀਦਾ। ਘੱਟੋ-ਘੱਟ ਇਸ ਘਟਨਾ ਦੀ ਪਾਰਦਰਸ਼ੀ ਅਤੇ ਸਮੇਂਬੱਧ ਜਾਂਚ ਹੋਣੀ ਚਾਹੀਦੀ ਹੈ ਅਤੇ ਸਾਰੇ ਤੱਥਾਂ ਨੂੰ ਜਨਤਕ ਕੀਤਾ ਜਾਣਾ ਚਾਹੀਦਾ।" ਉਨ੍ਹਾਂ ਕਿਹਾ,"ਜਾਂਚ ਦੇ ਐਲਾਨ 'ਚ ਦੇਰੀ ਕਰਨ ਦੀ ਕੋਈ ਵੀ ਕੋਸ਼ਿਸ਼ ਸਿਰਫ਼ ਭਰੋਸੇਯੋਗਤਾ ਨੂੰ ਨੁਕਸਾਨ ਪਹੁੰਚਾਏਗੀ ਅਤੇ ਇਹ ਕਿਸੇ ਦੇ ਹਿੱਤ 'ਚ ਨਹੀਂ ਹੋਵੇਗਾ।" ਜੰਮੂ ਕਸ਼ਮੀਰ ਗ੍ਰਹਿ ਵਿਭਾਗ ਨੇ ਗਾਂਦਰਬਲ ਦੇ ਜ਼ਿਲ੍ਹਾ ਅਧਿਕਾਰੀ ਨੇ 7 ਦਿਨਾਂ ਦੇ ਅੰਦਰ ਜਾਂਚ ਪੂਰੀ ਕਰਵਾਉਣ ਦਾ ਨਿਰਦੇਸ਼ ਦਿੱਤਾ ਹੈ। ਗ੍ਰਹਿ ਵਿਭਾਗ ਨੇ ਜ਼ਿਲ੍ਹਾ ਅਧਿਕਾਰੀ ਨੂੰ ਭੇਜੀ ਚਿੱਠੀ 'ਚ ਕਿਹਾ,"ਇਕ ਅਪ੍ਰੈਲ 2026 ਨੂੰ ਗਾਂਦਰਬਲ ਦੇ ਅਰਹਾਮਾ 'ਚ ਹੋਏ ਮੁਕਾਬਲੇ 'ਚ ਗਾਂਦਰਬਲ ਦੇ ਚੁੰਟਵਾਲੀਵਾਰ ਲਾਰ ਵਾਸੀ ਗੁਲ ਜ਼ਮਾਨ ਮੁਗਲ ਦੇ ਪੁੱਤ ਰਾਸ਼ਿਦ ਅਹਿਮਦ ਮੁਗਲ ਦੀ ਮੌਤ ਹੋ ਗਈ ਸੀ।" ਚਿੱਠੀ 'ਚ ਕਿਹਾ ਗਿਆ ਹੈ ਕਿ ਮਾਮਲੇ ਦੇ ਸਾਰੇ ਤੱਥਾਂ ਅਤੇ ਸਥਿਤੀਆਂ ਦਾ ਪਤਾ ਲਗਾਉਣ ਲਈ ਡੂੰਘਾਈ ਨਾਲ ਅਤੇ ਨਿਰਪੱਖ ਮੈਜਿਸਟ?ਰੇਟ ਜਾਂਚ ਕਰਵਾਈ ਜਾਵੇ ਅਤੇ ਇਸ ਦੀ ਰਿਪੋਰਟ 7 ਦਿਨਾਂ ਅੰਦਰ ਗ੍ਰਹਿ ਵਿਭਾਗ ਨੂੰ ਸੌਂਪ ਦਿੱਤੀ ਜਾਵੇ।

# ਪੰਜਾਬ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਵਿਕਾਸ ਕਾਰਜ ਜਾਰੀ; ਮੋਗਾ ਵਿੱਚ ਬਹੁ-ਕਰੋੜੀ ਪ੍ਰਾਜੈਕਟਾਂ ਦਾ ਉਦਘਾਟਨ

**ਕੌਮੀ ਪਤ੍ਰਿਕਾ**
**ਸਿੰਮੀ ਕੌਰ ਬੱਬਰ**

ਮੋਗਾ, 4 ਅਪ੍ਰੈਲ : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਆਮ ਆਦਮੀ ਪਾਰਟੀ (ਆਪ) ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਵਿਕਾਸ ਏਜੰਡੇ ਦੀ ਪੁਸ਼ਟੀ ਕਰਦਿਆਂ ਮੋਗਾ ਵਿੱਚ ਬਹੁ- ਕਰੋੜੀ ਪ੍ਰਾਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖਿਆ। ਇਸ ਦੇ ਨਾਲ ਹੀ ਉਨ੍ਹਾਂ ਨੇ ਬੁਨਿਆਦੀ ਢਾਂਚੇ ਦੇ ਵਿਸਥਾਰ, ਕਿਸਾਨ ਸੁਰੱਖਿਆ ਅਤੇ ਪ੍ਰਸ਼ਾਸਕੀ ਸੁਧਾਰਾਂ 'ਤੇ ਕੇਂਦ੍ਰਿਤ ਇੱਕ ਸ਼ਾਸਨ ਮਾਡਲ ਦੀ ਰੂਪ-ਰੇਖਾ ਵੀ ਪੇਸ਼ ਕੀਤੀ। ਇੱਥੇ ਸੂਬਾ ਪੱਧਰੀ ਸਮਾਗਮ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲੋਕਾਂ ਵੱਲੋਂ ਮਿਲ ਰਿਹਾ ਭਰਵਾਂ ਹੁੰਗਾਰਾ ਅਤੇ ਭਾਰੀ ਜਨਤਕ ਭਾਗੀਦਾਰੀ ਸਰਕਾਰ ਦੇ ਇਮਾਨਦਾਰ ਅਤੇ ਸਾਫ਼-ਸੁਥਰੀ ਰਾਜਨੀਤੀ ਵਿੱਚ ਵਧ ਰਹੇ ਲੋਕਾਂ ਦੇ ਭਰੋਸਾ ਦਾ ਪ੍ਰਤੱਖ ਪ੍ਰਮਾਣ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ 47 ਕਿਲੋਮੀਟਰ ਤੋਂ ਵੱਧ ਮੁੱਖ ਸੜਕੀ ਨੈੱਟਵਰਕਾਂ ਨੂੰ ਅਪਗ੍ਰੇਡ ਕਰਨ ਅਤੇ ਸ਼ਹਿਰੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਤੋਂ ਲੈ ਕੇ 18.80 ਕਰੋੜ ਰੁਪਏ ਦੇ ਬਿਜਲੀ ਪ੍ਰਾਜੈਕਟ ਸ਼ੁਰੂ ਕਰਨ ਅਤੇ 13 ਅਪ੍ਰੈਲ ਤੋਂ ਤਕਸੀਮ ਮੁਹਿੰਮ ਸ਼ੁਰੂ ਕਰਨ ਤੱਕ ਸਰਕਾਰ ਜ਼ਮੀਨੀ ਪੱਧਰ 'ਤੇ ਠੋਸ ਤਬਦੀਲੀ ਲਿਆ ਰਹੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ 'ਆਪ' ਸਰਕਾਰ ਕਿਸਾਨਾਂ ਦੀ ਕਣਕ ਦੇ ਦਾਣੇ-ਦਾਣੇ ਨੂੰ ਖਰੀਦਣ ਲਈ ਵਚਨਬੱਧ ਹੈ ਅਤੇ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਕੋਈ ਵੀ ਕਾਸ਼ਤਕਾਰ ਆੜ੍ਹਤੀਆਂ ਦੇ ਰਹਿਮੋ-ਕਰਮ 'ਤੇ ਨਾ ਰਹੇ। ਇਸ ਤਰ੍ਹਾਂ ਸੂਬਾ ਸਰਕਾਰ ਹਰ ਪਿੰਡ ਅਤੇ ਸ਼ਹਿਰ ਨੂੰ ਜੋੜਨ ਵਾਲੇ ਵਿਕਾਸ ਮਾਡਲ ਰਾਹੀਂ ਪੰਜਾਬ ਨੂੰ ਦੇਸ਼ ਦਾ ਮੋਹਰੀ ਸੂਬਾ ਬਣਾਉਣ ਵੱਲ ਲਗਾਤਾਰ ਅੱਗੇ ਵਧ ਰਹੀ ਹੈ। ਮੋਗਾ ਵਿੱਚ ਕਈ ਵਿਕਾਸ ਪ੍ਰਾਜੈਕਟਾਂ ਦਾ ਨੀਂਹ ਪੱਥਰ ਰੱਖਣ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਰਵਾਇਤੀ ਪਾਰਟੀਆਂ ਨੇ ਪੰਜਾਬ ਦੇ ਲੋਕਾਂ ਨਾਲ ਵਾਰ-ਵਾਰ ਵਿਸ਼ਵਾਸਘਾਤ ਕੀਤਾ ਹੈ। ਉਨ੍ਹਾਂ ਕਿਹਾ, "ਪੰਜਾਬ ਦੇ ਲੋਕ ਅਕਾਲੀਆਂ ਨੂੰ ਕਦੇ ਵੀ ਮੁਆਫ਼ ਨਹੀਂ ਕਰਨਗੇ ਕਿਉਂਕਿ ਉਨ੍ਹਾਂ ਨੇ ਨਾ ਸਿਰਫ਼ ਪੰਜਾਬ ਅਤੇ ਇਥੋਂ ਦੇ ਲੋਕਾਂ ਨੂੰ ਬਰਬਾਦ ਕੀਤਾ ਹੈ, ਸਗੋਂ ਗੁਰੂਆਂ ਅਤੇ ਗੁਰਬਾਣੀ ਦਾ ਵੀ ਘੋਰ ਨਿਰਾਦਰ ਕੀਤਾ ਹੈ।" ਉਨ੍ਹਾਂ ਅੱਗੇ ਕਿਹਾ, "ਅਕਾਲੀਆਂ ਨੇ ਨਸ਼ਿਆਂ ਦੇ ਵਪਾਰ ਦੀ ਪੁਸ਼ਤਪਨਾਹੀ ਕਰਕੇ ਪੰਜਾਬ ਦੀਆਂ ਪੀੜ੍ਹੀਆਂ ਦਾ ਕਤਲੇਆਮ ਕੀਤਾ ਹੈ। ਇਨ੍ਹਾਂ ਆਗੂਆਂ ਨੇ ਨਾ ਸਿਰਫ਼ ਨਸ਼ਿਆਂ ਦੇ ਵਪਾਰ ਨੂੰ ਸ਼ਹਿ ਦਿੱਤੀ, ਬਲਕਿ ਨਸ਼ਿਆਂ ਨੂੰ ਵੇਚਣ ਜਾਂ ਸਪਲਾਈ ਕਰਨ ਲਈ ਸਰਕਾਰੀ ਵਾਹਨਾਂ ਦੀ ਵੀ ਵਰਤੋਂ ਕੀਤੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅਕਾਲੀ ਆਗੂ ਸੁਖਬੀਰ ਬਾਦਲ ਦਾਅਵਾ ਕਰਦੇ ਹਨ ਕਿ ਸੂਬੇ ਦਾ ਸਾਰਾ ਵਿਕਾਸ ਉਨ੍ਹਾਂ ਦੇ ਸ਼ਾਸਨਕਾਲ ਦੌਰਾਨ ਹੋਇਆ ਹੈ, ਪਰ ਉਹ ਬਰਗਾੜੀ ਅਤੇ ਬਹਿਬਲ ਕਲਾਂ ਦੀਆਂ ਬੇਅਦਬੀ ਦੀਆਂ ਘਟਨਾਵਾਂ ਨੂੰ ਅੱਖੋਂ-ਪਰੋਖੇ ਕਰੀ ਬੈਠੇ ਹਨ। ਉਨ੍ਹਾਂ ਨੇ ਆਪਣੇ ਨਿੱਜੀ ਹਿੱਤਾਂ ਲਈ ਧਰਮ ਨੂੰ ਵਰਤਿਆ ਅਤੇ ਹਰ ਆਮ ਆਦਮੀ ਦੀ ਮਾਨਸਿਕਤਾ ਨੂੰ ਠੇਸ ਪਹੁੰਚਾਈ ਹੈ, ਜੋ ਕਿ ਇੱਕ ਨਾ-ਮੁਆਫੀਯੋਗ ਗੁਨਾਹ ਹੈ। ਉਹ ਪੰਥ ਅਤੇ ਪੰਜਾਬ ਦੇ ਵਿਰੋਧੀ ਤਾਕਤਾਂ ਦੇ ਹਮਾਇਤੀ ਹਨ। ਅਕਾਲੀ ਦਲ ਦੀ ਅਖੌਤੀ 'ਪੰਜਾਬ ਬਚਾਓ ਯਾਤਰਾ' 'ਤੇ ਤਨਜ਼ ਕੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅਕਾਲੀ ਦਲ ਦੀ ਇਸ ਚਾਲ ਦਾ ਅਸਲੀ ਨਾਮ 'ਪਰਿਵਾਰ ਬਚਾਓ ਯਾਤਰਾ' ਹੈ।



Contd.................page-3

# ਚੋਣ ਪ੍ਰਚਾਰ ਦੌਰਾਨ ਸਾਂਸਦ ਸ਼ਸ਼ੀ ਥਰੂਰ ਦੇ ਕਾਫ਼ਲੇ 'ਤੇ ਹਮਲਾ

ਮਲੱਪੁਰਮ 4 ਅਪ੍ਰੈਲ। ਕੇਰਲ ਵਿਧਾਨ ਸਭਾ ਚੋਣਾਂ ਦੇ ਸਰਗਰਮ ਪ੍ਰਚਾਰ ਦਰਮਿਆਨ ਮਲੱਪੁਰਮ ਜ਼ਿਲ੍ਹੇ ਦੇ ਵੰਡੂਰ ਇਲਾਕੇ ਤੋਂ ਇੱਕ ਬੇਹੱਦ ਮੰਦਭਾਗੀ ਘਟਨਾ ਸਾਹਮਣੇ ਆਈ ਹੈ। ਇੱਥੇ ਸੀਨੀਅਰ ਕਾਂਗਰਸ ਆਗੂ ਅਤੇ ਸਾਂਸਦ ਸ਼ਸ਼ੀ ਥਰੂਰ ਦੇ ਕਾਫ਼ਲੇ ਨੂੰ ਨਾ ਸਿਰਫ਼ ਰੋਕਿਆ ਗਿਆ, ਸਗੋਂ ਉਨ੍ਹਾਂ ਦੇ ਸੁਰੱਖਿਆ ਕਰਮੀ (ਗਨਮੈਨ) ਨਾਲ ਕੁੱਟਮਾਰ ਅਤੇ ਬਦਸਲੂਕੀ ਵੀ ਕੀਤੀ ਗਈ। ਪੁਲਸ ਨੇ ਇਸ ਮਾਮਲੇ ਦੇ ਸਬੰਧ ਵਿਚ ਤੁਰੰਤ ਕਾਰਵਾਈ ਕਰਦਿਆਂ ਦੋ ਵਿਅਕਤੀਆਂ ਨੂੰ ਹਿਰਾਸਤ ਵਿੱਚ ਲਿਆ ਹੈ। ਜਾਣਕਾਰੀ ਅਨੁਸਾਰ, ਸ਼ਸ਼ੀ ਥਰੂਰ ਯੂਡੀਐਫ ("46) ਉਮੀਦਵਾਰ ਏ.ਪੀ. ਅਨਿਲ ਕੁਮਾਰ ਦੇ ਹੱਕ ਵਿੱਚ ਚੋਣ ਪ੍ਰਚਾਰ ਕਰਨ ਲਈ ਦੋ ਵਾਹਨਾਂ ਦੇ ਕਾਫ਼ਲੇ ਵਿੱਚ ਜਾ ਰਹੇ ਸਨ। ਥਰੂਰ ਪਹਿਲੀ ਗੱਡੀ ਵਿੱਚ ਸਵਾਰ ਸਨ। ਰਸਤੇ ਵਿੱਚ ਦੋ ਕਾਰਾਂ ਵਿੱਚ ਸਵਾਰ ਹੋ ਕੇ ਆਏ ਲਗਭਗ 8 ਅਣਪਛਾਤੇ ਹਮਲਾਵਰਾਂ ਨੇ ਉਨ੍ਹਾਂ ਦੀ ਗੱਡੀ ਨੂੰ ਵਿਚਕਾਰ ਸੜਕ 'ਤੇ ਜ਼ਬਰਦਸਤੀ ਰੁਕਵਾ ਲਿਆ। ਚਸ਼ਮਦੀਦਾਂ ਮੁਤਾਬਕ ਹਮਲਾਵਰਾਂ ਨੇ ਗੱਡੀ ਨੂੰ ਘੇਰ ਲਿਆ ਅਤੇ ਕਾਰ ਦੇ ਸ਼ੀਸ਼ਿਆਂ ਨੂੰ ਜ਼ੋਰ-ਜ਼ੋਰ ਨਾਲ ਪਿੱਟਣਾ ਸ਼ੁਰੂ ਕਰ ਦਿੱਤਾ। ਇਸ ਦੌਰਾਨ ਜਦੋਂ ਸਥਿਤੀ ਨੂੰ ਵਿਗੜਦਾ ਦੇਖ ਸ਼ਸ਼ੀ ਥਰੂਰ ਦੇ ਗਨਮੈਨ ਨੇ ਦਖ਼ਲ ਦਿੱਤਾ ਅਤੇ ਰਸਤਾ ਸਾਫ਼ ਕਰਵਾਉਣ ਦੀ ਕੋਸ਼ਿਸ਼ ਕੀਤੀ, ਤਾਂ ਉਪਦਰੀਆਂ ਨੇ ਉਸ 'ਤੇ ਵੀ ਹਮਲਾ ਕਰ ਦਿੱਤਾ। ਇਸ ਦੌਰਾਨ ਹਮਲਾਵਰਾਂ ਨੇ ਗਨਮੈਨ ਨਾਲ ਹੱਥੋਪਾਈ ਅਤੇ ਧੱਕਾ-ਮੁੱਕੀ ਕੀਤੀ, ਜਿਸ ਕਾਰਨ ਮਾਹੌਲ ਕਾਫ਼ੀ ਤਣਾਅਪੂਰਨ ਹੋ ਗਿਆ। ਘਟਨਾ ਦੀ ਸੂਚਨਾ ਮਿਲਦੇ ਹੀ ਸਥਾਨਕ ਪੁਲਸ ਮੌਕੇ 'ਤੇ ਪਹੁੰਚ ਗਈ। ਪੁਲਸ ਨੇ ਇਸ ਸਬੰਧੀ ਮਾਮਲਾ ਦਰਜ ਕਰਕੇ ਦੋ ਮੁਲਜ਼ਮਾਂ ਨੂੰ ਹਿਰਾਸਤ ਵਿੱਚ ਲੈ ਲਿਆ ਹੈ। ਜਾਂਚ ਅਧਿਕਾਰੀ ਇਸ ਗੱਲ ਦੀ ਪੜਤਾਲ ਕਰ ਰਹੇ ਹਨ ਕਿ ਕੀ ਇਹ ਹਮਲਾ ਕਿਸੇ ਸਿਆਸੀ ਸਾਜ਼ਿਸ਼ ਤਹਿਤ ਪੂਰਵ-ਨਿਯੋਜਿਤ ਸੀ ਜਾਂ ਫਿਰ ਇਹ ਸੜਕ 'ਤੇ ਹੋਏ ਕਿਸੇ ਤਕਰਾਰ ਦਾ ਨਤੀਜਾ ਹੈ। ਦੱਸ ਦੇਈਏ ਕਿ ਕੇਰਲ ਦੀਆਂ 140 ਵਿਧਾਨ ਸਭਾ ਸੀਟਾਂ ਲਈ 9 ਅਪ੍ਰੈਲ 2026 ਨੂੰ ਵੋਟਾਂ ਪੈਣੀਆਂ ਹਨ। ਚੋਣਾਂ ਦੇ ਨਤੀਜੇ 4 ਮਈ ਨੂੰ ਐਲਾਨੇ ਜਾਣਗੇ। ਸੂਬੇ ਵਿੱਚ ਇਸ ਵਾਰ ਮੁੱਖ ਮੁਕਾਬਲਾ ਤਿੰਨ ਧਿਰਾਂ ਵਿਚਾਲੇ ਹੈ। ਚੋਣਾਂ ਤੋਂ ਕੁਝ ਦਿਨ ਪਹਿਲਾਂ ਵਾਪਰੀ ਇਸ ਘਟਨਾ ਨੇ ਸੂਬੇ ਦੀ ਸਿਆਸਤ ਵਿੱਚ ਗਰਮਾਹਟ ਪੈਦਾ ਕਰ ਦਿੱਤੀ ਹੈ।

## ਜਲ ਸੈਨਾ ਭਾਰਤੀ ਵਪਾਰਕ ਜਹਾਜ਼ਾਂ ਅਤੇ ਤੇਲ ਟੈਂਕਰਾਂ ਦੀ ਸੁਰੱਖਿਆ ਕਰਦੀ ਹੈ ਯਕੀਨੀ : ਰਾਜਨਾਥ ਸਿੰਘ

**ਕੌਮੀ ਪਤ੍ਰਿਕਾ**
**ਨਵਦੀਪ ਸਿੰਘ ਸਾਹਨੀ**

ਵਿਸ਼ਾਖਾਪਟਨਮ 4 ਅਪ੍ਰੈਲ। ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਕਿ ਊਰਜਾ ਸਪਲਾਈ ਸਮੇਤ ਦੇਸ਼ ਦਾ 95 ਫੀਸਦੀ ਵਪਾਰ ਸਮੁੰਦਰੀ ਮਾਰਗ ਰਾਹੀਂ ਹੁੰਦਾ ਹੈ ਅਤੇ ਅਜਿਹੇ 'ਚ ਉਭਰਦੇ ਸਮੁੰਦਰੀ ਖਤਰਿਆਂ ਵਿਚਾਲੇ ਵਪਾਰਕ ਜਹਾਜ਼ਾਂ ਅਤੇ ਤੇਲ ਟੈਂਕਰਾਂ ਦੀ ਸੁਰੱਖਿਆ 'ਚ ਭਾਰਤੀ ਜਲ ਸੈਨਾ ਦੀ ਭੂਮਿਕਾ ਬੇਹੱਦ ਮਹੱਤਵਪੂਰਨ ਹੈ। ਇੱਥੇ ਆਈਐੱਨਐੱਸ ਤਾਰਾਗਿਰੀ ਦੇ ਕਮਿਸ਼ਨਿੰਗ ਸਮਾਰੋਹ ਨੂੰ ਸੰਬੋਧਨ ਕਰਦੇ ਹੋਏ ਰੱਖਿਆ ਮੰਤਰੀ ਨੇ ਕਿਹਾ ਕਿ ਭਾਰਤੀ ਜਲ ਸੈਨਾ ਹਿੰਦ ਮਹਾਸਾਗਰ 'ਚ ਲਗਾਤਾਰ ਆਪਣੀ ਮੌਜੂਦਗੀ ਬਣਾਏ ਰੱਖਦੀ ਹੈ, ਭਾਵੇਂ ਉਹ ਫਾਰਸ ਦੀ ਖਾੜੀ ਹੋਵੇ ਜਾਂ ਮਲੱਕਾ ਜਲਸੰਧੀ। ਪੱਛਮੀ ਏਸ਼ੀਆ 'ਚ ਮੌਜੂਦਾ ਸਥਿਤੀਆਂ ਕਾਰਨ ਤੇਲ ਸਪਲਾਈ 'ਚ ਰੁਕਾਵਟ ਅਤੇ ਟੈਂਕਰਾਂ ਨੂੰ ਰੋਕੇ ਜਾਣ ਦੀ ਸਥਿਤੀ ਵਿਚਾਲੇ ਉਨ੍ਹਾਂ ਦੀਆਂ ਇਹ ਟਿੱਪਣੀਆਂ ਮਹੱਤਵਪੂਰਨ ਮੰਨੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਕ ਮਜ਼ਬੂਤ ਅਤੇ ਸਮਰੱਥ ਜਲ ਸੈਨਾ ਦੇਸ਼ ਲਈ ਵਿਕਲਪ ਨਹੀਂ ਸਗੋਂ ਜ਼ਰੂਰਤ ਹੈ। ਉਨ੍ਹਾਂ ਕਿਹਾ,"ਸਮੁੰਦਰ 'ਚ ਕਈ ਸੰਵੇਦਨਸ਼ੀਲ ਖੇਤਰ ਹਨ, ਜਿੱਥੇ ਸਾਡੀ ਜਲ ਸੈਨਾ ਲਗਾਤਾਰ ਸਰਗਰਮ ਮੌਜੂਦਗੀ ਬਣਾਏ ਰੱਖਦੀ ਹੈ ਤਾਂ ਕਿ ਵਸਤੂਆਂ ਦੀ ਸਪਲਾਈ ਸੁਚਾਰੂ ਬਣੀ ਰਹੇ। ਜਦੋਂ ਵੀ ਉੱਥੇ ਤਣਾਅ ਦੀ ਸਥਿਤੀ ਪੈਦਾ ਹੁੰਦੀ ਹੈ, ਭਾਰਤੀ ਜਲ ਸੈਨਾ ਸਾਡੇ ਵਪਾਰਕ ਜਹਾਜ਼ਾਂ ਅਤੇ ਤੇਲ ਟੈਂਕਰਾਂ ਦੀ ਸੁਰੱਖਿਆ ਯਕੀਨੀ ਕਰਦੀ ਹੈ।" ਸਿੰਘ ਨੇ ਕਿਹਾ ਕਿ ਭਾਰਤੀ ਜਲ ਸੈਨਾ ਨੇ ਇਹ ਸਾਬਿਤ ਕੀਤਾ ਹੈ ਕਿ ਉਹ ਨਾ ਸਿਰਫ਼ ਦੇਸ਼ ਦੇ ਹਿੱਤਾਂ ਦੀ ਰੱਖਿਆ 'ਚ ਸਮਰੱਥ ਹੈ ਸਗੋਂ ਲੋੜ ਪੈਣ 'ਤੇ ਦੁਨੀਆ ਭਰ 'ਚ ਆਪਣੇ ਨਾਗਰਿਕਾਂ ਅਤੇ ਵਪਾਰਕ ਮਾਰਗਾਂ ਦੀ ਸੁਰੱਖਿਆ ਯਕੀਨੀ ਕਰਨ ਲਈ ਹਰ ਕਦਮ ਚੁੱਕ ਸਕਦੀ ਹੈ। ਇਤਿਹਾਸ ਦਾ ਹਵਾਲਾ ਦਿੰਦੇ ਹੋਏ ਰੱਖਿਆ ਮੰਤਰੀ ਨੇ ਕਿਹਾ ਕਿ ਜਲ ਸੈਨਿਕ ਸ਼ਕਤੀ ਨੂੰ ਮਜ਼ਬੂਤ ਕੀਤੇ ਬਿਨਾਂ ਕੋਈ ਵੀ ਦੇਸ਼ ਸਹੀ ਮਾਇਨਿਆਂ 'ਚ ਸ਼ਕਤੀਸ਼ਾਲੀ ਨਹੀਂ ਬਣ ਸਕਦਾ, ਇਸ ਲਈ ਜਦੋਂ ਨਰਿੰਦਰ ਮੋਦੀ 2047 ਤੱਕ 'ਵਿਕਸਿਤ ਭਾਰਤ' ਦੀ ਗੱਲ ਕਰਦੇ ਹਨ ਤਾਂ ਉਸ 'ਚ ਸਮੁੰਦਰੀ ਸ਼ਕਤੀ ਦਾ ਭੂਮਿਕਾ ਬੇਹੱਦ ਮਹੱਤਵਪੂਰਨ ਹੋ ਜਾਂਦੀ ਹੈ।



## ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਬਠਿੰਡਾ ਦੇ ਐਡਵਾਂਸਡ ਕੈਂਸਰ ਇੰਸਟੀਚਿਊਟ ਦਾ ਅਚਨਚੇਤ ਦੌਰਾ

**ਕੌਮੀ ਪਤ੍ਰਿਕਾ**

ਬਠਿੰਡਾ, 4 ਅਪ੍ਰੈਲ: ਪੰਜਾਬ ਵਿੱਚ ਕੈਂਸਰ ਦੇਖਭਾਲ ਨੂੰ ਅਪਗ੍ਰੇਡ ਕਰਨ ਲਈ ਫੈਸਲਾਕੁੰਨ ਯਤਨ ਤਹਿਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ (ਬੀ.ਐਫ.ਯੂ.ਐਚ.ਐਸ.) ਵਿਖੇ ਐਡਵਾਂਸਡ ਕੈਂਸਰ ਇੰਸਟੀਚਿਊਟ ਦਾ ਅਚਾਨਕ ਨਿਰੀਖਣ ਕੀਤਾ ਅਤੇ ਉਨ੍ਹਾਂ ਬੁਨਿਆਦੀ ਢਾਂਚੇ, ਤਕਨਾਲੋਜੀ ਤੇ ਮਨੁੱਖੀ ਸ਼ਕਤੀ ਦੇ ਵਿਆਪਕ ਸੁਧਾਰ ਦੇ ਆਦੇਸ਼ ਦਿੱਤੇ। ਉਨ੍ਹਾਂ ਨਾਲ ਹੀ ਇਹ ਵੀ ਕਿਹਾ ਕਿ ਇਲਾਜ ਦੇ ਮਿਆਰਾਂ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ। ਤਬਦੀਲੀ ਲਈ ਸਪੱਸ਼ਟ ਦਿਸ਼ਾ ਨਿਰਧਾਰਤ ਕਰਦੇ ਹੋਏ ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਸੰਸਥਾ ਨੂੰ ਵਿਸ਼ਵ ਪੱਧਰੀ ਸਿਹਤ ਸੰਭਾਲ ਕੇਂਦਰ ਵਜੋਂ ਵਿਕਸਤ ਕੀਤਾ ਜਾਵੇਗਾ, ਜਿਸ ਵਿੱਚ ਰੋਬੋਟਿਕ ਸਰਜਰੀ ਸਮੇਤ ਉੱਨਤ ਸਹੂਲਤਾਂ ਦੀ ਸ਼ੁਰੂਆਤ ਕੀਤੀ ਜਾਵੇਗੀ ਅਤੇ ਸਟਾਫ ਦੀ ਭਰਤੀ ਨੂੰ ਮਜ਼ਬੂਤ ??ਕਰਨ ਲਈ ਤੁਰੰਤ ਕਦਮ ਚੁੱਕੇ ਜਾਣਗੇ, ਜਿਸ ਦਾ ਮੰਤਵ ਮਾਲਵਾ ਖੇਤਰ ਵਿੱਚ ਮਰੀਜ਼ਾਂ ਦੀ ਦੇਖਭਾਲ ਨੂੰ ਮਹੱਤਵਪੂਰਨ ਢੰਗ ਨਾਲ ਵਧਾਉਣਾ ਹੈ। ਹਸਪਤਾਲ ਦੇ ਅਚਾਨਕ ਦੌਰੇ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੰਸਥਾ ਦੇ ਕੰਮਕਾਜ ਦਾ ਜਾਇਜ਼ਾ ਲਿਆ ਅਤੇ ਜ਼ਮੀਨੀ ਹਕੀਕਤਾਂ ਦਾ ਮੁਲਾਂਕਣ ਕਰਨ ਅਤੇ ਤੁਰੰਤ ਧਿਆਨ ਦੇਣ ਦੀ ਲੋੜ ਵਾਲੇ ਖੇਤਰਾਂ ਦੀ ਪਛਾਣ ਕਰਨ ਲਈ ਮੁੱਖ ਭਾਈਵਾਲਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਜ਼ੋਰ ਦੇ ਕੇ ਕਿਹਾ, ਇਸ ਦੌਰੇ ਦਾ ਉਦੇਸ਼ ਸੰਸਥਾ ਨੂੰ ਸਮਰਥਨ ਦੇਣਾ ਅਤੇ ਮਜ਼ਬੂਤ ??ਕਰਨਾ ਹੈ, ਨਾ ਕਿ ਕਮੀਆਂ ਲੱਭਣਾ। ਦੌਰੇ ਦਾ ਵਿਆਪਕ ਉਦੇਸ਼ ਇਸ ਨੂੰ ਪੂਰੇ ਸੂਬੇ ਲਈ ਪ੍ਰਮੁੱਖ ਸਿਹਤ ਸੰਭਾਲ ਕੇਂਦਰ ਵਿੱਚ ਬਦਲਣਾ ਹੈ। ਮੁੱਖ ਮੰਤਰੀ ਨੇ ਪੁਸ਼ਟੀ ਕੀਤੀ, ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ (ਬੀ.ਐਫ.ਯੂ.ਐਚ.ਐਸ.) ਵਿਖੇ ਐਡਵਾਂਸਡ ਕੈਂਸਰ ਇੰਸਟੀਚਿਊਟ ਵਿਸ਼ਵ ਪੱਧਰੀ ਸਹੂਲਤਾਂ ਨਾਲ ਲੈਸ ਹੋਵੇਗਾ। ਇਹ ਹਸਪਤਾਲ ਪਹਿਲਾਂ ਹੀ ਮਾਲਵਾ ਖੇਤਰ ਦੇ ਮਰੀਜ਼ਾਂ ਨੂੰ ਮਿਆਰੀ ਸਿਹਤ ਸੰਭਾਲ ਸੇਵਾਵਾਂ ਮੁਹੱਈਆ ਕਰ ਰਿਹਾ ਹੈ ਅਤੇ ਸਾਡੀ ਕੋਸ਼ਿਸ਼ ਹੈ ਕਿ ਇਸ ਨੂੰ ਪੰਜਾਬ ਭਰ ਵਿੱਚ ਮੋਹਰੀ ਸਿਹਤ ਸੰਭਾਲ ਕੇਂਦਰ ਵਜੋਂ ਹੋਰ ਮਜ਼ਬੂਤ ??ਕੀਤਾ ਜਾਵੇ। ਲਗਾਤਾਰ ਅਪਗ੍ਰੇਡੇਸ਼ਨ ਦੀ ਲੋੜ 'ਤੇ ਜ਼ੋਰ ਦਿੰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਸ ਦੌਰੇ ਦਾ ਉਦੇਸ਼ ਨੁਕਸ ਲੱਭਣਾ ਨਹੀਂ ਹੈ, ਸਗੋਂ ਇਸ ਸੰਸਥਾ ਨੂੰ ਸੂਬੇ ਭਰ ਵਿੱਚ ਪ੍ਰਮੁੱਖ ਸਿਹਤ ਸੰਭਾਲ ਕੇਂਦਰ ਵਜੋਂ ਵਿਕਸਤ ਕਰਨਾ ਹੈ। ਦੌਰੇ ਦੌਰਾਨ ਮੈਂ ਇਸ ਅਹਿਮ ਸੰਸਥਾ ਦੀਆਂ ਜ਼ਮੀਨੀ ਹਕੀਕਤਾਂ ਅਤੇ ਜ਼ਰੂਰਤਾਂ ਤੋਂ ਜਾਣੂ ਕਰਵਾਉਣ ਲਈ ਸਾਰੇ ਮੁੱਖ ਭਾਈਵਾਲਾਂ ਨਾਲ ਗੱਲਬਾਤ ਕੀਤੀ। ਮਰੀਜ਼ਾਂ ਦੇ ਇਲਾਜ ਨੂੰ ਬਿਹਤਰ ਬਣਾਉਣ 'ਤੇ ਧਿਆਨ ਕੇਂਦਰਿਤ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਕਿ ਸੰਸਥਾ ਵਿੱਚ ਕਈ ਲੋੜੀਂਦੀਆਂ ਸਹੂਲਤਾਂ ਸ਼ੁਰੂ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ, ਕਈ ਸਹੂਲਤਾਂ ਸ਼ੁਰੂ ਕਰਕੇ ਮਰੀਜ਼ਾਂ ਦੀ ਤੰਦਰੁਸਤੀ ਯਕੀਨੀ ਬਣਾਉਣ ਲਈ ਠੋਸ ਯਤਨ ਕੀਤੇ ਜਾਣਗੇ। ਇਸ ਹਸਪਤਾਲ ਵਿੱਚ ਰੋਬੋਟਿਕ ਸਰਜਰੀ ਵੀ ਸ਼ੁਰੂ ਕੀਤੀ ਜਾਵੇਗੀ ਤਾਂ ਜੋ ਮਰੀਜ਼ਾਂ ਨੂੰ ਵੱਡੇ ਪੱਧਰ 'ਤੇ ਲਾਭ ਪਹੁੰਚ ਸਕੇ। ਇਲਾਜ ਦੇ ਤਰੀਕਿਆਂ ਨੂੰ ਆਧੁਨਿਕ ਬਣਾਉਣ ਦੀ ਜ਼ਰੂਰਤ 'ਤੇ ਜ਼ੋਰ ਦਿੰਦੇ ਹੋਏ ਉਨ੍ਹਾਂ ਅੱਗੇ ਕਿਹਾ, ਇਸ ਹਸਪਤਾਲ ਵਿੱਚ ਰੋਬੋਟਿਕ ਸਰਜਰੀ ਸ਼ੁਰੂ ਕਰਨ ਲਈ ਜਲਦੀ ਤੋਂ ਜਲਦੀ ਜ਼ਰੂਰੀ ਕਦਮ ਚੁੱਕੇ ਜਾਣਗੇ ਅਤੇ ਇਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਸਟਾਫ ਦੀਆਂ ਚਿੰਤਾਵਾਂ ਬਾਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹਸਪਤਾਲ ਇਸ ਸਮੇਂ ਸਟਾਫ ਦੀ ਘਾਟ ਦਾ ਸਾਹਮਣਾ ਕਰ ਰਿਹਾ ਹੈ। ਉਨ੍ਹਾਂ ਤੁਰੰਤ ਕਾਰਵਾਈ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ, ਮੈਨੂੰ ਪਤਾ ਲੱਗਾ ਹੈ ਕਿ ਹਸਪਤਾਲ ਵਿੱਚ ਸਟਾਫ ਦੀ ਘਾਟ ਹੈ, ਇਸ ਲਈ ਵੱਡੇ ਜਨਤਕ ਹਿੱਤ ਵਿੱਚ ਹੋਰ ਸਟਾਫ ਦੀ ਭਰਤੀ ਲਈ ਜ਼ਰੂਰੀ ਕਦਮ ਚੁੱਕੇ ਜਾਣਗੇ। ਪੰਜਾਬ ਸਰਕਾਰ ਦੀ ਪਹੁੰਚਯੋਗ ਸਿਹਤ ਸੰਭਾਲ ਪ੍ਰਤੀ ਵਚਨਬੱਧਤਾ ਦੀ ਪੁਸ਼ਟੀ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਆਯੂਸ਼ਮਾਨ ਕਾਰਡ ਧਾਰਕ ਅਤੇ ਮੁੱਖ ਮੰਤਰੀ ਸਿਹਤ ਯੋਜਨਾ ਦੇ ਲਾਭਪਾਤਰੀ ਇਸ ਸਰਵੋਤਮ ਕੈਂਸਰ ਕੇਅਰ ਹਸਪਤਾਲ ਵਿੱਚ ਇਲਾਜ ਦੇ ਹੱਕਦਾਰ ਹਨ। ਪੰਜਾਬ ਸਰਕਾਰ ਸੂਬੇ ਦੇ ਸਾਰੇ ਲੋਕਾਂ ਨੂੰ ਮਿਆਰੀ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ।

## ਹੋਰਮੁਜ਼ ਸੰਕਟ: ਭਾਰਤ ਨੇ ਜਹਾਜ਼ਾਂ ਤੋਂ 'ਟੋਲ' ਵਸੂਲਣ ਦੀਆਂ ਖਬਰਾਂ ਨੂੰ ਨਕਾਰਿਆ; ਸੁਰੱਖਿਅਤ ਕੱਢੇ 1200 ਤੋਂ ਵੱਧ ਭਾਰਤੀ

ਨਵੀਂ ਦਿੱਲੀ 4 ਅਪ੍ਰੈਲ। ਮੱਧ ਪੂਰਬ ਵਿੱਚ ਇਜ਼ਰਾਈਲ, ਈਰਾਨ ਅਤੇ ਅਮਰੀਕਾ ਵਿਚਾਲੇ ਜਾਰੀ ਜੰਗ ਦੇ 33ਵੇਂ ਦਿਨ ਸਟਰੇਟ ਆਫ ਹੋਰਮੁਜ਼ ਨੂੰ ਲੈ ਕੇ ਵੱਡਾ ਸਵਾਲ ਖੜ੍ਹਾ ਹੋ ਗਿਆ ਹੈ। ਕੀ ਇੱਥੋਂ ਗੁਜ਼ਰਨ ਵਾਲੇ ਜਹਾਜ਼ਾਂ ਤੋਂ ਟੋਲ ਵਸੂਲਿਆ ਜਾ ਰਿਹਾ ਹੈ? ਇਸ 'ਤੇ ਭਾਰਤ ਸਰਕਾਰ ਨੇ ਸਪੱਸ਼ਟ ਕੀਤਾ ਹੈ ਕਿ ਈਰਾਨ ਨਾਲ ਅਜਿਹੀ ਕੋਈ ਚਰਚਾ ਨਹੀਂ ਹੋਈ ਹੈ। ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਦੱਸਿਆ ਕਿ ਭਾਰਤੀ ਝੰਡੇ ਵਾਲੇ ਜਾਂ ਭਾਰਤੀ ਕੰਪਨੀਆਂ ਦੁਆਰਾ ਚਲਾਏ ਜਾ ਰਹੇ ਜਹਾਜ਼ਾਂ ਤੋਂ ਕਿਸੇ ਵੀ ਤਰ੍ਹਾਂ ਦੇ ਟੋਲ ਟੈਕਸ ਬਾਰੇ ਈਰਾਨ ਨਾਲ ਕੋਈ ਗੱਲਬਾਤ ਨਹੀਂ ਹੋਈ। ਹਾਲਾਂਕਿ, ਰਿਪੋਰਟਾਂ ਅਨੁਸਾਰ ਈਰਾਨ ਨੇ ਇੱਕ 'ਟੋਲ ਬੂਥ' ਸਕ੍ਰੀਨਿੰਗ



ਸਿਸਟਮ ਲਾਗੂ ਕੀਤਾ ਹੈ, ਜਿਸ ਕਾਰਨ ਜਹਾਜ਼ਾਂ ਨੂੰ ਹੁਣ ਡੂੰਘੇ ਸਮੁੰਦਰੀ ਰਸਤੇ ਦੀ ਬਜਾਏ ਉੱਤਰ ਵੱਲ ਲਾਰਾਕ ਟਾਪੂ ਦੇ ਕੋਲੋਂ ਗੁਜ਼ਰਨਾ ਪੈ ਰਿਹਾ ਹੈ। ਇੱਥੋਂ ਗੁਜ਼ਰਨ ਲਈ ਜਹਾਜ਼ਾਂ ਨੂੰ ਈਰਾਨ ਦੇ 'ਇਸਲਾਮਿਕ ਰੈਵੋਲਿਊਸ਼ਨਰੀ ਗਾਰਡ ਕੋਰਪਸ' ਦੁਆਰਾ ਮਨਜ਼ੂਰਸ਼ੁਦਾ ਵਿਚੋਲਿਆਂ ਨੂੰ ਜਹਾਜ਼, ਕਾਰਗੋ ਅਤੇ ਕਰੂ ਦੀ ਪੂਰੀ ਜਾਣਕਾਰੀ ਦੇਣੀ ਪੈਂਦੀ ਹੈ। ਇਸ ਸੰਕਟ ਕਾਰਨ ਹੋਰਮੂਜ਼ ਦੇ ਰਸਤੇ ਹੋਣ ਵਾਲੀ ਜਹਾਜ਼ਾਂ ਦੀ ਆਵਾਜਾਈ ਬੁਰੀ ਤਰ੍ਹਾਂ ਪ੍ਰਭਾਵਿਤ ਹੋਈ ਹੈ ਅਤੇ ਵਪਾਰਕ ਟ?ਰੈਫਿਕ ਵਿੱਚ 94% ਦੀ ਵੱਡੀ ਗਿਰਾਵਟ ਦਰਜ ਕੀਤੀ ਗਈ ਹੈ। ਆਮ ਹਾਲਤਾਂ ਵਿੱਚ ਦੁਨੀਆ ਦੀ 20% ਕੱਚੇ ਤੇਲ ਅਤੇ LNG ਦੀ ਸਪਲਾਈ ਇਸੇ ਰਸਤੇ ਰਾਹੀਂ ਹੁੰਦੀ ਹੈ, ਜੋ ਹੁਣ ਲਗਭਗ ਠੱਪ ਹੋ ਗਈ ਹੈ। ਇਹ ਤਣਾਅ 28 ਫਰਵਰੀ ਨੂੰ ਅਮਰੀਕਾ ਅਤੇ ਇਜ਼ਰਾਈਲ ਦੁਆਰਾ ਈਰਾਨ 'ਤੇ ਕੀਤੇ ਗਏ ਹਵਾਈ ਹਮਲਿਆਂ ਤੋਂ ਬਾਅਦ ਸ਼ੁਰੂ ਹੋਇਆ ਸੀ। ਭਾਰਤ ਸਰਕਾਰ ਨੇ ਹੁਣ ਤੱਕ 1200 ਤੋਂ ਵੱਧ ਭਾਰਤੀ ਨਾਗਰਿਕਾਂ ਨੂੰ ਸੁਰੱਖਿਅਤ ਬਾਹਰ ਕੱਢ ਲਿਆ ਹੈ, ਜਿਨ੍ਹਾਂ ਵਿੱਚ 845 ਵਿਦਿਆਰਥੀ ਸ਼ਾਮਲ ਹਨ। ਇਹ ਨਿਕਾਸੀ ਆਪ੍ਰੇਸ਼ਨ ਅਰਮੀਨੀਆ ਅਤੇ ਅਜ਼ਰਬਾਈਜਾਨ ਦੇ ਰਸਤੇ ਚਲਾਇਆ ਗਿਆ। ਇਸ ਦੌਰਾਨ ਭਾਰਤ ਵਿੱਚ ਈਰਾਨੀ ਦੂਤਾਵਾਸ ਨੇ ਭਰੋਸਾ ਦਿੱਤਾ ਹੈ ਕਿ ਸਾਡੇ ਭਾਰਤੀ ਦੋਸਤ ਸੁਰੱਖਿਅਤ ਹਨ ਅਤੇ ਚਿੰਤਾ ਦੀ ਕੋਈ ਲੋੜ ਨਹੀਂ ਹੈ। ਫਿਰ ਵੀ, ਹੋਰਮੂਜ਼ ਜਲਡਮਰੂ ਮੱਧ ਵਿੱਚ ਬਣਿਆ ਤਣਾਅ ਵਿਸ਼ਵ ਊਰਜਾ ਸਪਲਾਈ ਲਈ ਵੱਡੀ ਚਿੰਤਾ ਦਾ ਵਿਸ਼ਾ ਬਣਿਆ ਹੋਇਆ ਹੈ।

## ਘੁਸਪੈਠ ਕਾਰਨ ਪੱਛਮੀ ਬੰਗਾਲ ਦੀ ਹੋਂਦ ਖ਼ਤਰੇ 'ਚ : ਅਮਿਤ ਸ਼ਾਹ

ਕੋਲਕਾਤਾ 4 ਅਪ੍ਰੈਲ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਦੋਸ਼ ਲਾਇਆ ਕਿ ਪੱਛਮੀ ਬੰਗਾਲ 'ਚ ਘੁਸਪੈਠ ਇੰਨੀ ਵਧ ਗਈ ਹੈ ਕਿ ਸੂਬੇ ਦੀ ਹੋਂਦ ਹੀ ਖ਼ਤਰੇ 'ਚ ਪੈ ਗਈ ਹੈ। ਸ਼ਾਹ ਨੇ ਇੱਥੇ ਇਕ ਚੋਣ ਰੈਲੀ ਨੂੰ ਸੰਬੋਧਨ ਕਰਦੇ ਹੋਏ ਮੁੱਖ ਮੰਤਰੀ ਮਮਤਾ ਬੈਨਰਜੀ ਦੀ ਅਗਵਾਈ ਵਾਲੀ ਸਰਕਾਰ 'ਤੇ ਇਹ ਵੀ ਦੋਸ਼ ਲਾਇਆ ਕਿ ਉਸ ਨੇ ਸੂਬੇ ਨੂੰ ਅਰਾਜਕਤਾ ਦੀ ਸਥਿਤੀ 'ਚ ਪਹੁੰਚਾ ਦਿੱਤਾ ਹੈ, ਜਿੱਥੇ ਗੋਲੀਬਾਰੀ ਅਤੇ ਬੰਬ ਧਮਾਕਿਆਂ ਦੀਆਂ ਘਟਨਾਵਾਂ ਲੱਗਭਗ ਰੋਜ਼ਾਨਾ ਹੁੰਦੀਆਂ ਹਨ। ਅਮਿਤ ਸ਼ਾਹ ਨੇ ਕਿਹਾ, "ਬੰਗਾਲ 'ਚ ਹਰ ਜਗ?ਹਾ ਤੂਫ਼ਾਨ ਚੱਲ ਰਿਹਾ ਹੈ। ਇਹ ਤੂਫ਼ਾਨ ਤਬਦੀਲੀ ਲਿਆਉਣ ਅਤੇ ਮਮਤਾ ਬੈਨਰਜੀ ਨੂੰ ਅਲਵਿਦਾ ਕਹਿਣ ਲਈ ਹੈ। ਉਨ੍ਹਾਂ ਨੇ ਕਿਹਾ, "ਹਰ ਪਾਸੇ ਭ੍ਰਿਸ਼ਟਾਚਾਰ ਹੈ। ਹਰ ਪਾਸੇ ਸਿੰਡੀਕੇਟ ਰਾਜ ਹੈ। ਹੁਣ ਸਮਾਂ ਆ ਗਿਆ ਹੈ ਕਿ ਕਵੀ ਗੁਰੂ ਰਬਿੰਦਰਨਾਥ ਟੈਗੋਰ, ਬੰਕਿਮ ਚੰਦਰ ਚੱਟੋਪਾਧਿਆਏ ਅਤੇ ਹੋਰਨਾਂ ਲੋਕਾਂ ਦੇ ਸੁਪਨਿਆਂ ਦੇ 'ਸੋਨਾਰ ਬਾਂਗਲਾ' ਦੀ ਸਥਾਪਨਾ ਕੀਤੀ ਜਾਵੇ।"ਉਨ੍ਹਾਂ ਨੇ ਲੋਕਾਂ ਨੂੰ ਭਾਜਪਾ ਦੇ ਉਮੀਦਵਾਰਾਂ ਦੇ ਪੱਖ 'ਚ ਵੋਟਾਂ ਪਾਉਣ ਦੀ ਅਪੀਲ ਕੀਤੀ। ਉਨ੍ਹਾਂ ਨੇ ਕਿਹਾ, "ਪੱਛਮੀ ਬੰਗਾਲ ਨੂੰ ਬਦਲਾਅ ਦੀ ਲੋੜ ਹੈ। (ਪ੍ਰਧਾਨ ਮੰਤਰੀ ਨਰਿੰਦਰ) ਮੋਦੀ ਦੀ ਅਗਵਾਈ 'ਚ ਇੱਥੇ ਭਾਜਪਾ ਦੀ ਸਰਕਾਰ ਬਣਨੀ ਚਾਹੀਦੀ ਹੈ। ਬੰਗਾਲ ਦੀਆਂ ਹੱਦਾਂ ਸੀਲ ਕੀਤੀਆਂ ਜਾਣੀਆਂ ਚਾਹੀਦੀਆਂ ਹਨ ਅਤੇ ਘੁਸਪੈਠੀਆਂ ਨੂੰ ਚੁਣ-ਚੁਣ ਕੇ ਸੂਬੇ ਅਤੇ ਦੇਸ਼ ਤੋਂ ਬਾਹਰ ਕੀਤਾ ਜਾਣਾ ਚਾਹੀਦਾ ਹੈ।"ਸ਼ਾਹ ਨੇ ਭਵਾਨੀਪੁਰ ਤੋਂ ਭਾਜਪਾ ਉਮੀਦਵਾਰ ਸ਼ੁਭੇਂਦੂ ਅਧਿਕਾਰੀ ਦੇ ਨਾਮਜ਼ਦਗੀ ਪੱਤਰ ਦਾਖਲ ਕਰਦੇ ਸਮੇਂ ਉਨ੍ਹਾਂ ਦੇ ਨਾਲ ਮੌਜੂਦ ਰਹਿਣ ਤੋਂ ਪਹਿਲਾਂ ਇਸ ਰੈਲੀ ਨੂੰ ਸੰਬੋਧਨ ਕੀਤਾ। ਸ਼ਾਹ ਨੇ ਇਹ ਵੀ ਐਲਾਨ ਕੀਤਾ ਕਿ ਉਹ ਚੋਣ ਪ੍ਰਚਾਰ ਦੌਰਾਨ 15 ਦਿਨ ਪੱਛਮੀ ਬੰਗਾਲ 'ਚ ਰਹਿਣਗੇ, ਜਿਸ ਤੋਂ ਇਹ ਸੰਕੇਤ ਮਿਲਦਾ ਹੈ ਕਿ ਭਾਜਪਾ ਦੀ ਕੇਂਦਰੀ ਲੀਡਰਸ਼ਿਪ ਸੂਬੇ ਨੂੰ ਕਿੰਨੀ ਅਹਿਮੀਅਤ ਦੇ ਰਹੀ ਹੈ। ਉਨ੍ਹਾਂ ਨੇ ਭਾਜਪਾ ਦੇ ਆਗੂ ਸ਼ੁਭੇਂਦੂ ਅਧਿਕਾਰੀ ਦੇ ਭਵਾਨੀਪੁਰ ਤੋਂ ਨਾਮਜ਼ਦਗੀ ਦਾਖ਼ਲ ਕਰਨ ਦੀ ਪ੍ਰਕਿਰਿਆ ਨੂੰ ਵੀਰਵਾਰ ਨੂੰ ਇਕ 'ਹਾਈ-ਵੋਲਟੇਜ' ਸਿਆਸੀ ਸ਼ਕਤੀ ਪ੍ਰਦਰਸ਼ਨ 'ਚ ਬਦਲ ਦਿੱਤਾ ਅਤੇ ਦਾਅਵਾ ਕੀਤਾ ਕਿ ਪੱਛਮੀ ਬੰਗਾਲ 'ਚ ਬਦਲਾਅ ਦਾ 'ਸ਼ਾਰਟਕੱਟ' ਮੁੱਖ ਮੰਤਰੀ ਮਮਤਾ ਬੈਨਰਜੀ ਨੂੰ ਉਨ੍ਹਾਂ ਦੀ ਆਪਣੀ ਸੀਟ 'ਤੇ ਹਰਾਉਣਾ ਹੈ।

# ਇਹ ਚੋਣਾਂ ਸਰਕਾਰ ਬਣਾਉਣ ਵਾਲੀਆਂ ਨਹੀਂ, ਪੰਜਾਬ ਬਚਾਉਣ ਵਾਲੀਆਂ: ਸੁਖਬੀਰ ਸਿੰਘ ਬਾਦਲ

**ਕੌਮੀ ਪਤ੍ਰਿਕਾ**
**ਤੇਜਿੰਦਰ ਕੌਰ ਬੱਬਰ**

ਗੁਰਦਾਸਪੁਰ 4 ਅਪ੍ਰੈਲ। ਸ਼?ਰੋਮਣੀ ਅਕਾਲੀ ਦਲ ਵੱਲੋਂ ਗੁਰਦਾਸਪੁਰ ਦੇ ਹਲਕਾ ਸ੍ਰੀ ਹਰਗੋਬਿੰਦਪੁਰ ਵਿਖੇ ਪੰਜਾਬ ਬਚਾਓ ਰੈਲੀ ਕਰਵਾਈ ਗਈ। ਇਸ ਦੌਰਾਨ ਸੰਬੋਧਨ ਕਰਦਿਆਂ ਸ਼?ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪੰਜਾਬ ਦੇ ਲੋਕਾਂ ਨੂੰ ਸੂਬੇ ਦੇ ਭਵਿੱਖ ਨੂੰ ਬਚਾਉਣ ਲਈ ਅਕਾਲੀ ਦਲ ਦਾ ਸਾਥ ਦੇਣ ਦਾ ਸੱਦਾ ਦਿੱਤਾ। ਸੁਖਬੀਰ ਬਾਦਲ ਨੇ ਕਿਹਾ ਕਿ ਪੰਜਾਬ ਸਾਡਾ ਆਪਣਾ ਘਰ ਹੈ ਅਤੇ ਇਸ ਦੀ ਤਰੱਕੀ ਨਾਲ ਹੀ ਸਾਡੀਆਂ ਅਗਲੀਆਂ ਪੀੜ੍ਹੀਆਂ ਦਾ ਭਵਿੱਖ ਜੁੜਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਚੋਣਾਂ ਸਰਕਾਰ ਬਣਾਉਣ ਵਾਲੀਆਂ ਨਹੀਂ, ਪੰਜਾਬ ਬਚਾਉਣ ਵਾਲੀਆਂ ਹਨ। ਉਨ੍ਹਾਂ ਨੇ ਸਾਰਿਆਂ ਨੂੰ ਪੰਜਾਬ ਬਚਾਉਣ ਲਈ ਸ਼?ਰੋਮਣੀ ਅਕਾਲੀ ਦਲ ਦੇ ਝੰਡੇ ਹੇਠ ਇਕੱਠੇ ਹੋਣ ਦੀ ਅਪੀਲ ਵੀ ਕੀਤੀ। ਸੁਖਬੀਰ ਬਾਦਲ ਨੇ ਦਿੱਲੀ ਤੋਂ ਚੱਲਣ ਵਾਲੀਆਂ ਪਾਰਟੀਆਂ 'ਤੇ ਤਿੱਖੇ ਹਮਲੇ ਕੀਤੇ। ਉਨ੍ਹਾਂ ਕਿਹਾ ਕਿ ਕਾਂਗਰਸ ਨੇ 25 ਸਾਲ ਰਾਜ ਕੀਤਾ ਪਰ ਪੰਜਾਬ ਨੂੰ ਕੋਈ ਵੱਡੀ ਸੌਗਾਤ ਨਹੀਂ ਦਿੱਤੀ, ਸਗੋਂ ਸੂਬੇ ਦਾ ਪਾਣੀ ਕਾਨੂੰਨ ਦੇ ਖ਼?ਲਾਫ਼ ਜਾ ਕੇ ਰਾਜਸਥਾਨ ਨੂੰ ਦੇ ਦਿੱਤਾ। 'ਆਪ' ਸਰਕਾਰ 'ਤੇ ਵਰ੍ਹਦਿਆਂ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਸਿਰਫ ਝੂਠੇ ਵਾਅਦੇ ਕਰ ਰਹੇ ਹਨ। ਉਨ੍ਹਾਂ ਦੋਸ਼ ਲਾਇਆ ਕਿ 'ਆਪ' ਸਰਕਾਰ ਨੇ ਕਾਨੂੰਨ ਬਦਲ ਕੇ ਪੰਜਾਬ ਦੀਆਂ ਸਰਕਾਰੀ ਨੌਕਰੀਆਂ ਦੂਜੇ ਰਾਜਾਂ ਦੇ ਲੋਕਾਂ ਲਈ ਖੋਲ੍ਹ ਦਿੱਤੀਆਂ ਹਨ, ਜਿਸ ਨਾਲ ਪੰਜਾਬ ਦੇ ਨੌਜਵਾਨਾਂ ਦਾ ਨੁਕਸਾਨ ਹੋ ਰਿਹਾ ਹੈ। ਉਨ੍ਹਾਂ ਚਿੰਤਾ ਪ੍ਰਗਟਾਈ ਕਿ ਦਿੱਲੀ ਦੀਆਂ ਪਾਰਟੀਆਂ ਨੇ ਸਿੱਖਾਂ ਦੇ ਪਵਿੱਤਰ ਅਸਥਾਨਾਂ ਜਿਵੇਂ ਤਖਤ ਸ੍ਰੀ ਹਜ਼ੂਰ ਸਾਹਿਬ, ਪਟਨਾ ਸਾਹਿਬ ਅਤੇ ਦਿੱਲੀ ਗੁਰਦੁਆਰਾ ਕਮੇਟੀ 'ਤੇ ਸਰਕਾਰੀ ਕਬਜ਼ੇ ਕਰਵਾ ਦਿੱਤੇ ਹਨ। ਉਨ੍ਹਾਂ ਕਿਹਾ ਕਿ ਅਕਾਲੀ ਦਲ ਪੰਥ ਦੀ ਫ਼ੌਜ ਹੈ ਅਤੇ ਇਸ ਨੂੰ ਮਜ਼ਬੂਤ ਕਰਨਾ ਪੰਜਾਬ ਦੀ ਹੋਂਦ ਲਈ ਜ਼ਰੂਰੀ ਹੈ। ਅਕਾਲੀ ਦਲ ਪ੍ਰਧਾਨ ਨੇ ਐਲਾਨ ਕੀਤਾ ਕਿ ਉਨ੍ਹਾਂ ਦੀ ਸਰਕਾਰ ਬਣਨ 'ਤੇ ਪੰਜਾਬ ਵਿਚ ਲੱਗਣ ਵਾਲੀਆਂ ਫੈਕਟਰੀਆਂ ਵਿਚ 75% ਨੌਕਰੀਆਂ ਪੰਜਾਬ ਦੇ ਬੱਚਿਆਂ ਲਈ ਰਾਖਵੀਆਂ ਕੀਤੀਆਂ ਜਾਣਗੀਆਂ। ਇਸ ਦੇ ਨਾਲ ਹੀ ਟਾਟਾ ਅਤੇ ਮਹਿੰਦਰਾ ਵਰਗੀਆਂ ਕੰਪਨੀਆਂ ਦੇ ਸਹਿਯੋਗ ਨਾਲ ਇਕ ਵਰਲਡ ਸਕਿੱਲ ਯੂਨੀਵਰਸਿਟੀ ਬਣਾਈ ਜਾਵੇਗੀ, ਜਿੱਥੇ ਹਰ ਸਾਲ ਇਕ ਲੱਖ ਨੌਜਵਾਨਾਂ ਨੂੰ ਸਿਖਲਾਈ ਦਿੱਤੀ ਜਾਵੇਗੀ। ਆਪਣਾ ਕੰਮ ਸ਼ੁਰੂ ਕਰਨ ਵਾਲੇ ਨੌਜਵਾਨਾਂ ਨੂੰ 10 ਲੱਖ ਰੁਪਏ ਤੱਕ ਦਾ ਵਿਆਜ-ਮੁਕਤ ਕਰਜ਼ਾ ਦਿੱਤਾ ਜਾਵੇਗਾ। ਇਸ ਦੇ ਨਾਲ ਹੀ ਉਨ੍ਹਾਂ ਬਜ਼ੁਰਗਾਂ ਦੀ ਪੈਨਸ਼ਨ ਵਧਾ ਕੇ 3100 ਰੁਪਏ, ਸ਼ਗਨ ਸਕੀਮ 1 ਲੱਖ ਰੁਪਏ ਕਰਨ ਦਾ ਵਾਅਦਾ ਕੀਤਾ ਤੇ ਨਾਲ ਹੀ ਆਟਾ-ਦਾਲ ਸਕੀਮ ਤਹਿਤ 30 ਕਿੱਲੋ ਕਣਕ ਮੁੜ ਸ਼ੁਰੂ ਕਰਨ ਦਾ ਵੀ ਭਰੋਸਾ ਦਿਵਾਇਆ। ਉਨ੍ਹਾਂ ਨੇ ਡੇਅਰੀ ਫਾਰਮਿੰਗ ਅਤੇ ਪਸ਼ੂ ਪਾਲਣ ਲਈ 75% ਸਬਸਿਡੀ ਦੇਣ ਦਾ ਐਲਾਨ ਵੀ ਕੀਤਾ। ਇਸ ਤੋਂ ਇਲਾਵਾ ਉਨ੍ਹਾਂ ਨੇ ਹਰ ਜ਼ਿਲ੍ਹੇ ਵਿਚ ਇਕ ਮੈਡੀਕਲ ਕਾਲਜ ਅਤੇ ਜਾਨਵਰਾਂ ਦਾ ਕਾਲਜ ਖੋਲ੍ਹਣ ਦਾ ਵੀ ਵਾਅਦਾ ਕੀਤਾ। ਸੁਖਬੀਰ ਬਾਦਲ ਨੇ ਅਖੀਰ ਵਿਚ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਦੇ 1000-1000 ਰੁਪਏ ਜਾਂ ਕਿਸੇ ਲਾਰੇ ਵਿਚ ਨਾ ਆਉਣ ਅਤੇ ਆਪਣੀ ਖੇਤਰੀ ਪਾਰਟੀ ਸ਼?ਰੋਮਣੀ ਅਕਾਲੀ ਦਲ ਨੂੰ ਮੁੜ ਸੱਤਾ ਵਿਚ ਲਿਆਉਣ ਤਾਂ ਜੋ ਪੰਜਾਬ ਨੂੰ ਤਰੱਕੀ ਦੀ ਲੀਹ 'ਤੇ ਪਾਇਆ ਜਾ ਸਕੇ।



# ਹਾਦਸਿਆਂ ਤੋਂ ਬਾਅਦ ਵੀ ਨਹੀਂ ਜਾਗਿਆ ਰੇਲਵੇ ਪ੍ਰਸ਼ਾਸਨ, ਹਾਦਸੇ ਵਾਲੇ ਟਰੈਕ 'ਤੇ 3 ਦਿਨ ਪਹਿਲਾਂ ਵੀ ਹੋਈ ਸੀ ਡੀਰੇਲਮੈਂਟ

ਜਲੰਧਰ 4 ਅਪ੍ਰੈਲ। ਰੇਲ ਗੱਡੀਆਂ ਦੀ ਡੀਰੇਲਮੈਂਟ (ਪੱਟੜੀ ਤੋਂ ਉੱਤਰਨਾ) ਕੋਈ ਨਵੀਂ ਗੱਲ ਨਹੀਂ, ਇਸ ਤੋਂ ਪਹਿਲਾਂ ਵੀ ਇਸ ਤਰ੍ਹਾਂ ਦੇ ਕਈ ਹਾਦਸੇ ਵਾਪਰ ਚੁੱਕੇ ਹਨ ਅਤੇ ਰੇਲਵੇ ਵੱਲੋਂ ਜਾਂਚ ਕਮੇਟੀ ਬਣਾ ਦਿੱਤੀ ਜਾਂਦੀ ਹੈ ਪਰ ਜਿਸ ਟਰੈਕ 'ਤੇ ਬੀਤੇ ਦਿਨ (ਸਾਧੂਗੜ੍ਹ ਅਤੇ ਸਰਹਿੰਦ ਵਿਚਕਾਰ) ਦੋ ਮਾਲ ਗੱਡੀਆਂ ਦੀ ਟੱਕਰ ਹੋਈ, ਉਸੇ ਟਰੈਕ 'ਤੇ 3 ਦਿਨ ਪਹਿਲਾਂ ਵੀ ਡੀਰੇਲਮੈਂਟ ਦੀ ਘਟਨਾ ਵਾਪਰੀ ਸੀ ਅਤੇ ਇਸ ਦੌਰਾਨ ਕਈ ਬੋਗੀਆਂ ਟਰੈਕ ਤੋਂ ਉਤਰ ਗਈਆਂ ਸਨ ਪਰ ਰੇਲਵੇ ਨੇ ਇਸ ਤੋਂ ਕੋਈ ਸਬਕ ਨਹੀਂ ਲਿਆ, ਜਿਸ ਤੋਂ ਬਾਅਦ ਅੱਜ ਫਿਰ ਹਾਦਸਾ ਵਾਪਰ ਗਿਆ। ਬੀਤੀ 30 ਮਈ ਨੂੰ ਦੁਪਹਿਰ ਤਕਰੀਬਨ 3.30 ਵਜੇ ਦਿੱਲੀ ਮਾਰਗ 'ਤੇ ਸਾਧੂਗੜ੍ਹ-ਸਰਹਿੰਦ ਨੇੜੇ ਇਕ ਮਾਲ ਗੱਡੀ ਦੇ ਪਹੀਏ ਟਰੈਕ ਤੋਂ ਉਤਰ ਗਏ ਸਨ ਅਤੇ ਇਸ ਕਾਰਨ 'ਵੰਦੇ ਭਾਰਤ'ਸਮੇਤ ਕਈ ਰੇਲ ਗੱਡੀਆਂ ਪ੍ਰਭਾਵਿਤ ਹੋਈਆਂ ਸਨ। ਘਟਨਾ ਵਾਲੀ ਥਾਂ ਵੱਖਰੀ ਹੋ ਸਕਦੀ ਹੈ ਪਰ ਸ਼ਨੀਵਾਰ ਦਾ ਹਾਦਸਾ ਵੀ ਇਸੇ ਟਰੈਕ 'ਤੇ ਵਾਪਰਿਆ ਹੈ। ਸੂਤਰਾਂ ਦਾ ਕਹਿਣਾ ਹੈ ਕਿ ਕੁਝ ਦਿਨ ਪਹਿਲਾਂ ਇਕ ਮਾਲ ਗੱਡੀ ਦਾ ਟਰੈਕ ਤੋਂ ਉਤਰਨਾ ਅਤੇ ਅੱਜ ਉਹੀ ਹਾਦਸਾ ਮੁੜ ਵਾਪਰਨਾ ਕਈ ਸਵਾਲ ਖੜ੍ਹੇ ਕਰਦਾ ਹੈ। ਬੀਤੇ ਦਿਨ ਜਦੋਂ ਇਹ ਹਾਦਸਾ ਵਾਪਰਿਆ ਤਾਂ ਰਾਤ ਦਾ ਸਮਾਂ ਸੀ, ਜੇਕਰ ਇਹ ਹਾਦਸਾ ਦਿਨ ਵੇਲੇ ਵਾਪਰਿਆ ਹੁੰਦਾ ਤਾਂ ਵੱਡਾ ਹਾਦਸਾ ਵਾਪਰ ਸਕਦਾ ਸੀ। ਜਾਣਕਾਰਾਂ ਦਾ ਕਹਿਣਾ ਹੈ ਕਿ ਪਿਛਲੇ ਦਿਨਾਂ ਦੌਰਾਨ ਵਾਪਰੇ ਹਾਦਸਿਆਂ ਤੋਂ ਬਾਅਦ ਵੀ ਰੇਲਵੇ ਵੱਲੋਂ ਢੁੱਕਵੇਂ ਕਦਮ ਨਹੀਂ ਚੁੱਕੇ ਗਏ, ਜਿਸ ਕਾਰਨ ਮੁੜ ਹਾਦਸੇ ਦਾ ਸ਼ਿਕਾਰ ਹੋਣਾ ਪਿਆ। ਇਸ ਸਾਲ ਟਰੈਕ



ਤੋਂ ਉਤਰਨ ਸਮੇਤ ਕਈ ਤਰ੍ਹਾਂ ਦੇ ਹਾਦਸੇ ਵਾਪਰ ਚੁੱਕੇ ਹਨ, ਜਿਸ ਕਾਰਨ ਰੇਲਵੇ ਦੀ ਕਾਰਜਪ੍ਰਣਾਲੀ ਸਵਾਲਾਂ ਦੇ ਘੇਰੇ ਵਿਚ ਆ ਗਈ ਹੈ। ਇਸ ਦੇ ਨਾਲ ਹੀ ਇਕ ਹੋਰ ਹਾਦਸੇ ਦੌਰਾਨ ਜਲੰਧਰ ਤੋਂ ਆਪਣੇ-ਆਪ ਚੱਲ ਕੇ ਇਕ ਮਾਲ ਗੱਡੀ ਮੁਕੇਰੀਆਂ ਪਹੁੰਚ ਗਈ ਸੀ। ਇਸ ਸਾਲ ਕੁਝ ਮਹੀਨੇ ਪਹਿਲਾਂ ਜੰਮੂ-ਕਸ਼ਮੀਰ ਤੋਂ ਇਕ ਮਾਲ ਗੱਡੀ (14806-ਆਰ) ਬਿਨਾਂ ਡਰਾਈਵਰ-ਗਾਰਡ ਦੇ ਪੰਜਾਬ ਪਹੁੰਚ ਗਈ ਸੀ। ਤਕਰੀਬਨ 80 ਕਿਲੋਮੀਟਰ ਤੱਕ ਮਾਲ ਗੱਡੀ ਨੂੰ ਨਹੀਂ ਰੋਕਿਆ ਜਾ ਸਕਿਆ, ਜਿਸ ਕਾਰਨ ਕੋਈ ਵੱਡਾ ਹਾਦਸਾ ਵਾਪਰ ਸਕਦਾ ਸੀ। ਉਸ ਸਮੇਂ ਦੱਸਿਆ ਗਿਆ ਕਿ ਡਰਾਈਵਰ ਟਰੇਨ ਨੂੰ ਸਟਾਰਟ ਕਰਕੇ ਹੈਂਡ ਬ੍ਰੇਕ ਲਗਾਉਣਾ ਭੁੱਲ ਗਿਆ ਸੀ, ਜਿਸ ਕਾਰਨ ਟਰੇਨ ਇਸੇ ਤਰ੍ਹਾਂ ਦੌੜਦੀ ਰਹੀ। ਉਸ ਸਮੇਂ ਕਈ ਸਟੇਸ਼ਨਾਂ 'ਤੇ ਟਰੇਨ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਗਈ ਅਤੇ ਆਖਿਰਕਾਰ ਲੱਕੜ ਦੇ ਸਟਾਪਰ ਲਗਾ ਕੇ ਟਰੇਨ ਨੂੰ ਰੋਕਿਆ ਗਿਆ ਸੀ। ਇਸ ਸਾਲ ਦੇ ਪਹਿਲੇ ਮਹੀਨੇ ਜਗਰਾਓਂ ਵਿਚ ਸੰਟਿੰਗ ਦੌਰਾਨ ਇਕ ਮਾਲ ਗੱਡੀ ਦੇ ਪਹੀਏ ਪੱਟੜੀ ਤੋਂ ਉਤਰ ਗਏ ਸਨ। ਜਦੋਂ ਮਾਲ ਗੱਡੀ ਦੀ ਸ਼ੰਟਿੰਗ ਕੀਤੀ ਜਾ ਰਹੀ ਸੀ ਤਾਂ ਦੋ ਪਹੀਏ ਟਰੈਕ ਤੋਂ ਉਤਰ ਗਏ। ਮੌਕੇ 'ਤੇ ਪਹੁੰਚੀ ਐਕਸੀਡੈਂਟ ਰਿਲੀਫ ਗੱਡੀ ਅਤੇ ਹੋਰ ਵਿਭਾਗਾਂ ਦੇ ਕਰਮਚਾਰੀਆਂ ਨੇ ਤਕਰੀਬਨ 5 ਘੰਟਿਆਂ ਦੀ ਮੁਸ਼ੱਕਤ ਤੋਂ ਬਾਅਦ ਪਹੀਆਂ ਨੂੰ ਟਰੈਕ 'ਤੇ ਚੜ੍ਹਾਇਆ। ਜਾਂਚ ਦੌਰਾਨ ਅਧਿਕਾਰੀਆਂ ਨੂੰ ਪਤਾ ਲੱਗਾ ਕਿ ਜਦੋਂ ਮਾਲ ਗੱਡੀ ਜਗਰਾਓਂ ਸਟੇਸ਼ਨ 'ਤੇ ਖੜ੍ਹੀ ਸੀ ਤਾਂ ਪੁਆਇੰਟ ਮੈਨ ਨੇ ਇਕ ਰੈਕ ਦੀ ਬ੍ਰੇਕ ਚੇਨ ਲਗਾ ਦਿੱਤੀ ਸੀ, ਜਿਸ ਕਾਰਨ ਰੈਕ ਅੱਗੇ ਨਹੀਂ ਵਧ ਸਕਦਾ ਸੀ। ਹਾਦਸੇ ਤੋਂ ਬਾਅਦ ਅਧਿਕਾਰੀ ਮੌਕੇ 'ਤੇ ਜਾ ਕੇ ਜਾਂਚ ਕਰ ਰਹੇ ਹਨ ਅਤੇ ਰਾਹਤ ਕਾਰਜ ਜਾਰੀ ਹਨ। ਇਸੇ ਸਾਲ 23 ਮਾਰਚ ਨੂੰ ਗੁਜਰਾਤ ਦੇ ਵਡੋਦਰਾ ਤੋਂ 50 ਤੇਲ ਟੈਂਕਰਾਂ ਨੂੰ ਲੈ ਕੇ ਮਾਲ ਗੱਡੀ (ਬੀ. ਟੀ. ਪੀ. ਐੱਨ.) ਜਲੰਧਰ ਦੇ ਸੁੱਚੀ ਪਿੰਡ ਵਿਚ ਰੁਕਣ ਦੀ ਬਜਾਏ 40 ਕਿਲੋਮੀਟਰ ਅੱਗੇ ਹੁਸ਼ਿਆਰਪੁਰ ਦੇ ਟਾਂਡਾ ਜਾ ਪਹੁੰਚੀ। ਜਦੋਂ ਰੇਲਵੇ ਅਧਿਕਾਰੀਆਂ ਨੂੰ ਇਸ ਗਲਤੀ ਦਾ ਪਤਾ ਲੱਗਿਆ ਤਾਂ ਉਕਤ ਟਰੇਨ ਨੂੰ ਸੁੱਚੀ ਪਿੰਡ ਵਾਪਸ ਲਿਆਂਦਾ ਗਿਆ ਸੀ। ਇਸ ਟਰੇਨ ਦੇ 47 ਟੈਂਕਰਾਂ 'ਚ ਪੈਟਰੋਲ ਅਤੇ 3 ਟੈਂਕਰਾਂ 'ਚ ਡੀਜ਼ਲ ਸੀ

## ਸਰਕਾਰੀ ਨੌਕਰੀ ਦਾ ਝਾਂਸਾ ਦੇ ਔਰਤ ਨਾਲ ਮਾਰੀ ਦੋ ਲੱਖ ਰੁਪਏ ਦੀ ਠੱਗੀ, ਦੋ ਨਾਮਜ਼ਦ

ਤਰਨਤਾਰਨ 4 ਅਪ੍ਰੈਲ। ਸਰਕਾਰੀ ਨੌਕਰੀ ਦਿਵਾਉਣ ਦਾ ਝਾਂਸਾ ਦੇ 2 ਲੱਖ 10 ਹਜ਼ਾਰ ਰੁਪਏ ਦੀ ਠੱਗੀ ਮਾਰਨ ਵਾਲੇ ਦੋ ਵਿਅਕਤੀਆਂ ਖਿਲਾਫ ਥਾਣਾ ਸ੍ਰੀ ਗੋਇੰਦਵਾਲ ਸਾਹਿਬ ਦੀ ਪੁਲਸ ਨੇ ਪਰਚਾ ਦਰਜ ਕਰ ਗ੍ਰਿਫਤਾਰੀ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਜਤਿੰਦਰ ਸਿੰਘ ਪੁੱਤਰ ਕਰਮ ਸਿੰਘ ਵਾਸੀ ਪਿੰਡ ਦੁਲਚੀਪੁਰ ਨੇ ਜ਼ਿਲੇ ਦੇ ਐੱਸ. ਐੱਸ. ਪੀ ਨੂੰ ਦਿੱਤੀ ਸ਼ਿਕਾਇਤ ਵਿਚ ਦੱਸਿਆ ਕਿ ਉਸ ਨੂੰ ਸਰਕਾਰੀ ਨੌਕਰੀ ਦੇਣ ਲਈ ਗੁਰਪ੍ਰੀਤ ਸਿੰਘ ਪੁੱਤਰ ਅਮਰਜੀਤ ਸਿੰਘ ਪਾਸੀ ਪਿੰਡ ਕੰਗ ਅਤੇ ਰਣਜੀਤ ਸਿੰਘ ਪੁੱਤਰ ਬਲਕਾਰ ਸਿੰਘ ਵਾਸੀ ਪਿੰਡ ਕੰਗ ਨੇ 2 ਲੱਖ 10 ਹਜ਼ਾਰ ਰੁਪਏ




ਵਸੂਲ ਕੀਤੇ ਹਨ ਪਰ ਉਸਨੂੰ ਨਾ ਤਾਂ ਸਰਕਾਰੀ ਨੌਕਰੀ ਦਿੱਤੀ ਅਤੇ ਨਾ ਹੀ ਉਸਦੇ ਪੈਸੇ ਵਾਪਸ ਕੀਤੇ। ਜਿਸ ਸਬੰਧੀ ਜ਼ਿਲ੍ਹੇ ਦੇ ਐੱਸ. ਐੱਸ. ਪੀ. ਵੱਲੋਂ ਇਸ ਮਾਮਲੇ ਦੀ ਜਾਂਚ ਕਰਨ ਲਈ ਸਾਈਬਰ ਸ਼ਾਖਾ ਨੂੰ ਆਦੇਸ਼ ਜਾਰੀ ਕੀਤੇ, ਜਿਸ ਤੋਂ ਬਾਅਦ ਕੀਤੀ ਗਈ ਜਾਂਚ ਵਿਚ ਉਕਤ ਦੋਵਾਂ ਮੁਲਜ਼ਮਾਂ ਵੱਲੋਂ ਧੋਖਾਧੜੀ ਕਰਨਾ ਤਸਦੀਕ ਪਾਇਆ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਸ੍ਰੀ ਗੋਇੰਦਵਾਲ ਸਾਹਿਬ ਦੇ ਏ. ਐੱਸ. ਆਈ. ਮੁਖਤਿਆਰ ਸਿੰਘ ਨੇ ਦੱਸਿਆ ਕਿ ਇਸ ਮਾਮਲੇ ਵਿਚ ਗੁਰਪ੍ਰੀਤ ਸਿੰਘ ਅਤੇ ਰਣਜੀਤ ਸਿੰਘ ਖਿਲਾਫ ਮਾਮਲਾ ਦਰਜ ਕਰ ਉਨ੍ਹਾਂ ਨੂੰ ਗ੍ਰਿਫਤਾਰ ਕਰਨ ਲਈ ਛਾਪੇਮਾਰੀ ਸ਼ੁਰੂ ਕਰ ਦਿੱਤੀ ਗਈ ਹੈ।

## ਮੁੰਡਿਆਂ ਦੇ ਸਿਰ ਉਪਰੋਂ ਗੋਲੀ ਵਾਂਗ ਲੰਘਿਆ ਉੱਡਣਾ ਸੱਪ, ਜਲਾਲਾਬਾਦ ਦੀ ਵੀਡੀਓ ਦੇਖ ਹੋਵੋਗੇ ਹੈਰਾਨ

ਜਲਾਲਾਬਾਦ 4 ਅਪ੍ਰੈਲ। ਜਲਾਲਾਬਾਦ ਵਿਚ ਹਵਾ 'ਚ ਉਡਦੇ ਸੱਪ ਦੀ ਹੈਰਾਨ ਕਰਨ ਵਾਲੀ ਵੀਡੀਓ ਸਾਹਮਣੇ ਆਈ ਹੈ। ਇਹ ਘਟਨਾ ਪਿੰਡ ਬੱਗੇ ਮੋੜ ਦੀ ਹੈ, ਜਿਥੇ ਇਕ ਸੈਲੂਨ ਦੇ ਬਾਹਰ ਬੈਠੇ ਨੌਜਵਾਨਾਂ ਦੇ ਉਪਰੋਂ ਉੱਡਣਾ ਸੱਪ ਤੇਜੀ ਨਾਲ ਲੰਘਿਆ। ਇਹ ਮੰਜਰ ਦੇਖ ਉਨ੍ਹਾਂ ਦੀ ਹੋਸ਼ ਉਡ ਗਏ। ਸੈਲੂਨ ਸੰਚਾਲਕ ਦਾ ਕਹਿਣਾ ਹੈ ਕਿ ਉਸ ਨੇ ਬੜੀ ਮੁਸਕਲ ਨਾਲ ਆਪਣੀ ਜਾਨ ਬਚਾਈ। ਸੀ. ਸੀ. ਟੀ. ਵੀ. ਕੈਮਰੇ ਵਿਚ ਉੱਡਦਾ ਸੱਪ ਸਾਫ ਦਿਖਾਈ ਦੇ ਰਿਹਾ ਹੈ ਅਤੇ ਨੌਜਵਾਨ ਤੇਜੀ ਨਾਲ ਭੱਜਦੇ ਹੋਏ ਵੀ ਨਜਰ ਆ ਰਹੇ ਹਨ। ਜਾਣਕਾਰੀ ਦਿੰਦੇ ਹੋਏ ਪਿੰਡ ਬੱਗੇ ਕੇ ਮੋੜ ਨੇੜੇ



ਹੇਅਰ ਸੈਲੂਨ ਦੇ ਸੰਚਾਲਕ ਚਰਨਪ੍ਰੀਤ ਸਿੰਘ ਨੇ ਦੱਸਿਆ ਕਿ ਇਹ ਵੀਡੀਓ 1 ਜੂਨ ਨੂੰ ਰਾਤ 8.15 ਵਜੇ ਦੇ ਕਰੀਬ ਦੀ ਹੈ। ਚੋਣਾਂ ਕਾਰਨ ਸੈਲੂਨ 'ਚ ਜ਼ਿਆਦਾ ਕੰਮ ਨਹੀਂ ਸੀ, ਸੈਲੂਨ ਵਿਚ ਕੰਮ ਕਰਨ ਵਾਲੇ ਲੜਕੇ ਸਮੇਤ ਉਹ ਬਾਹਰ ਖੜ੍ਹਾ ਸੀ। ਇਸ ਦੌਰਾਨ ਉਨ੍ਹਾਂ ਦੇ ਸਿਰ ਉਪਰੋਂ ਉਡਣਾ ਸੱਪ ਤੇਜੀ ਨਾਲ ਲੰਘਿਆ। ਇਥੇ ਬਸ ਨਹੀਂ ਇਸ ਤੋਂ ਬਾਅਦ ਉੱਡਣਾ ਸੱਪ ਉਨ੍ਹਾਂ ਦੇ ਪਿੱਛੇ ਪੈ ਗਿਆ ਅਤੇ ਉਨ੍ਹਾਂ ਨੇ ਭੱਜ ਕੇ ਆਪਣੀ ਜਾਨ ਬਾਈ। ਇਕ ਵਾਰ ਨਹੀਂ ਸਗੋਂ ਦੋ ਵਾਰ ਸੱਪ ਉਸ ਦੀ ਦੁਕਾਨ 'ਤੇ ਉੱਡਦਾ ਆਇਆ ਅਤੇ ਦੁਕਾਨ ਦੇ ਸ਼ੀਸ਼ੇ ਨਾਲ ਟਕਰਾਅ ਗਿਆ। ਚਰਨਪ੍ਰੀਤ ਸਿੰਘ ਦਾ ਕਹਿਣਾ ਹੈ ਕਿ ਉਸ ਨੇ ਸੈਲੂਨ ਦਾ ਸੀਸਾ ਬੰਦ ਕਰਕੇ ਆਪਣੀ ਜਾਨ ਬਚਾਈ। ਇਹ ਸੱਪ ਕਿਧਰੋਂ ਆਇਆ ਅਤੇ ਕਿਧਰ ਗਿਆ ਇਸ ਦਾ ਪਤਾ ਨਹੀਂ ਲੱਗ ਸਕਿਆ।

## ਖਡੂਰ ਸਾਹਿਬ 'ਚ ਵੱਡੀ ਜਿੱਤ ਤੋਂ ਬਾਅਦ ਡਿਬਰੂਗੜ੍ਹ ਜੇਲ੍ਹ ਪਹੁੰਚੀ ਅੰਮ੍ਰਿਤਪਾਲ ਦੀ ਪਤਨੀ

ਚੰਡੀਗੜ੍ਹ 4 ਅਪ੍ਰੈਲ। ਪੰਥਕ ਸੀਟ ਖਡੂਰ ਸਾਹਿਬ ਤੋਂ ਵੱਡੀ ਜਿੱਤ ਹਾਸਲ ਕਰਨ ਤੋਂ ਬਾਅਦ ਅੰਮ੍ਰਿਤਪਾਲ ਸਿੰਘ ਦੀ ਪਤਨੀ ਕਿਰਨਦੀਪ ਕੌਰ ਡਿਬਰੂਗੜ੍ਹ ਜੇਲ੍ਹ ਪਹੁੰਚ ਗਈ ਹੈ। ਜਿੱਥੇ ਉਹ ਅੰਮ੍ਰਿਤਪਾਲ ਸਿੰਘ ਨਾਲ ਮੁਲਾਕਾਤ ਕਰੇਗੀ। ਲੋਕ ਸਭਾ ਚੋਣਾਂ ਦੇ ਨਤੀਜਿਆਂ ਤੋਂ ਇਕ ਦਿਨ ਬਾਅਦ ਹੀ ਕਿਰਨਦੀਪ ਕੌਰ ਅੰਮ੍ਰਿਤਪਾਲ ਸਿੰਘ ਨਾਲ ਮੁਲਾਕਾਤ ਕਰਨ ਲਈ ਡਿਬਰੂਗੜ੍ਹ ਜੇਲ੍ਹ ਪਹੁੰਚ ਗਈ ਹੈ। ਆਜਾਦ ਤੌਰ 'ਤੇ ਲੋਕ ਸਭਾ ਹਲਕਾ ਖਡੂਰ ਸਾਹਿਬ ਤੋਂ ਮੈਦਾਨ ਵਿਚ ਉਤਰੇ ਅੰਮ੍ਰਿਤਪਾਲ ਸਿੰਘ ਨੇ ਇਥੇ ਇਤਿਹਾਸਕ ਜਿੱਤ ਹਾਸਲ ਕੀਤੀ ਹੈ। ਖਡੂਰ ਸਾਹਿਬ ਤੋਂ ਆਏ ਨਤੀਜਿਆਂ ਨੇ ਸਭ ਨੂੰ ਹੈਰਾਨ ਕਰਕੇ ਰੱਖ ਦਿੱਤਾ ਹੈ। ਜੇਲ੍ਹ ਵਿਚ ਹੋਣ ਦੇ ਬਾਵਜੂਦ ਅੰਮ੍ਰਿਤਪਾਲ ਇਥੇ 2 ਲੱਖ ਦੇ ਕਰੀਬ ਮਾਰਜਨ ਨਾਲ ਜਿੱਤਿਆ ਹੈ। ਅੰਮ੍ਰਿਤਪਾਲ ਸਿੰਘ ਦੀ ਇਹ ਜਿੱਤ ਪੰਜਾਬ ਵਿਚ ਸਭ ਤੋਂ ਵੱਡੀ ਜਿੱਤ ਹੈ। ਅੰਮ੍ਰਿਤਪਾਲ ਨੂੰ ਇਥੇ 404430 ਰਿਕਾਰਡ ਵੋਟਾਂ ਹਾਸਲ ਹੋਈਆਂ ਸਨ। ਜਦਕਿ ਉਨ੍ਹਾਂ ਦੇ ਵਿਰੋਧੀ ਕੁਲਬੀਰ ਜੀਰਾ ਨੂੰ 207310 ਵੋਟਾਂ ਪਈਆਂ, ਆਮ ਆਦਮੀ ਪਾਰਟੀ ਦੇ ਮੰਤਰੀ ਲਾਲਜੀਤ ਸਿੰਘ ਭੁੱਲਰ ਨੂੰ



194836 ਵੋਟਾਂ ਪਈਆਂ। ਇਸ ਤੋਂ ਇਲਾਵਾ ਅਕਾਲੀ ਦਲ ਦੇ ਵਿਰਸਾ ਸਿੰਘ ਵਲਟੋਹਾ ਇਥੇ ਮਹਿਜ 86416 ਵੋਟਾਂ 'ਤੇ ਹੀ ਸੁੰਗੜ ਕੇ ਰਹਿ ਗਏ। ਪੁੱਤਰ ਦੀ ਜਿੱਤ 'ਤੇ ਅੰਮ੍ਰਿਤਪਾਲ ਦੇ ਮਾਤਾ-ਪਿਤਾ ਨੇ ਕੌਮ ਦਾ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਨਤੀਜਾ ਸਾਰੇ ਪੰਥ ਅਤੇ ਪੰਜਾਬ ਲਈ ਖੁਸ਼ੀ ਦੀ ਗੱਲ ਹੈ ਪਰ ਨਾਲ ਹੀ ਇਹ ਵੀ ਅਪੀਲ ਕੀਤੀ ਕਿ ਕੋਈ ਵੀ 6 ਜੂਨ ਤਕ ਕਿਸੇ ਕਿਸਮ ਦਾ ਜਸ਼ਨ ਨਾ ਮਨਾਵੇ ਕਿਉਂਕਿ ਸਾਡੇ ਸ਼ਹੀਦੀ ਦਿਹਾੜੇ ਚੱਲ ਰਹੇ ਹਨ। ਉਨ੍ਹਾਂ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਅਰੰਭ ਕਰਵਾਏ ਜਾਣਗੇ ਤੇ 6 ਜੂਨ ਨੂੰ ਭੋਗ ਪਾਏ ਜਾਣਗੇ। ਉਨ੍ਹਾਂ ਕਿਹਾ ਕਿ ਇਹ ਜਿੱਤ ਸਾਡੇ ਸ਼ਹੀਦ ਸਿੰਘਾਂ ਨੂੰ ਸਮਰਪਿਤ ਹੈ। ਉਨ੍ਹਾਂ ਕਿਹਾ ਕਿ ਜਿੱਤਣ ਮਗਰੋਂ ਨਸ਼ੇ, ਬੰਦੀ ਸਿੰਘ ਅਤੇ ਬੇਅਦਬੀ ਦੇ ਮਾਮਲੇ ਪਹਿਲ ਦੇ ਅਧਾਰ 'ਤੇ ਚੁੱਕੇ ਜਾਣਗੇ। ਉਨ੍ਹਾਂ ਇਹ ਵੀ ਅਪੀਲ ਕੀਤੀ ਕਿ ਸਰਕਾਰ ਨੂੰ ਬਿਨਾਂ ਕਿਸੇ ਕਾਨੂੰਨੀ ਲੜਾਈ ਦੇ ਅੰਮ੍ਰਿਤਪਾਲ ਸਿੰਘ ਨੂੰ ਰਿਹਾਅ ਕਰ ਦੇਣਾ ਚਾਹੀਦਾ ਹੈ ਤਾਂ ਜੋ ਉਹ ਲੋਕਾਂ ਵਿਚ ਵਿਚਰ ਕੇ ਨਸ਼ਿਆਂ ਖ਼ਿਲਾਫ ਜਾਗਰੂਕਤਾ ਪੈਦਾ ਕਰ ਸਕੇ। ਉਨ੍ਹਾਂ ਕਿਹਾ ਕਿ ਅੰਮ੍ਰਿਤਪਾਲ ਸਿੰਘ ਪੰਜਾਬ ਦੇ ਹੱਕ ਵਿਚ ਆਵਾਜ ਬੁਲੰਦ ਕਰੇਗਾ।

## ਅੰਮ੍ਰਿਤਸਰ 'ਚ ਰੇਡ ਕਰਨ ਗਈ ਪੰਜਾਬ ਪੁਲਸ, ਜਦੋਂ ਘਰ ਦੀ ਤਲਾਸ਼ੀ ਲਈ ਤਾਂ ਉੱਡੇ ਹੋਸ਼

ਲੋਪੋਕੇ 4 ਅਪ੍ਰੈਲ। ਪੁਲਸ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਅਧੀਨ ਆਉਂਦੇ ਪੁਲਸ ਥਾਣਾ ਲੋਪੋਕੇ ਦੇ ਸਰਹੱਦੀ ਪਿੰਡ ਕੱਕੜ ਵਿਖੇ ਉਚ ਅਧਿਕਾਰੀ ਦੀਆਂ ਹਦਾਇਤਾ ਅਤੇ ਡੀ.ਐੱਸ.ਪੀ ਅਟਾਰੀ ਸੁਖਜਿੰਦਰ ਥਾਪਰ, ਬੀ. ਐੱਸ. ਐੱਫ. ਰਾਮ ਤੀਰਥ ਅਤੇ ਪੁਲਸ ਚੌਂਕੀ ਕੱਕੜ ਦੀ ਪੁਲਸ ਵੱਲੋਂ ਸਰਹੱਦੀ ਪਿੰਡ ਕੱਕੜ ਵਿਖੇ ਬਲਵਿੰਦਰ ਸਿੰਘ ਅਤੇ ਗੁਰਪ੍ਰੀਤ ਸਿੰਘ ਪਿੰਡ ਕੱਕੜ ਦੇ ਘਰ ਰੇਡ ਦੌਰਾਨ ਕਰੋੜਾਂ ਦੀ ਡਰੱਗ ਮਨੀ ਸਮੇਤ ਦੋਵਾਂ ਨੂੰ ਕਾਬੂ ਕੀਤਾ ਗਿਆ। ਉਕਤ ਵਿਅਕਤੀ ਹੈਰੋਇਨ ਵੇਚਣ ਦਾ ਧੰਦਾ ਕਰਦੇ ਸਨ। ਹੈਰੋਇਨ ਦੇ ਪੈਸੇ ਵੱਟ ਕੇ ਸਰਹੱਦ ਪਾਰ ਬੈਠੇ ਸਮੱਗਲਰਾਂ ਨੂੰ ਭੇਜਦੇ ਹਨ। ਪੁਲਸ ਤੇ ਬੀ. ਐੱਸ.



ਐੱਫ ਵਲੋਂ ਰੇਡ ਕਰਨ 'ਤੇ ਉਕਤ ਵਿਅਕਤੀਆਂ ਘਰੋਂ ਲੋਹੇ ਵਾਲੀ ਪੇਟੀ ਵਿਚੋਂ ਇਕ ਕਰੋੜ ਕੱਕੜ ਵਿਖੇ ਬਲਵਿੰਦਰ ਸਿੰਘ ਅਤੇ ਗੁਰਪ੍ਰੀਤ ਸਿੰਘ ਪਿੰਡ ਕੱਕੜ ਦੇ ਘਰ ਰੇਡ ਦੌਰਾਨ ਕਰੋੜਾਂ ਦੀ ਡਰੱਗ ਮਨੀ ਸਮੇਤ ਦੋਵਾਂ ਨੂੰ ਕਾਬੂ ਕੀਤਾ ਗਿਆ। ਉਕਤ ਵਿਅਕਤੀ ਹੈਰੋਇਨ ਵੇਚਣ ਦਾ ਧੰਦਾ ਕਰਦੇ ਸਨ। ਹੈਰੋਇਨ ਦੇ ਪੈਸੇ ਵੱਟ ਕੇ ਸਰਹੱਦ ਪਾਰ ਬੈਠੇ ਸਮੱਗਲਰਾਂ ਨੂੰ ਭੇਜਦੇ ਹਨ। ਪੁਲਸ ਤੇ ਬੀ. ਐੱਸ. 97 ਲੱਖ 14 ਹਜਾਰ 650 ਰੁਪਏ ਦੀ ਡਰੱਗ ਮਨੀ ਬਰਾਮਦ ਹੋਈ। ਇਸ ਸਬੰਧੀ ਪੁਲਸ ਥਾਣਾ ਲੋਪੋਕੇ ਵਿਖੇ ਉਕਤ ਵਿਅਕਤੀਆਂ ਖ਼ਿਲਾਫ 21, 27-ਏ, 29-61-85 ਐੱਨ.ਡੀ.ਪੀ.ਐੱਸ ਐਕਟ ਅਧੀਨ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਸੁਰੂ ਕਰ ਦਿੱਤੀ ਗਈ ਹੈ।

## ਟਰੱਕ ਦੀ ਲਪੇਟ 'ਚ ਆ ਕੇ ਮੋਟਰਸਾਈਕਲ ਨੂੰ ਲੱਗੀ ਅੱਗ

ਪਟਿਆਲਾ 4 ਅਪ੍ਰੈਲ। ਸ਼ਹਿਰ ਦੇ ਨਵੇਂ ਬੱਸ ਸਟੈਂਡ ਕੋਲ ਬੀਤੀ ਰਾਤ ਟਰੱਕ ਨੇ ਮੋਟਰਸਾਈਕਲ ਨੂੰ ਟੱਕਰ ਮਾਰੀ ਦਿੱਤੀ, ਜਿਸ ਕਾਰਨ ਮੋਟਰਸਾਈਕਲ ਨੂੰ ਅੱਗ ਲੱਗ ਗਈ ਅਤੇ ਮੋਟਰਸਾਈਕਲ ਸਵਾਰ ਜ਼ਿੰਦਾ ਸੜ ਗਿਆ। ਮ੍ਰਿਤਕ ਦੀ ਪਛਾਣ ਸਾਹਿਲ (25) ਪੁੱਤਰ ਨਰਿੰਦਰ ਸਿੰਘ ਵਾਸੀ ਖੇੜੇ ਵਾਲਾ ਮੁਹੱਲਾ ਸਨੌਰ ਵਜੋਂ ਹੋਈ। ਮੋਟਰਸਾਈਕਲ ਨੂੰ ਅੱਗ ਲੱਗਣ ਤੋਂ ਬਾਅਦ ਟਰੱਕ ਨੂੰ ਵੀ ਅੱਗ ਲੱਗ ਗਈ ਅਤੇ ਇਕਦਮ ਦਹਿਸ਼ਤ ਵਾਲਾ ਮਾਹੌਲ ਬਣ ਗਿਆ ਅਤੇ ਟਰੱਕ-ਮੋਟਰਸਾਈਕਲ ਦੋਵੇਂ ਸੜ ਕੇ ਸੁਆਹ ਹੋ ਗਏ। ਮ੍ਰਿਤਕ ਦੇ ਭਰਾ ਨੇ ਦੱਸਿਆ ਕਿ ਉਸ ਦਾ ਭਰਾ ਨਵੇਂ ਬੱਸ ਸਟੈਂਡ ਦੇ ਕੋਲ ਆਪਣੇ ਮੋਟਰਸਾਈਕਲ 'ਤੇ ਜਾ ਰਿਹਾ ਸੀ ਤਾਂ ਟਰੱਕ ਡਰਾਈਵਰ ਨੇ ਲਾਪ੍ਰਵਾਹੀ ਨਾਲ ਟਰੱਕ ਲਿਆ ਕੇ ਉਸ ਦੇ ਭਰਾ ਦੇ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤਾ। ਟੱਕਰ ਮਾਰਦੇ ਹੀ ਮੋਟਰਸਾਈਕਲ ਦੀ ਟੈਂਕੀ ਫਟ ਕੇ ਅੱਗ ਲੱਗ ਗਈ ਤੇ ਉਸ ਦਾ ਭਰਾ ਸਾਹਿਲ ਜ਼ਿੰਦਾ ਹੀ ਸੜ ਗਿਆ, ਜਿਸ ਕਾਰਨ ਉਸ ਦੀ ਮੌਕੇ 'ਤੇ ਮੌਤ ਹੋ ਗਈ। ਉਨ੍ਹਾਂ ਦੱਸਿਆ ਕਿ ਇਸ ਦੇ ਨਾਲ ਹੀ ਟਰੱਕ ਨੂੰ ਵੀ ਅੱਗ ਲੱਗ ਗਈ। ਸੂਚਨਾ ਮਿਲਣ ਤੋਂ ਬਾਅਦ ਫਾਇਰ ਬਿਗ੍ਰੇਡ ਦੀ ਗੱਡੀ ਪਹੁੰਚੀ ਤੇ ਅੱਗ 'ਤੇ ਕਾਬੂ ਪਾਇਆ। ਇਸ ਮਾਮਲੇ ਵਿਚ ਸੂਚਨਾ ਮਿਲਣ ਤੋਂ ਬਾਅਦ ਪੁਲਸ ਵੀ ਪਹੁੰਚ ਗਈ ਅਤੇ ਪੁਲਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

## ਲੋਕ ਸਭਾ ਚੋਣਾਂ ਵਿਚ ਗੈਰ ਹਾਜ਼ਰ ਰਹਿਣ ਵਾਲੇ ਕਰਮਚਾਰੀ ਨੂੰ ਪੁਲਸ ਨੇ ਕੀਤਾ ਗ੍ਰਿਫਤਾਰ

ਤਰਨਤਾਰਨ 4 ਅਪ੍ਰੈਲ। ਲੋਕ ਸਭਾ ਚੋਣਾਂ ਵਿਚ ਰਿਟਰਨਿੰਗ ਅਫਸਰ ਵੱਲੋਂ ਵੱਖ-ਵੱਖ ਕਰਮਚਾਰੀਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਸਨ, ਜਿਸ ਦੇ ਚੱਲਦੇ ਕਈ ਕਰਮਚਾਰੀਆਂ ਵੱਲੋਂ ਰਿਟਰਨਿੰਗ ਅਫਸਰ ਦੇ ਹੁਕਮਾਂ ਨੂੰ ਟਿੱਚ ਜਾਣਿਆ ਗਿਆ ਸੀ। ਜਿਸ ਸਬੰਧੀ ਰਿਟਰਨਿੰਗ ਅਫਸਰ ਵੱਲੋਂ ਸਖਤ ਕਾਰਵਾਈ ਕਰਦੇ ਹੋਏ ਐਕਸ਼ਨ ਲੈਣੇ ਸ਼ੁਰੂ ਕਰ ਦਿੱਤੇ ਗਏ ਹਨ। ਇਸੇ ਤਹਿਤ ਡਿਊਟੀ ਵਿਚ ਗੈਰ ਹਾਜ਼ਰ ਰਹਿਣ ਦੇ ਚੱਲਦਿਆਂ ਇਕ ਕਰਮਚਾਰੀ ਖ਼ਿਲਾਫ ਥਾਣਾ ਗੋਇੰਦਵਾਲ ਸਾਹਿਬ ਦੀ ਪੁਲਸ ਨੇ ਮਾਮਲਾ ਦਰਜ ਕਰ ਉਸ ਨੂੰ ਗ੍ਰਿਫਤਾਰ ਕਰ ਲਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਲੋਕ ਸਭਾ ਚੋਣਾਂ ਵਿਚ ਰਿਟਰਨਿੰਗ ਅਫਸਰ ਕਮ ਡਿਪਟੀ ਕਮਿਸ਼ਨਰ ਸੰਦੀਪ ਕੁਮਾਰ ਦੇ ਹੁਕਮਾਂ ਤਹਿਤ ਅਮਰਜੀਤ ਸਿੰਘ ਪੁੱਤਰ ਮਨਮੋਹਨ ਸਿੰਘ ਵਾਸੀ ਮਕਾਨ ਨੰਬਰ ਸੱਤ ਬਾਬਾ ਦੀਪ ਸਿੰਘ ਨਗਰ ਤਰਨਤਾਰਨ ਰੋਡ ਅੰਮ੍ਰਿਤਸਰ ਦੀ



ਡਿਊਟੀ ਬੂਥ ਨੰਬਰ 78 ਸਰਕਾਰੀ ਐਲੀਮੈਂਟਰੀ ਸਕੂਲ ਪਿੰਡ ਜਹਾਂਗੀਰ ਵਿਖੇ ਲਗਾਈ ਗਈ ਸੀ ਪ੍ਰੰਤੂ ਉਕਤ ਕਰਮਚਾਰੀ ਲਗਾਈ ਗਈ ਡਿਊਟੀ ਵਿਚ ਗੈਰ ਹਾਜ਼ਰ ਪਾਇਆ ਗਿਆ, ਜਿਸ ਦੇ ਚੱਲਦਿਆਂ ਪੋਲਿੰਗ ਪਾਰਟੀਆਂ ਦੀ ਰਵਾਨਗੀ ਵਿਚ ਅੜਿਕਾ ਪੈ ਰਿਹਾ ਸੀ । ਇਸ ਦੌਰਾਨ ਅਮਰਜੀਤ ਸਿੰਘ ਵੱਲੋਂ ਡਿਊਟੀ ਦੌਰਾਨ ਲਾਪ੍ਰਵਾਹੀ ਅਤੇ ਇਨਕਾਰੀ ਕੀਤੀ ਜਾਣੀ ਪਾਈ ਗਈ ਹੈ। ਜਿਸ ਤੋਂ ਬਾਅਦ ਰਿਟਰਨਿੰਗ ਅਫਸਰ ਦੇ ਆਦੇਸ਼ਾਂ ਤਹਿਤ ਸਹਾਇਕ ਰਿਟਰਨਿੰਗ ਕੰਮ ਉਪ ਮੰਡਲ ਮਜਿਸਟਰੇਟ ਖਡੂਰ ਸਾਹਿਬ ਸਚਿਨ ਪਾਠਕ ਦੇ ਬਿਆਨਾਂ ਤਹਿਤ ਅਮਰਜੀਤ ਸਿੰਘ ਖ਼ਿਲਾਫ ਪਰਚਾ ਦਰਜ ਕਰ ਲਿਆ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਸ੍ਰੀ ਗੋਇੰਦਵਾਲ ਸਾਹਿਬ ਦੇ ਏ. ਐੱਸ. ਆਈ. ਕੁਲਵੰਤ ਸਿੰਘ ਨੇ ਦੱਸਿਆ ਕਿ ਸਹਾਇਕ ਰਿਟਰਨਿੰਗ ਅਫਸਰ ਦੇ ਬਿਆਨਾਂ ਹੇਠ ਅਮਰਜੀਤ ਸਿੰਘ ਖ਼ਿਲਾਫ ਪਰਚਾ ਦਰਜ ਕਰਦੇ ਹੋਏ ਉਸ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ।

## ਦੋ ਨਾਬਾਲਗ ਬੱਚਿਆਂ ਨਾਲ ਬਦਫੈਲ ਕਰਨ ਦੇ ਦੋਸ ਵਿੱਚ ਮਦਰੱਸਾ ਅਧਿਆਪਕ ਗ੍ਰਿਫਤਾਰ

ਗੁਰਦਾਸਪੁਰ 4 ਅਪ੍ਰੈਲ। ਪੁਲਸ ਨੇ ਇੱਕ ਮਦਰੱਸੇ ਦੇ ਅਧਿਆਪਕ ਨੂੰ ਦੋ ਨਾਬਾਲਗ ਵਿਦਿਆਰਥੀਆਂ ਨਾਲ ਬਦਫੈਲੀ ਕਰਨ ਅਤੇ ਮਾਮਲੇ ਦਾ ਖੁਲਾਸਾ ਕਰਨ 'ਤੇ ਉਨ੍ਹਾਂ ਨੂੰ ਗੰਭੀਰ ਨਤੀਜੇ ਭੁਗਤਣ ਦੀ ਧਮਕੀ ਦੇਣ ਦੇ ਦੋਸ ਹੇਠ ਗ੍ਰਿਫਤਾਰ ਕੀਤਾ ਹੈ।ਸਰਹੱਦ ਪਾਰਲੇ ਸੂਤਰਾਂ ਅਨੁਸਾਰ ਸ਼ਿਕਾਇਤਕਰਤਾ ਜਲਾਲ ਦੀਨ ਨੇ ਆਪਣੀ ਦਰਖਾਸਤ ਵਿੱਚ ਕਿਹਾ ਹੈ ਕਿ ਉਸ ਦਾ ਮੁੰਡਾ ਅਤੇ ਭਤੀਜਾ, ਜਿਸ ਦੀ ਉਮਰ 10-12 ਸਾਲ ਦਰਮਿਆਨ ਹੈ, ਪਿਛਲੇ ਕੁਝ ਮਹੀਨਿਆਂ ਤੋਂ ਚੱਕ ਨੰਬਰ 143/ਐੱਮ.ਐੱਲ. ਮਦਰੱਸੇ ਵਿੱਚ ਰਹਿ ਰਹੇ ਸਨ ਉਨ੍ਹਾਂ ਨੇ ਦੱਸਿਆ ਕਿ ਉਨ੍ਹਾਂ ਦੇ ਅਧਿਆਪਕ ਨੇ ਉਨ੍ਹਾਂ ਨਾਲ ਮਦਰੱਸੇ 'ਚ ਬਦਫੈਲੀ ਕੀਤੀ ਸੀ ਅਤੇ ਇਸ ਬਾਰੇ ਕਿਸੇ ਨੂੰ ਦੱਸਣ 'ਤੇ ਉਨ੍ਹਾਂ ਨੂੰ ਤਸੀਹੇ ਦੇਣ ਦੀ ਧਮਕੀ ਵੀ ਦਿੱਤੀ ਸੀ। ਪੁਲਸ ਨੇ ਸ਼ਿਕਾਇਤ 'ਤੇ ਉਕਤ ਵਿਅਕਤੀ ਖ਼ਿਲਾਫ ਧਾਰਾ 376, 377-ਬੀ ਤਹਿਤ ਕੇਸ ਦਰਜ ਕਰਕੇ ਸੱਕੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਵਿਦਿਆਰਥੀਆਂ ਨੂੰ ਮੈਡੀਕਲ ਜਾਂਚ ਲਈ ਹਸਪਤਾਲ ਭੇਜ ਦਿੱਤਾ ਗਿਆ ਹੈ।

## ਘਰੇਲੂ ਬਿਜਲੀ ਕੁਨੈਕਸਨ ਬਾਰੇ ਰਿਪੋਰਟ ਭੇਜਣ ਬਦਲੇ ਮੰਗੀ ਰਿਸ਼ਵਤ

ਚੰਡੀਗੜ੍ਹ 4 ਅਪ੍ਰੈਲ। ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿਚ ਭ੍ਰਿਸਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਵੀਰਵਾਰ ਨੂੰ ਪੀ. ਐੱਸ. ਪੀ. ਸੀ. ਐੱਲ. ਦਫਤਰ, ਫੋਕਲ ਪੁਆਇੰਟ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਵਿਖੇ ਤਾਇਨਾਤ ਲਾਈਨਮੈਨ ਸੁਖਵਿੰਦਰ ਸਿੰਘ ਨੂੰ 5,000 ਰੁਪਏ ਦੀ ਰਿਸਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫਤਾਰ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਲਾਈਨਮੈਨ ਨੂੰ ਬਲਕਾਰ ਸਿੰਘ ਵਾਸੀ ਫੈਜਪੁਰਾ, ਤਹਿਸੀਲ ਬਟਾਲਾ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫਤਾਰ ਕੀਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ ਲਾਇਆ ਕਿ ਉਪਰੋਕਤ ਲਾਈਨਮੈਨ ਨੇ ਉਸਦੇ ਨਵੇਂ ਲੱਗਣ ਵਾਲੇ ਘਰੇਲੂ ਬਿਜਲੀ ਕੁਨੈਕਸਨ ਬਾਰੇ ਠੀਕ ਰਿਪੋਰਟ



ਭੇਜਣ ਬਦਲੇ 5,000 ਰੁਪਏ ਦੀ ਮੰਗ ਕੀਤੀ ਹੈ। ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਵੱਲੋਂ ਜਾਲ ਵਿਛਾਇਆ ਗਿਆ ਅਤੇ ਉਕਤ ਮੁਲਜਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 5,000 ਰੁਪਏ ਦੀ ਰਿਸਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ। ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿਚ ਵਿਜੀਲੈਂਸ ਬਿਊਰੋ ਦੇ ਥਾਣਾ ਅੰਮ੍ਰਿਤਸਰ ਰੇਂਜ ਵਿਚ ਮੁਲਜਮ ਖ਼ਿਲਾਫ ਭ੍ਰਿਸਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਮੁਲਜਮ ਨੂੰ ਭਲਕੇ ਅਦਾਲਤ ਵਿਚ ਪੇਸ ਕੀਤਾ ਜਾਵੇਗਾ ਅਤੇ ਹੋਰ ਪੁੱਛਗਿੱਛ ਜਾਰੀ ਹੈ।

## ਫਾਈਨਾਂਸ ਕੰਪਨੀ ਤੋਂ ਲਏ ਕਰਜ ਤੋਂ ਪ੍ਰੇਸਾਨ ਵਿਅਕਤੀ ਨੇ ਕੀਤੀ ਖੁਦਕੁਸ਼ੀ

ਫਾਜਿਲਕਾ 4 ਅਪ੍ਰੈਲ। ਫਾਜ਼ਿਲਕਾ ਦੇ ਪਿੰਡ ਆਜਮ ਵਾਲਾ 'ਚ ਕਰਜ ਤੋਂ ਪ੍ਰੇਸਾਨ ਹੋ ਕੇ ਇਕ ਵਿਅਕਤੀ ਵੱਲੋਂ ਖੁਦਕੁਸ਼ੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਮੁਤਾਬਕ ਮ੍ਰਿਤਕ ਨੇ ਇਕ ਫਾਈਨਾਂਸ ਕੰਪਨੀ ਤੋਂ ਕਰਜਾ ਲੈ ਰੱਖਿਆ ਸੀ ਜਿਸ ਨੂੰ ਨਾ ਚੁਕਾਉਣ 'ਤੇ ਕੰਪਨੀ ਵੱਲੋਂ ਉਸ 'ਤੇ ਕੇਸ ਦਰਜ ਕੀਤਾ ਗਿਆ ਸੀ ਜਿਸ ਦੀ ਪ੍ਰੇਸਾਨੀ ਦੇ ਚਲਦਿਆਂ ਉਸ ਨੇ ਫਾਹਾ ਲੈ ਕੇ ਖੁਦਕੁਸ਼ੀ ਕਰ ਲਈ। ਇਸ ਬਾਰੇ ਜਾਣਕਾਰੀ ਦਿੰਦਿਆਂ ਮ੍ਰਿਤਕ ਸੂਬਾ ਸਿੰਘ (48) ਦੀ ਪਤਨੀ ਸਰਬਜੀਤ ਕੌਰ ਨੇ ਦੱਸਿਆ ਕਿ ਉਨ੍ਹਾਂ ਦੇ ਪਤੀ ਨੇ ਸ੍ਰੀ ਰਾਮ ਫਾਈਨਾਂਸ ਕੰਪਨੀ ਤੋਂ ਕਰੀਬ 6 ਲੱਖ ਰੁਪਏ ਦਾ ਕਰਜ ਲੈ ਕੇ ਇਕ ਕੈਂਟਰ ਲਿਆ ਹੋਇਆ ਸੀ ਜਿਸ ਦੀਆਂ ਬਹੁਤੀਆਂ ਕਿਸਤਾਂ ਭਰ ਦਿੱਤੀਆਂ ਗਈਆਂ ਸਨ ਪਰ ਕੁਝ ਕਿਸਤਾਂ ਬਕਾਇਆ ਰਹਿੰਦਿਆਂ ਸਨ, ਜਿਸ ਦੇ ਚਲਦਿਆਂ ਕੰਪਨੀ ਨੇ ਉਨ੍ਹਾਂ ਤੇ ਕੇਸ ਕਰ ਦਿੱਤਾ ਸੀ। ਇਸ ਕੇਸ 'ਚ ਉਨ੍ਹਾਂ ਨੂੰ ਕੁੱਝ ਸਮੇਂ ਪਹਿਲਾਂ ਜੇਲ੍ਹ ਵੀ ਜਾਣਾ ਪਿਆ ਸੀ। ਇਸ ਦੌਰਾਨ ਉਹ ਕਰੀਬ 3 ਮਹੀਨੇ ਦੀ ਜੇਲ੍ਹ ਵੀ ਕੱਟ ਕੇ ਆਇਆ ਸੀ। ਇਸ ਤੋਂ ਬਾਅਦ ਵੀ ਉਕਤ ਕੰਪਨੀ ਨੇ ਉਨ੍ਹਾਂ ਤੇ ਬਕਾਇਆ ਪਈ ਰਕਮ ਕਹਿ ਕੇ ਕੇਸ ਕੀਤਾ ਹੋਇਆ ਸੀ। ਜਿਸ ਦੀ ਪੇਸੀ ਦੀ ਤਾਰੀਖ ਸੁੱਕਰਵਾਰ 29 ਨਵੰਬਰ ਦੀ ਸੀ। ਇਸ ਦਿਨ ਹੀ ਉਨ੍ਹਾਂ ਦੀ ਬਹਿਸ ਹੋਣੀ ਸੀ ਅਤੇ ਉਸ ਨੂੰ ਸਜਾ ਹੋਣ ਦਾ ਡਰ ਸਤਾ ਰਿਹਾ ਸੀ ਜਿਸ ਕਾਰਨ ਉਹ ਪ੍ਰੇਸਾਨ ਚਲ ਰਿਹਾ ਸੀ ਅਤੇ ਇਸੇ ਪ੍ਰੇਸਾਨੀ ਦੇ ਚਲਦਿਆਂ ਹੀ ਉਸਨੇ ਸੁੱਕਰਵਾਰ ਸਵੇਰੇ ਕਰੀਬ ਸਾਢੇ 10 ਵਜੇ ਆਪਣੇ ਘਰ ਦੇ ਕਮਰੇ 'ਚ ਲੋਹੇ ਦੀ ਪਾਈਪ ਨਾਲ ਲਟਕ ਕੇ ਆਪਣੀ ਜੀਵਨਲੀਲਾ ਸਮਾਪਤ ਕਰ ਲਈ। ਉਧਰ, ਕੰਪਨੀ ਦੇ ਸਬੰਧਿਤ ਕਰਮਚਾਰੀਆਂ ਨੇ ਸਾਰੇ ਦੋਸਾਂ ਨੂੰ ਸਿਰੇ ਤੋਂ ਨਕਾਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਕਿਸੇ ਤਰ੍ਹਾਂ ਦਾ ਕੋਈ ਪ੍ਰੇਸਾਨ ਨਹੀਂ ਕੀਤਾ ਗਿਆ। ਮ੍ਰਿਤਕ ਦੀ ਪਤਨੀ ਤੇ ਪਰਿਵਾਰ ਵਾਲਿਆਂ ਨੇ ਇਸ ਮਾਮਲੇ 'ਚ ਉਕਤ ਫਾਈਨਾਂਸ ਕੰਪਨੀ ਦੇ ਸਬੰਧਤ ਕਰਮਚਾਰੀਆਂ 'ਤੇ ਬਣਦੀ ਕਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ ਹੈ। ਉਧਰ, ਸੂਚਨਾ ਮਿਲਣ ਤੇ ਮੌਕੇ 'ਤੇ ਪਹੁੰਚੇ ਪੁਲਸ ਅਧਿਕਾਰੀਆਂ ਨੇ ਆਪਣੀ ਕਾਰਵਾਈ ਸੁਰੂ ਕਰ ਦਿੱਤੀ। ਇਸ ਮੌਕੇ ਜਾਣਕਾਰੀ ਦਿੰਦਿਆਂ ਜਾਂਚ ਅਧਿਕਾਰੀ ਰਵੀ ਕਾਂਤ ਨੇ ਦੱਸਿਆ ਕਿ ਮ੍ਰਿਤਕ ਦੇ ਪਰਿਵਾਰ ਵਾਲਿਆਂ ਦੇ ਬਿਆਨਾਂ ਦੇ ਅਧਾਰ 'ਤੇ ਬਣਦੀ ਕਾਰਵਾਈ ਅਮਲ 'ਚ ਲਿਆਂਦੀ ਜਾ ਰਹੀ ਹੈ।

## ਉੱਤਰੀ ਰੇਲਵੇ ਫਿਰੋਜਪੁਰ ਨੇ ਮਹੀਨੇ 'ਚ ਟਿਕਟਾਂ ਦੀ ਚੈਕਿੰਗ ਦੌਰਾਨ 3.04 ਕਰੋੜ ਦਾ ਜੁਰਮਾਨਾ ਵਸੂਲਿਆ

ਜੈਤੋਂ 4 ਅਪ੍ਰੈਲ। ਉੱਤਰੀ ਰੇਲਵੇ ਦੇ ਫ਼ਿਰੋਜਪੁਰ ਡਵੀਜਨ ਦੇ ਇੱਕ ਅਧਿਕਾਰੀ ਨੇ ਦੱਸਿਆ ਕਿ ਫ਼ਿਰੋਜਪੁਰ ਡਵੀਜਨ ਦੀ ਟਿਕਟ ਚੈਕਿੰਗ ਟੀਮ ਵੱਲੋਂ ਰੇਲ ਗੱਡੀਆਂ 'ਚ ਅਣ ਅਧਿਕਾਰਤ ਤੌਰ 'ਤੇ ਸਫਰ ਕਰਨ ਵਾਲੇ ਯਾਤਰੀਆਂ ਦੇ ਇਸ ਰੁਝਾਨ ਨੂੰ ਰੋਕਣ ਲਈ ਲਗਾਤਾਰ ਟਿਕਟਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ। ਡਵੀਜਨ ਦੇ ਟਿਕਟ ਚੈਕਿੰਗ ਸਟਾਫ ਅਤੇ ਚੀਫ ਟਿਕਟ ਇੰਸਪੈਕਟਰਾਂ ਵੱਲੋਂ, 2024 ਦੌਰਾਨ ਰੇਲ ਗੱਡੀਆਂ ਦੀ ਚੈਕਿੰਗ ਦੌਰਾਨ ਕੁੱਲ 31833 ਯਾਤਰੀ ਬਿਨਾਂ ਟਿਕਟ ਜਾਂ ਬੇਨਿਯਮੀ ਨਾਲ ਸਫਰ ਕਰਦੇ ਪਾਏ ਗਏ ਅਤੇ ਉਨ੍ਹਾਂ ਤੋਂ ਜੁਰਮਾਨੇ ਵਜੋਂ ਕਰੀਬ 3.04 ਕਰੋੜ ਰੁਪਏ ਦੀ ਵਸੂਲੀ ਕੀਤੀ ਗਈ। ਹੁਣ, ਭਾਵੇਂ ਰੇਲਗੱਡੀ ਵਿੱਚ ਯਾਤਰਾ ਕਰਦੇ ਸਮੇਂ ਕਿਸੇ ਰੇਲਵੇ ਯਾਤਰੀ ਕੋਲ ਨਕਦੀ ਨਾ ਹੋਵੇ, ਉਹ ਆਨ-ਬੋਰਡ ਟਿਕਟ ਚੈਕਿੰਗ ਸਟਾਫ ਕੋਲ ਉਪਲੱਬਧ ਹੈਂਡ ਹੈਲਡ ਟਰਮੀਨਲ () ਰਾਹੀਂ ਕੋਡ/ ਨੂੰ ਸਕੈਨ ਕਰਕੇ ਭੁਗਤਾਨ ਕਰ ਸਕਦਾ ਹੈ। ਚਾਲੂ ਵਿੱਤੀ ਸਾਲ ਦੇ ਜਨਵਰੀ ਮਹੀਨੇ ਵਿੱਚ ਫ਼ਿਰੋਜਪੁਰ ਡਵੀਜਨ ਨੂੰ ਕਿਊਆਰ ਕੋਡ/ਯੂਪੀਆਈ ਸਕੈਨ ਰਾਹੀਂ ਟਿਕਟ ਚੈਕਿੰਗ ਨਾਲ ਸਬੰਧਿਤ ਲੈਣ-ਦੇਣ ਤੋਂ 1.31 ਲੱਖ ਰੁਪਏ ਦਾ ਮਾਲੀਆ ਪ੍ਰਾਪਤ ਹੋਇਆ, ਜੋ ਮਈ ਮਹੀਨੇ ਵਿੱਚ ਵੱਧ ਕੇ 7.30 ਲੱਖ ਰੁਪਏ ਹੋ ਗਿਆ। ਜਨਵਰੀ ਅਤੇ ਮਈ ਦੇ ਮਹੀਨਿਆਂ ਲਈ ਕੋਡ/ ਸਕੈਨਿੰਗ ਰਾਹੀਂ ਕਮਾਈ ਕੀਤੀ ਆਮਦਨ ਦੀ ਤੁਲਨਾ ਕਰਦੇ ਹੋਏ, ਫ਼ਿਰੋਜਪੁਰ ਡਿਵੀਜਨ ਵਿੱਚ 557 ਫੀਸਦੀ ਵਾਧਾ ਹੋਇਆ ਹੈ। ਫ਼ਿਰੋਜਪੁਰ ਡਵੀਜਨ ਵਿੱਚ ਸਮੇਂ-ਸਮੇਂ 'ਤੇ ਰੇਲਵੇ ਯਾਤਰੀਆਂ



ਨੂੰ ਕੋਡ ਬਾਰੇ ਜਾਗਰੂਕ ਕਰਨ ਲਈ ਮੁਹਿੰਮ ਚਲਾਈ ਜਾਂਦੀ ਹੈ, ਜਿਸ ਦੇ ਨਤੀਜੇ ਵਜੋਂ ਉਪਭੋਗਤਾਵਾਂ ਦੀ ਗਿਣਤੀ ਦਿਨੋਂ-ਦਿਨ ਵੱਧ ਰਹੀ ਹੈ। ਡਵੀਜਨ ਦੇ ਰੇਲਵੇ ਸਟੇਸਨਾਂ ਨੂੰ ਸਾਫ-ਸੁਥਰਾ ਰੱਖਣ ਅਤੇ ਆਮ ਲੋਕਾਂ ਨੂੰ ਸਟੇਸਨਾਂ 'ਤੇ ਕੂੜਾ ਸੁੱਟਣ ਤੋਂ ਰੋਕਣ ਅਤੇ ਸਫਾਈ ਪ੍ਰਤੀ ਜਾਗਰੂਕ ਕਰਨ ਲਈ ਡਵੀਜਨ ਦੇ ਮੁੱਖ ਸਟੇਸਨਾਂ 'ਤੇ ਰੈਗੂਲਰ ਤੌਰ 'ਤੇ ਚੈਕਿੰਗ ਕੀਤੀ ਜਾਂਦੀ ਹੈ। ਇਸ ਦੇ ਨਤੀਜੇ ਵਜੋਂ ਮਈ ਮਹੀਨੇ ਦੌਰਾਨ ਸਟੇਸਨ ਕੰਪਲੈਕਸ (ਐਂਟੀ ਲਿਟਰਿੰਗ ਐਕਟ) ਵਿੱਚ ਕੂੜਾ ਸੁੱਟਣ ਵਾਲੇ 301 ਯਾਤਰੀਆਂ ਤੋਂ 54 ਹਜਾਰ ਰੁਪਏ ਤੋਂ ਵੱਧ ਦੀ ਵਸੂਲੀ ਕੀਤੀ ਗਈ। ਇਸ ਤੋਂ ਇਲਾਵਾ ਯਾਤਰੀਆਂ ਨੂੰ ਸਫਾਈ ਪ੍ਰਤੀ ਜਾਗਰੂਕ ਕਰਨ ਲਈ ਸਮੇਂ-ਸਮੇਂ 'ਤੇ ਸਫਾਈ ਮੁਹਿੰਮ ਵੀ ਚਲਾਈ ਜਾਂਦੀ ਹੈ। ਰੇਲਵੇ ਮਾਲੀਆ ਵਧਾਉਣ ਦੇ ਨਾਲ-ਨਾਲ ਫ਼ਿਰੋਜਪੁਰ ਡਵੀਜਨ ਦਾ ਟਿਕਟ ਚੈਕਿੰਗ ਸਟਾਫ ਯਾਤਰੀਆਂ ਦੀ ਮਦਦ ਕਰਕੇ ਸਮਾਜਿਕ ਫਰਜ ਵੀ ਨਿਭਾ ਰਿਹਾ ਹੈ ਕਿਉਂਕਿ ਕੰਮ ਪ੍ਰਤੀ ਸਮਰਪਿਤ ਟਿਕਟ ਚੈਕਿੰਗ ਸਟਾਫ ਦਾ ਮਨੋਬਲ ਵਧਾਉਣ ਲਈ ਰੇਲਵੇ ਪ੍ਰਸਾਸਨ ਵੱਲੋਂ ਉਨ੍ਹਾਂ ਨੂੰ ਸਮੇਂ-ਸਮੇਂ 'ਤੇ ਪ੍ਰਸੰਸਾ ਪੱਤਰ ਦਿੱਤੇ ਜਾਂਦੇ ਹਨ।

## ਸਾਰਟ ਸਰਕਟ ਕਾਰਨ ਕੱਪੜਾ ਫੈਕਟਰੀ 'ਚ ਲੱਗੀ ਭਿਆਨਕ ਅੱਗ

ਲੁਧਿਆਣਾ 4 ਅਪ੍ਰੈਲ। ਇੱਥੇ ਅੱਜ ਦੁਪਹਿਰ ਬਾਅਦ ਇਕ ਕੱਪੜਾ ਫੈਕਟਰੀ 'ਚ ਸਾਰਟ ਸਰਕਟ ਹੋਣ ਕਾਰਨ ਅੱਗ ਲੱਗਣ ਦਾ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਮਿਹਰਬਾਨ ਅਧੀਨ ਪੈਂਦੇ ਪਿੰਡ ਬਾਜੜਾ 'ਚ ਫੈਕਟਰੀ ਮਾਲਕ ਦਵਿੰਦਰ ਕੁਮਾਰ ਨੇ ਦੱਸਿਆ ਕਿ ਰਾਤ ਕਰੀਬ 12.30 ਵਜੇ ਉਨ੍ਹਾਂ ਨੂੰ ਸੂਚਨਾ ਮਿਲੀ ਕਿ ਸਾਰਟ ਸਰਕਟ ਕਾਰਨ ਫੈਕਟਰੀ ਦੇ ਇਕ ਹਾਲ 'ਚ ਅਚਾਨਕ ਅੱਗ ਲੱਗ ਗਈ। ਇਸ ਮਗਰੋਂ ਅੱਗ ਬੁਝਾਊ ਦਸਤੇ ਦੀਆਂ 10 ਗੱਡੀਆਂ ਮੌਕੇ 'ਤੇ ਪੁੱਜੀਆਂ, ਜਿਨ੍ਹਾਂ ਨੇ ਕਰੀਬ 3 ਘੰਟੇ ਬਾਅਦ ਅੱਗ 'ਤੇ ਕਾਬੂ ਪਾਇਆ, ਜਦਕਿ ਲੱਖਾਂ ਰੁਪਏ ਦਾ ਨੁਕਸਾਨ ਹੋ ਗਿਆ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814
Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਜੋਗਿੰਦਰਾ ਗਰੁੱਪ ਵੱਲੋਂ ਕੀਤਾ ਜਾ ਰਿਹਾ 1,100 ਕਰੋੜ ਰੁਪਏ ਦਾ ਨਿਵੇਸ਼ ਪੰਜਾਬ ਦੇ ਉਦਯੋਗਿਕ ਵਿਕਾਸ ਅਤੇ ਗਰੀਨ ਊਰਜਾ ਨੂੰ ਵੱਡਾ ਹੁਲਾਰਾ ਦੇਵੇਗਾ: ਸੰਜੀਵ ਅਰੋੜਾ



**ਚੰਡੀਗੜ੍ਹ, 4 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਉਦਯੋਗ ਅਤੇ ਵਣਜ, ਨਿਵੇਸ਼ ਪ੍ਰੋਤਸਾਹਨ, ਬਿਜਲੀ ਅਤੇ ਸਥਾਨਕ ਸਰਕਾਰਾਂ ਬਾਰੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਦੱਸਿਆ ਕਿ ਜੋਗਿੰਦਰਾ ਗਰੁੱਪ ਵੱਲੋਂ 1,100 ਕਰੋੜ ਰੁਪਏ ਦੇ ਨਿਵੇਸ਼ ਨਾਲ ਰਣਨੀਤਕ ਵਿਸਥਾਰ ਦੀ ਯੋਜਨਾ ਦਾ ਐਲਾਨ ਕੀਤਾ ਗਿਆ ਹੈ ਜਿਸ ਤਹਿਤ ਪੰਜਾਬ ਦੇ ਉਦਯੋਗਿਕ ਵਿਕਾਸ ਅਤੇ ਗਰੀਨ ਊਰਜਾ ਦੀ ਵਰਤੋਂ ਨੂੰ ਵੱਡਾ ਹੁਲਾਰਾ ਮਿਲੇਗਾ।

ਉਨ੍ਹਾਂ ਕਿਹਾ ਕਿ ਇਹ ਨਿਵੇਸ਼ ਪੰਜਾਬ ਦੀਆਂ ਪ੍ਰਗਤੀਸ਼ੀਲ ਨੀਤੀਆਂ ਅਤੇ ਕਾਰੋਬਾਰ ਪੱਖੀ ਮਾਹੌਲ ਪ੍ਰਤੀ ਉਦਯੋਗਾਂ ਦੇ ਵਧ ਰਹੇ ਵਿਸ਼ਵਾਸ ਨੂੰ ਦਰਸਾਉਂਦਾ ਹੈ।

ਸੰਜੀਵ ਅਰੋੜਾ ਨੇ ਕਿਹਾ ਕਿ ਇਹ ਨਿਵੇਸ਼ ਪੰਜਾਬ ਦੀਆਂ ਪ੍ਰਗਤੀਸ਼ੀਲ ਨੀਤੀਆਂ ਅਤੇ ਕਾਰੋਬਾਰ ਪੱਖੀ ਮਾਹੌਲ ਪ੍ਰਤੀ ਉਦਯੋਗਾਂ ਦੇ ਵਧ ਰਹੇ ਵਿਸ਼ਵਾਸ ਨੂੰ ਦਰਸਾਉਂਦਾ ਹੈ। ਉਨ੍ਹਾਂ ਦੱਸਿਆ ਕਿ ਇਸ ਵਿਸਥਾਰ ਤਹਿਤ ਸਟੀਲ ਖੇਤਰ ਵਿੱਚ 700 ਕਰੋੜ ਰੁਪਏ ਦਾ ਨਿਵੇਸ਼ ਕੀਤਾ ਜਾਵੇਗਾ ਜੋ ਮੁੱਖ ਤੌਰ 'ਤੇ ਜੋਗਿੰਦਰਾ ਕਾਸਟਿੰਗ ਅਤੇ ਵਰਧਮਾਨ ਆਦਰਸ਼ ਰਾਹੀਂ ਕੀਤਾ ਜਾਵੇਗਾ ਜਿਸ ਵਿੱਚ ਜੋਗਿੰਦਰਾ ਗ੍ਰੀਨ ਇੰਡੀਆ ਰਾਹੀਂ ਨਵਿਆਉਣਯੋਗ ਊਰਜਾ ਵਿੱਚ 400 ਕਰੋੜ ਰੁਪਏ ਦਾ ਨਿਵੇਸ਼ ਸ਼ਾਮਲ ਹੈ।

ਇਸ ਵਿਸਥਾਰ ਦੀ ਮਹੱਤਤਾ ਨੂੰ ਉਜਾਗਰ ਕਰਦਿਆਂ ਸੰਜੀਵ ਅਰੋੜਾ ਨੇ ਕਿਹਾ, ਜੋਗਿੰਦਰਾ ਗਰੁੱਪ ਦਾ ਟਰਨਓਵਰ 3,000 ਕਰੋੜ ਰੁਪਏ ਤੋਂ ਵੱਧ ਕੇ 5,000 ਕਰੋੜ ਰੁਪਏ ਹੋਣ ਦੀ ਸੰਭਾਵਨਾ ਹੈ ਅਤੇ ਇਸ ਦੇ ਕਰਮਚਾਰੀਆਂ ਦੀ ਗਿਣਤੀ 1,800 ਤੋਂ ਵੱਧ ਕੇ 3,000 ਹੋ ਜਾਵੇਗੀ ਜਿਸ ਨਾਲ ਰੁਜ਼ਗਾਰ ਦੇ ਵੱਡੇ ਮੌਕੇ ਪੈਦਾ ਹੋਣਗੇ। ਉਨ੍ਹਾਂ ਅੱਗੇ ਕਿਹਾ ਕਿ ਨਵਿਆਉਣਯੋਗ ਊਰਜਾ ਸਮਰੱਥਾ 37 ਮੈਗਾਵਾਟ ਤੋਂ ਵੱਧ ਕੇ 120 ਮੈਗਾਵਾਟ ਹੋ ਜਾਵੇਗੀ।

ਜੋਗਿੰਦਰਾ ਗਰੁੱਪ ਦੇ ਪਿਛੋਕੜ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਕਿਹਾ ਕਿ 1992 ਵਿੱਚ ਸਥਾਪਿਤ ਜੋਗਿੰਦਰਾ ਗਰੁੱਪ ਉੱਤਰੀ ਭਾਰਤ ਦੀ ਇੱਕ ਮੋਹਰੀ ਉਦਯੋਗਿਕ ਗਰੁੱਪ ਹੈ ਜੋ ਸਟੀਲ ਨਿਰਮਾਣ ਦੇ ਖੇਤਰ ਵਿੱਚ ਨਿਰੰਤਰ ਕਾਰਜਸ਼ੀਲ ਹੈ ਅਤੇ ਇਹ ਕੰਪਨੀ ਨਵਿਆਉਣਯੋਗ ਊਰਜਾ ਵਿੱਚ ਵੀ ਪੈਰ ਪਸਾਰ ਰਹੀ ਹੈ। ਉਨ੍ਹਾਂ ਅੱਗੇ ਕਿਹਾ, ਇਸ ਗਰੁੱਪ ਦੀ ਅਗਵਾਈ ਸੀਐਮਡੀ ਆਦਰਸ਼ ਗਰਗ ਵੱਲੋਂ ਡਾਇਰੈਕਟਰ ਸੰਜੇ ਗੁਪਤਾ ਅਤੇ ਨਿਮਿਤ ਗੁਪਤਾ ਦੇ ਨਾਲ ਕੀਤੀ ਜਾਂਦੀ ਹੈ।

ਇਸ ਸਬੰਧੀ ਖੇਤਰੀ ਪ੍ਰਭਾਵ 'ਤੇ ਚਾਨਣਾ ਪਾਉਂਦਿਆਂ ਸੰਜੀਵ ਅਰੋੜਾ ਨੇ ਕਿਹਾ ਕਿ ਮੰਡੀ ਗੋਬਿੰਦਗੜ੍ਹ ਹਮੇਸ਼ਾ ਤੋਂ ਪੰਜਾਬ ਦੇ ਸਟੀਲ ਉਦਯੋਗ ਦੀ ਰੀੜ੍ਹ ਦੀ ਹੱਡੀ ਰਿਹਾ ਹੈ। ਉਨ੍ਹਾਂ ਕਿਹਾ, ਅੱਜ ਭਗਵੰਤ ਮਾਨ ਸਰਕਾਰ ਅਧੀਨ ਇਹ ਨਵੇਂ ਨਿਵੇਸ਼, ਆਧੁਨਿਕੀਕਰਨ ਅਤੇ ਸਾਫ਼-ਸੁਥਰੇ ਤੇ ਵਧੇਰੇ ਕੁਸ਼ਲ ਉਤਪਾਦਨ ਨਾਲ ਆਪਣੀ ਸਥਿਤੀ ਨੂੰ ਹੋਰ ਮਜ਼ਬੂਤ ਕਰ ਰਿਹਾ ਹੈ। ਜੋਗਿੰਦਰਾ ਗਰੁੱਪ ਵੱਲੋਂ ਕੀਤਾ ਗਿਆ ਵਿਸਥਾਰ ਇਸ ਗੱਲ ਦਾ ਸਪੱਸ਼ਟ ਸੰਕੇਤ ਹੈ ਕਿ ਗੋਬਿੰਦਗੜ੍ਹ ਇੱਕ ਵਾਰ ਫਿਰ ਪੰਜਾਬ ਦੀ ਉਦਯੋਗਿਕ ਆਰਥਿਕਤਾ ਲਈ ਵਿਕਾਸ ਦਾ ਮੁੱਖ ਕੇਂਦਰ ਬਣ ਰਿਹਾ ਹੈ।

ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਨਿਰਮਾਣ ਅਤੇ ਗਰੀਨ ਊਰਜਾ ਵਿੱਚ ਨਿਵੇਸ਼ ਲਈ ਇੱਕ ਪਸੰਦੀਦਾ ਸਥਾਨ ਵਜੋਂ ਉੱਭਰ ਰਿਹਾ ਹੈ ਅਤੇ ਇਹ 1,100 ਕਰੋੜ ਰੁਪਏ ਦਾ ਨਿਵੇਸ਼ ਉਦਯੋਗਿਕ ਅਧਾਰ ਨੂੰ ਮਜ਼ਬੂਤ ਕਰੇਗਾ, ਰੁਜ਼ਗਾਰ ਦੇ ਅਹਿਮ ਮੌਕੇ ਪੈਦਾ ਕਰੇਗਾ ਅਤੇ ਸਥਾਈ ਵਿਕਾਸ ਨੂੰ ਯਕੀਨੀ ਬਣਾਏਗਾ।

ਭਗਵੰਤ ਮਾਨ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਮੰਤਰੀ ਨੇ ਕਿਹਾ, ਆਪ ਸਰਕਾਰ ਉਦਯੋਗ ਪੱਖੀ ਮਾਹੌਲ ਪ੍ਰਦਾਨ ਕਰਨ, ਕਾਰੋਬਾਰ ਕਰਨ ਵਿੱਚ ਆਸਾਨੀ ਨੂੰ ਯਕੀਨੀ ਬਣਾਉਣ ਅਤੇ ਸੂਬੇ ਭਰ ਵਿੱਚ ਵਾਤਾਵਰਣ ਸੁਰੱਖਿਆ 'ਤੇ ਕੇਂਦਰਤ ਨਿਵੇਸ਼ਾਂ ਨੂੰ ਉਤਸ਼ਾਹਿਤ ਕਰਨ ਲਈ ਵਚਨਬੱਧ ਹੈ।

# ਟ੍ਰੇਡ ਯੂਨੀਅਨਾਂ ਨੇ ਕਾਲਾ ਦਿਵਸ ਮਨਾਇਆ



**ਮਲੇਰਕੋਟਲਾ, 4 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਕੇਂਦਰੀ ਟ੍ਰੇਡ ਯੂਨੀਅਨਾਂ ਅਤੇ ਮੁਲਾਜਮ ਫੈਡਰੇਸ਼ਨਾਂ ਦੇ ਸੱਦੇ ਤੇ ਬਿਜਲੀ ਬੋਰਡ ਸੱਟਾ ਚੌਂਕ ਮਾਲੇਰਕੋਟਲਾ ਦੇ ਦਫਤਰ ਅੱਗੇ ਵੱਖ ਵੱਖ ਟ੍ਰੇਡ ਯੂਨੀਅਨਾਂ,ਮਜਦੂਰ ਤੇ ਮੁਲਾਜਮ ਜਥੇਬੰਦੀਆਂ ਵੱਲੋਂ? ਕੇਂਦਰ ਦੀ ਕਠਪੁਤਲੀ ਸਰਕਾਰ ਵੱਲੋਂ ਅਪਣੇ ਫਾਸੀਵਾਦੀ ਆਰਥਿਕ ਹੱਲੇ ਤਹਿਤ ਕਿਰਤੀਆਂ ਦੇ ਹੱਕ ਚ ਲੰਮੇਂ ਸੰਘਰਸਾਂ ਉਪਰੰਤ ਟ੍ਰੇਡ ਯੂਨੀਅਨਾਂ ਵੱਲੋਂ ਬਣਵਾਏ 29 ਕਿਰਤ ਕਾਨੂੰਨਾਂ ਨੂੰ ਤੋੜ ਕੇ 4 ਲੇਬਰ ਕੋਡਾਂ ਵਿੱਚ ਬਦਲਕੇ ਲਾਗੂ ਕਰਨ ਦੇ ਨੋਟੀਫਿਕੇਸਨ ਦੀਆਂ ਕਾਪੀਆਂ ਫੂਕ ਕੇ ਅਤੇ ਕਾਲੀਆਂ ਝੰਡੀਆਂ ਲਗਾ ਕੇ ਰੋਸ ਪ੍ਰਦਰਸਨ ਕਰਕੇ ਕਾਲਾ ਦਿਵਸ ਮਨਾਇਆ ਗਿਆ ਇਸ ਮੌਕੇ ਕਾਮਰੇਡ ਅਬਦੁਲ ਸਤਾਰ ਲਾਲ ਝੰਡਾ ਭੱਠਾ ਵਰਕਰ ਯੂਨੀਅਨ ਦੇ ਪੰਜਾਬ ਪ੍ਰਧਾਨ (ਸੀਟੂ) ਨੇ ਅਪਣੇ ਸੰਬੋਧਨ ਚ ਕਿਹਾ ਕਿ ਮੋਦੀ ਸਰਕਾਰ ਵੱਲੋਂ ਕਿਰਤ ਕਾਨੂੰਨਾਂ ਨੂੰ ਤੋੜ ਕੇ 4 ਕੋਡਾਂ ਵਿੱਚ ਬਦਲਣ ਦਾ ਫੈਂਸਲਾ ਕਿਰਤੀਆਂ ਦੇ ਹੱਕਾਂ ਤੇ ਡਾਕਾ ਹੈ ਜੋ ਬਰਦਾਸਤ ਨਹੀਂ ਕੀਤਾ ਜਾਵੇਗਾ । ਕਾਮਰੇਡ ਭਰਭੂਰ ਸਿੰਘ ਬੂੰਲਾਪੁਰ ਅਤੇ ਹੋਰ ਜੱਥੇਬੰਦੀਆਂ ਦੇ ਆਗੂਆਂ ਨੇ ਕਿਹਾ ਇਹਨਾਂ ਕੋਡਾਂ ਦੇ ਲਾਗੂ ਹੋਣ ਨਾਲ ਜਥੇਬੰਦੀਆਂ ਬਣਾਉਣ ਤੇ ਪਾਬੰਦੀ ਲੱਗੇ ਗੀ ਕਿਰਤੀਆਂ ਦਾ ਆਰਥਿਕ ਸੋਸਣ ਵਧੇਗਾ,ਸਰਵਿਸ ਸੁਰੱਖਿਆ ਦਾ ਖਾਤਮਾਂ ਹੋਵੇਗਾ, ਫੈਕਟਰੀ ਮਾਲਕ 100 ਵਰਕਰਾ ਦੀ ਵਿਜਾਏ 300 ਵਰਕਰਾਂ ਵਾਲੀ ਫੈਕਟਰੀ ਨੂੰ ਬਿਨਾਂ ਕਿਸੇ ਸਰਕਾਰ ਦੀ ਮਨਜ਼ੂਰੀ ਤੋਂ ਬੰਦ ਕਰ ਸਕਣਗੇ, ਘੱਟੋ ਘੱਟ ਉਜਰਤ ਦੀ ਵਿਜਾਏ ਘਾਟੇਬੰਦ ਫਾਰਮੂੱਲਾ ਨੈਸਨਲ ਫਲੋਰ ਵੇਜ ਲਾਗੂ ਕੀਤੀ ਜਾਵੇਗੀ ,ਔਰਤ ਵਰਕਰਾਂ ਨੂੰ ਬਿਨਾਂ ਕਿਸੇ ਸੁਰੱਖਿਆ ਦੇ ਰਾਤ ਦੀਆਂ ਸਿਫਟਾਂ ਵਿੱਚ ਕੰਮ ਕਰਨ ਲਈ ਮਜਬੂਰ ਕੀਤਾ ਜਾਵੇਗਾ ਅਤੇ ਕਿਰਤੀ ਟ੍ਰੇਡ ਯੂਨੀਅਨ ਹੱਕਾਂ ਤੋਂ ਵਾਂਝਾ ਹੋ ਕੇ ਕਾਰਪੋਰੇਟਾਂ ਘਰਾਣਿਆਂ ਦੀ ਗੁਲਾਮੀਂ ਵੱਲ ਵਧਣਗੇ ਜੋ ਹਰਗਿਜ ਬਰਦਾਸਤ ਨਹੀਂ ਕਰਾਂਗੇ ਇਹਨਾਂ 4 ਕਾਲੇ ਕੋਡਾਂ ਨੂੰ ਖਤਮ ਕਰਾਉਣ ਅਤੇ 29 ਕਿਰਤ ਕਾਨੂੰਨਾਂ ਦੀ ਬਹਾਲੀ ਲਈ ਤਿੱਖੇ ਸੰਘਰਸਾਂ ਵੱਲ ਵਧਿਆ ਜਾਵੇਗਾ। ਇਸ ਮੌਕੇ ਰੋਸ ਰੈਲੀ ਨੂੰ ਕਾਮਰੇਡ ਮੁਹੰਮਦ ਸਤਾਰ ਤਹਿਸੀਲ ਸਕੱਤਰ, ਗੁਰਮੁਖ ਸਿੰਘ ਮਹੇਰਨਾਂ ਕੁਲ ਹਿੰਦ ਕਿਸਾਨ ਸਭਾ ਜ਼ਿਲ੍ਹਾ ਪ੍ਰਧਾਨ, ਮੁਹੰਮਦ ਹਲੀਮ ਦਫ਼ਤਰ ਸਕੱਤਰ,ਜੁਆਰ ਸਿੰਘ ਕੁਲ ਹਿੰਦ ਕਿਸਾਨ ਸਭਾ ਤਹਿਸੀਲ ਸਕੱਤਰ ਅਮਰਗੜ੍ਹ , ਹਰਵਿੰਦਰ ਸਿੰਘ ਨਹੇੜਨਾ, ਕਾਮਰੇਡ ਅਮਰਜੀਤ ਸਿੰਘ ਸੰਗਾਲਾ,ਬੇਅੰਤ ਸਿੰਘ ਨੱਥੋਹੇੜੀ,ਅਨਵਰ ਖਾਂ ਨੱਥੋਹੇੜੀ, ਮੁਹੰਮਦ ਅਸਲਮ, ਮੁਹੰਮਦ ਮਜ਼ੀਦ ਪੱਪੂ ,ਏਟਕ ਵੱਲੋਂ ਕਾਮਰੇਡ ਭਰਪੂਰ ਸਿੰਘ ਬੂਲਾਪੁਰ,ਕਾ.ਮੁਹੰਮਦ ਖਲੀਲ, ਮੁਲਾਜਮ ਫੈਡਰੇਸਨ ਵੱਲੋਂ ਰਣਜੀਤ ਸਿੰਘ ਰਾਣਵਾਂ,ਬਿਜਲੀ ਫੈਡਰੇਸਨ ਏਟਕ ਵੱਲੋਂ ਨਰਿੰਦਰ ਕੁਮਾਰ,ਰਾਜਵੰਤ ਸਿੰਘ,ਜਗਦੇਵ ਸਿੰਘ,ਗੁਰਜੀਤ ਸਿੰਘ ਅਤੇ ਖੇਤ ਮਜਦੂਰ ਸਭਾ ਵੱਲੋਂ ਕਾਮਰੇਡ ਸੁਰਿੰਦਰ ਭੈਣੀ ,ਕਾਮਰੇਡ ਮੁਹੰਮਦ ਸਲੀਮ ਸ਼ਾਮਲ ਹਨ।

# ਪੰਜਾਬ ਵਿੱਚ ਬਰਾਬਰ ਵਿਕਾਸ ਯਕੀਨੀ ਬਣਾਉਣ ਲਈ ਪਹਿਲੀ ਵਾਰ ਜਾਤ ਆਧਾਰਤ ਸਮਾਜਿਕ-ਆਰਥਿਕ ਸਰਵੇਖਣ ਕਰਵਾਇਆ ਜਾਵੇਗਾ: ਮੁੱਖ ਮੰਤਰੀ

**➢ ਆਪ ਸਰਕਾਰ ਅਧੀਨ ਪੇਂਡੂ ਵਿਕਾਸ ਮੁਹਿੰਮ ਨੇ ਰਿਕਾਰਡ ਨਿਵੇਸ਼, ਬੁਨਿਆਦੀ ਢਾਂਚੇ ਵਿੱਚ ਸੁਧਾਰ ਅਤੇ ਰੋਜ਼ਗਾਰ ਪੈਦਾ ਕਰ ਕੇ ਪੰਜਾਬ ਦੇ ਪਿੰਡਾਂ ਨੂੰ ਬਦਲ ਦਿੱਤਾ ➢ਪਿਛਲੇ ਕਾਂਗਰਸ ਸ਼ਾਸਨ ਨੇ ਪੰਜਾਬ ਵਿੱਚ ਪੇਂਡੂ ਵਿਕਾਸ ਨੂੰ ਅਣਗੌਲਿਆ ਕੀਤਾ: ਭਗਵੰਤ ਮਾਨ**



**ਚੰਡੀਗੜ੍ਹ, 4 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਦੀ 'ਸ਼ਾਨਦਾਰ ਚਾਰ ਸਾਲ ਭਗਵੰਤ ਮਾਨ ਦੇ ਨਾਲ' ਲੜੀ ਦੇ ਹਿੱਸੇ ਵਜੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਦਾ ਚਾਰ ਸਾਲਾਂ ਦਾ ਵਿਆਪਕ ਰਿਪੋਰਟ ਕਾਰਡ ਪੇਸ਼ ਕੀਤਾ, ਜਿਸ ਵਿੱਚ ਇਹ ਦਰਸਾਇਆ ਗਿਆ ਕਿ ਕਿਵੇਂ ਨਿਰੰਤਰ ਨੀਤੀਗਤ ਦਖਲਅੰਦਾਜ਼ੀ ਨੇ ਪਿੰਡਾਂ ਦੇ ਬੁਨਿਆਦੀ ਢਾਂਚੇ ਨੂੰ ਬਦਲਿਆ ਹੈ, ਜ਼ਮੀਨੀ ਪੱਧਰ 'ਤੇ ਪ੍ਰਸ਼ਾਸਨ ਨੂੰ ਮਜ਼ਬੂਤ ਕੀਤਾ ਹੈ ਅਤੇ ਪੇਂਡੂ ਖ਼ੇਤਰ ਵਿੱਚ ਰੋਜ਼ਗਾਰ ਦੇ ਮੌਕੇ ਵਧਾਏ ਹਨ।

ਪੇਂਡੂ ਵਿਕਾਸ ਨੂੰ ਸਮੁੱਚੇ ਵਿਕਾਸ ਦੇ ਕੇਂਦਰੀ ਥੰਮ੍ਹ ਵਜੋਂ ਦਰਸਾਉਂਦੇ ਹੋਏ ਮੁੱਖ ਮੰਤਰੀ ਨੇ ਪੰਜਾਬ ਦੇ ਪਹਿਲੇ ਜਾਤੀ ਸਮਾਜਿਕ-ਆਰਥਿਕ ਸਰਵੇਖਣ ਦੀ ਸ਼ੁਰੂਆਤ ਤੋਂ ਲੈ ਕੇ ਵੱਡੇ ਪੱਧਰ 'ਤੇ ਬੁਨਿਆਦੀ ਢਾਂਚਾ ਸਿਰਜਣ, ਪਾਰਦਰਸ਼ੀ ਭੂਮੀ ਪ੍ਰਬੰਧਨ ਰਾਹੀਂ ਮਾਲੀਆ ਪੈਦਾ ਕਰਨ ਅਤੇ ਨੌਜਵਾਨ-ਕੇਂਦ੍ਰਿਤ ਵਿਕਾਸ ਪ੍ਰੋਗਰਾਮਾਂ ਸਮੇਤ ਮੁੱਖ ਪਹਿਲਕਦਮੀਆਂ ਦੀ ਰੂਪ-ਰੇਖਾ ਪੇਸ਼ ਕੀਤੀ।

ਪਹਿਲੀ ਅਪ੍ਰੈਲ ਤੋਂ ਸ਼ੁਰੂ ਹੋਣ ਵਾਲੇ ਜਾਤੀ ਆਧਾਰਤ ਸਮਾਜਿਕ-ਆਰਥਿਕ ਸਰਵੇਖਣ ਨੂੰ ਬਰਾਬਰੀ ਤੇ ਨੀਤੀ ਨਿਰਮਾਣ ਯਕੀਨੀ ਬਣਾਉਣ ਵਿੱਚ ਮਹੱਤਵਪੂਰਨ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਦਾ ਉਦੇਸ਼ ਕਾਰਵਾਈ ਨੂੰ ਗੁਪਤ ਰੱਖਦਿਆਂ ਸਾਰੇ ਭਾਈਚਾਰਿਆਂ ਦੇ ਜੀਵਨ ਪੱਧਰ ਦਾ ਮੁਲਾਂਕਣ ਕਰਨਾ ਹੈ। ਉਨ੍ਹਾਂ ਕਿਹਾ ਕਿ ਪੇਂਡੂ ਵਿਕਾਸ ਰਿਪੋਰਟ ਕਾਰਡ ਇਕ ਵਿਆਪਕ ਸ਼ਾਸਨ ਢਾਂਚੇ ਦਾ ਹਿੱਸਾ ਹੈ, ਜਿਸ ਤਹਿਤ 'ਆਪ' ਸਰਕਾਰ ਸਿੱਖਿਆ, ਸਿਹਤ ਸੰਭਾਲ, ਸਿੰਜਾਈ, ਖੇਤੀਬਾੜੀ ਅਤੇ ਹੋਰ ਮੁੱਖ ਖੇਤਰਾਂ ਵਿੱਚ ਸੈਕਟਰ-ਵਾਰ ਪ੍ਰਦਰਸ਼ਨ ਦੇ ਨਾਲ-ਨਾਲ ਜਵਾਬਦੇਹੀ, ਪਾਰਦਰਸ਼ਤਾ ਅਤੇ ਨਤੀਜਿਆਂ 'ਤੇ ਆਪਣਾ ਧਿਆਨ ਕੇਂਦਰਿਤ ਕਰ ਰਹੀ ਹੈ।

ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਦਾ ਰਿਪੋਰਟ ਕਾਰਡ ਪੇਸ਼ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪਿਛਲੇ ਚਾਰ ਸਾਲਾਂ ਵਿੱਚ ਪਿੰਡਾਂ ਦਾ ਸੰਪੂਰਨ ਵਿਕਾਸ ਹੋਇਆ ਹੈ, ਜਿਸ ਵਿੱਚ ਵੱਡੇ ਪੱਧਰ 'ਤੇ ਉਸਾਰੀ ਕਾਰਜ, ਛੱਪੜਾਂ ਦੀ ਸਫ਼ਾਈ ਸ਼ਾਮਲ ਹੈ ਕਿਉਂਕਿ ਸੂਬੇ ਨੇ ਸਰਕਾਰੀ ਜ਼ਮੀਨਾਂ ਤੋਂ ਨਾਜਾਇਜ਼ ਕਬਜ਼ੇ ਹਟਾ ਕੇ ਅਤੇ ਹੋਰ ਤਰੀਕਿਆਂ ਨਾਲ ਪੈਸਾ ਕਮਾਇਆ ਹੈ।

ਮੁੱਖ ਮੰਤਰੀ ਨੇ ਕਿਹਾ, ਸੂਬੇ ਦੇ ਸਖ਼ਤ ਯਤਨਾਂ ਸਦਕਾ ਪੰਚਾਇਤ ਚੋਣਾਂ ਵਿੱਚ ਸਰਬਸੰਮਤੀ ਵਿੱਚ ਵਾਧਾ ਹੋਇਆ ਹੈ। ਪੰਜਾਬ ਵਿੱਚ 13,236 ਪੰਚਾਇਤਾਂ ਲਈ ਚੋਣਾਂ 2024 ਵਿੱਚ ਹੋਈਆਂ ਸਨ, ਜਿਨ੍ਹਾਂ ਵਿੱਚ ਵੱਡੀ ਗਿਣਤੀ ਵਿੱਚ ਪੰਚਾਇਤਾਂ ਸਰਬਸੰਮਤੀ ਨਾਲ ਚੁਣੀਆਂ ਗਈਆਂ। 2018 ਵਿੱਚ ਲਗਭਗ 1,870 ਪੰਚਾਇਤਾਂ ਸਰਬਸੰਮਤੀ ਨਾਲ ਚੁਣੀਆਂ ਗਈਆਂ ਸਨ ਪਰ 2024 ਵਿੱਚ 2,970 ਪੰਚਾਇਤਾਂ ਸਰਬਸੰਮਤੀ ਨਾਲ ਚੁਣੀਆਂ ਗਈਆਂ ਸਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 1,100 ਵੱਧ ਪੰਚਾਇਤਾਂ ਸਰਬਸੰਮਤੀ ਨਾਲ ਚੁਣੀਆਂ ਗਈਆਂ, ਜਿਸ ਨਾਲ ਪਿੰਡਾਂ ਵਿੱਚ ਭਾਈਚਾਰਕ ਸਾਂਝ ਮਜ਼ਬੂਤ ਹੁੰਦੀ ਹੈ ਅਤੇ ਪਿੰਡਾਂ ਦਾ ਸਰਵਪੱਖੀ ਵਿਕਾਸ ਯਕੀਨੀ ਬਣਦਾ ਹੈ।

ਉਨ੍ਹਾਂ ਕਿਹਾ, ਪੰਜਾਬ ਸਰਕਾਰ ਨੇ ਸਰਪੰਚਾਂ ਦਾ ਮਾਣਭੱਤਾ 1,200 ਤੋਂ ਵਧਾ ਕੇ 2,000 ਪ੍ਰਤੀ ਮਹੀਨਾ ਕਰ ਦਿੱਤਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੇਂਡੂ ਵਿਕਾਸ ਲਈ 15ਵੇਂ ਵਿੱਤ ਕਮਿਸ਼ਨ ਤਹਿਤ 2025-26 ਵਿੱਚ ਪੇਂਡੂ ਵਿਕਾਸ 'ਤੇ 2,367.64 ਕਰੋੜ ਰੁਪਏ ਖਰਚ ਕੀਤੇ ਗਏ ਸਨ, ਜੋ 2024-25 ਦੇ ਮੁਕਾਬਲੇ ਦੁੱਗਣੇ ਸਨ। 2017-22 ਦੌਰਾਨ ਪੰਜ ਸਾਲਾਂ ਵਿੱਚ ਪਿੰਡਾਂ ਦੇ ਵਿਕਾਸ 'ਤੇ 1,883 ਕਰੋੜ ਰੁਪਏ ਖਰਚੇ ਗਏ ਸਨ, ਜਦੋਂ ਕਿ ਸੂਬਾ ਸਰਕਾਰ ਨੇ ਇਸ ਨੇਕ ਕਾਰਜ ਲਈ ਪਿਛਲੇ ਚਾਰ ਸਾਲਾਂ ਵਿੱਚ 3,847 ਕਰੋੜ ਰੁਪਏ ਖਰਚ ਕੀਤੇ ਹਨ।

ਮੁੱਖ ਮੰਤਰੀ ਨੇ ਕਿਹਾ, ਪੰਚਾਇਤ ਇਮਾਰਤਾਂ, ਲਾਇਬ੍ਰੇਰੀਆਂ, ਆਂਗਣਵਾੜੀ ਕੇਂਦਰਾਂ, ਖੇਡ ਮੈਦਾਨਾਂ, ਗਲੀਆਂ, ਨਾਲੀਆਂ ਅਤੇ ਹੋਰ ਵਿਕਾਸ ਕਾਰਜਾਂ 'ਤੇ 1,030.94 ਕਰੋੜ ਰੁਪਏ ਖਰਚ ਕੀਤੇ ਗਏ ਸਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੀਣ ਵਾਲੇ ਪਾਣੀ, ਸੈਨੀਟੇਸ਼ਨ, ਠੋਸ ਰਹਿੰਦ-ਖੂੰਹਦ ਪ੍ਰਬੰਧਨ ਅਤੇ ਜ਼ਰੂਰੀ ਸੇਵਾਵਾਂ 'ਤੇ 1,336.70 ਕਰੋੜ ਰੁਪਏ ਖਰਚੇ ਗਏ ਸਨ ਅਤੇ ਇਹ ਫੰਡ ਜ਼ਿਲ੍ਹਾ ਪ੍ਰੀਸ਼ਦਾਂ, ਪੰਚਾਇਤ ਸੰਮਤੀਆਂ ਅਤੇ ਪੰਚਾਇਤਾਂ ਰਾਹੀਂ ਜਾਰੀ ਕੀਤੇ ਗਏ ਸਨ।

ਉਨ੍ਹਾਂ ਅੱਗੇ ਕਿਹਾ, ਪੰਜਾਬ ਸਰਕਾਰ ਨੇ ਪਿੰਡਾਂ ਵਿੱਚ ਸ਼ਾਮਲਾਟ ਜ਼ਮੀਨਾਂ ਨੂੰ ਲੀਜ਼ 'ਤੇ ਦੇਣ ਤੋਂ ਆਮਦਨ ਵਿੱਚ ਵਾਧਾ ਕੀਤਾ ਹੈ। ਪੰਚਾਇਤੀ ਜ਼ਮੀਨਾਂ ਤੋਂ ਨਾਜਾਇਜ਼ ਕਬਜ਼ੇ ਹਟਾਏ ਗਏ ਹਨ, ਜਿਸ ਨਾਲ ਸੂਬੇ ਦਾ ਮਾਲੀਆ ਵਧਿਆ ਹੈ। ਚਾਰ ਸਾਲਾਂ ਵਿੱਚ ਰਾਜ ਸਰਕਾਰ ਨੇ ਸ਼ਾਮਲਾਟ ਜ਼ਮੀਨ ਨੂੰ ਲੀਜ਼ 'ਤੇ ਦੇ ਕੇ 1,842.78 ਕਰੋੜ ਰੁਪਏ ਕਮਾਏ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 2025-26 ਵਿੱਚ ਪਿਛਲੇ ਸਾਲ ਦੇ ਮੁਕਾਬਲੇ ਮਾਲੀਆ 50.75 ਕਰੋੜ ਵਧਿਆ। ਲਗਪਗ 1.35 ਲੱਖ ਏਕੜ ਜ਼ਮੀਨ ਲੀਜ਼ 'ਤੇ ਦਿੱਤੀ ਗਈ, ਜਿਸ ਨਾਲ 520.54 ਕਰੋੜ ਦਾ ਮਾਲੀਆ ਆਇਆ, ਜਦੋਂ ਕਿ 2024-25 ਵਿੱਚ 469.79 ਕਰੋੜ ਆਏ ਸਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਨੌਜਵਾਨਾਂ ਦੀ ਬੇਅੰਤ ਊਰਜਾ ਨੂੰ ਸਕਾਰਾਤਮਕ ਦਿਸ਼ਾ ਵਿੱਚ ਲੈ ਜਾਣ ਲਈ ਲਗਪਗ 3,000 ਪੇਂਡੂ ਖੇਡ ਮੈਦਾਨ ਵਿਕਸਤ ਕੀਤੇ ਜਾ ਰਹੇ ਹਨ ਅਤੇ ਇਸ 'ਤੇ 1,166 ਕਰੋੜ ਰੁਪਏ ਖਰਚੇ ਜਾ ਰਹੇ ਹਨ। ਇਹ ਮੈਦਾਨ 6,500 ਏਕੜ ਵਿੱਚ ਫੈਲੇ ਹੋਣਗੇ, ਜਿਸ ਲਈ 3,148 ਸਥਾਨਾਂ ਦੀ ਪਛਾਣ ਕੀਤੀ ਗਈ ਹੈ।

ਉਨ੍ਹਾਂ ਕਿਹਾ, 2,400 ਮੈਦਾਨਾਂ 'ਤੇ ਕੰਮ ਪਹਿਲਾਂ ਹੀ ਸ਼ੁਰੂ ਹੋ ਚੁੱਕਾ ਹੈ ਅਤੇ ਇਨ੍ਹਾਂ ਵਿੱਚੋਂ ਜ਼ਿਆਦਾਤਰ ਇਸ ਸਾਲ ਜੂਨ ਤੱਕ ਪੂਰੇ ਹੋ ਜਾਣਗੇ, ਜਿਸ ਵਿੱਚ ਵਾਲੀਬਾਲ ਕੋਰਟ, ਫੁੱਟਬਾਲ ਮੈਦਾਨ, ਬੱਚਿਆਂ ਦੇ ਖੇਡਣ ਦਾ ਸਾਮਾਨ ਅਤੇ ਬੈਠਣ ਦੇ ਪ੍ਰਬੰਧ ਵਰਗੀਆਂ ਸਹੂਲਤਾਂ ਹੋਣਗੀਆਂ। ਉਨ੍ਹਾਂ ਕਿਹਾ, ਸੂਬੇ ਦੇ ਇਤਿਹਾਸ ਵਿੱਚ ਪਹਿਲੀ ਵਾਰ ਪੰਚਾਇਤ ਘਰਾਂ ਦਾ ਨਿਰਮਾਣ ਕੀਤਾ ਗਿਆ ਹੈ। ਦੂਜੇ ਪੜਾਅ ਵਿੱਚ 125 ਕਰੋੜ ਦੇ ਬਜਟ ਨਾਲ 500 ਆਧੁਨਿਕ ਪੰਚਾਇਤ ਘਰ ਬਣਾਏ ਜਾ ਰਹੇ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪ੍ਰਤੀ ਇਮਾਰਤ 25 ਲੱਖ ਰੁਪਏ ਅਲਾਟ ਕੀਤੇ ਗਏ ਹਨ ਅਤੇ ਪਹਿਲੇ ਪੜਾਅ ਵਿੱਚ 373 ਇਮਾਰਤਾਂ ਪਹਿਲਾਂ ਹੀ ਪੂਰੀਆਂ ਹੋ ਚੁੱਕੀਆਂ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਸਰਕਾਰ ਨੇ ਪਿੰਡਾਂ ਵਿੱਚ 251 ਲਾਇਬ੍ਰੇਰੀਆਂ ਬਣਾਉਣ ਦੀ ਪ੍ਰਕਿਰਿਆ ਵੀ ਸ਼ੁਰੂ ਕਰ ਦਿੱਤੀ ਹੈ, ਜਿਨ੍ਹਾਂ ਵਿੱਚੋਂ 231 ਪਹਿਲਾਂ ਹੀ ਪੂਰੀਆਂ ਹੋ ਚੁੱਕੀਆਂ ਹਨ। ਇਸ ਦਾ ਉਦੇਸ਼ ਪਿੰਡਾਂ ਦੇ ਲੋਕਾਂ ਨੂੰ ਸਾਹਿਤ ਨਾਲ ਜੋੜਨਾ ਅਤੇ ਨੌਜਵਾਨਾਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਵਿੱਚ ਮਦਦ ਕਰਨਾ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮਨਰੇਗਾ ਸਕੀਮ ਬਾਰੇ ਗੱਲ ਕਰਦੇ ਹੋਏ ਕਿਹਾ, 2017-2022 ਤੱਕ ਸਿਰਫ਼ 4,708 ਕਰੋੜ ਖਰਚ ਕੀਤੇ ਗਏ ਸਨ, ਜਦੋਂ ਕਿ 2022 ਤੋਂ ਹੁਣ ਤੱਕ 5,146 ਕਰੋੜ ਖਰਚੇ ਗਏ ਹਨ। 8.96 ਲੱਖ ਲੋਕਾਂ ਨੂੰ ਰੋਜ਼ਗਾਰ ਮਿਲਿਆ ਹੈ ਅਤੇ 2.40 ਕਰੋੜ ਦਿਹਾੜੀਆਂ ਦਾ ਰੋਜ਼ਗਾਰ ਪੈਦਾ ਹੋਇਆ ਹੈ। ਮੁੱਖ ਮੰਤਰੀ ਨੇ ਕਿਹਾ, 2025-26 ਵਿੱਚ ਲਗਪਗ 63,357 ਨਵੇਂ ਜੌਬ ਕਾਰਡ ਜਾਰੀ ਕੀਤੇ ਗਏ ਸਨ, ਜਿਨ੍ਹਾਂ ਵਿੱਚੋਂ 2,480 ਦਿਵਿਆਂਗ ਵਿਅਕਤੀਆਂ ਲਈ ਸਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਮਨਰੇਗਾ ਸਕੀਮ ਵਿੱਚ ਤਰਕਹੀਣ ਸੋਧਾਂ ਦਾ ਸਖ਼ਤ ਵਿਰੋਧ ਕਰਦਾ ਹੈ। ਪੰਜਾਬ ਵਿਧਾਨ ਸਭਾ ਨੇ ਕੇਂਦਰ ਸਰਕਾਰ ਵੱਲੋਂ ਕੀਤੀਆਂ ਤਬਦੀਲੀਆਂ ਦਾ ਵਿਰੋਧ ਕੀਤਾ ਸੀ, ਜੋ ਪੇਂਡੂ ਰੋਜ਼ਗਾਰ ਨੂੰ ਘਟਾ ਸਕਦੀਆਂ ਹਨ। ਅਜਿਹੀਆਂ ਪਾਬੰਦੀਆਂ-ਆਧਾਰਤ ਸੋਧਾਂ ਗੈਰ-ਵਾਜਬ ਹਨ ਕਿਉਂਕਿ ਇਹ ਸੋਧਾਂ ਅਜਿਹੀਆਂ ਯੋਜਨਾਵਾਂ ਦੇ ਇਰਾਦੇ 'ਤੇ ਗੰਭੀਰ ਸਵਾਲੀਆ ਨਿਸ਼ਾਨ ਲਗਾਉਂਦੀਆਂ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਸਰਕਾਰ ਨੇ ਪੇਂਡੂ ਪਰਿਵਾਰਾਂ ਲਈ ਰਿਹਾਇਸ਼ੀ ਸਹੂਲਤਾਂ ਪ੍ਰਦਾਨ ਕਰਨ ਲਈ ਮਿਸਾਲੀ ਪਹਿਲਕਦਮੀਆਂ ਕੀਤੀਆਂ ਹਨ। ਇਸ ਸਾਲ 76 ਹਜ਼ਾਰ ਘਰਾਂ ਲਈ ਪ੍ਰਵਾਨਗੀ ਦਿੱਤੀ ਗਈ ਸੀ, ਜਿਨ੍ਹਾਂ ਵਿੱਚ 30 ਹਜ਼ਾਰ ਹੜ੍ਹ ਪ੍ਰਭਾਵਿਤ ਪਰਿਵਾਰ ਸ਼ਾਮਲ ਸਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 2016-2022 ਤੱਕ ਸੂਬੇ ਵਿੱਚ ਸਿਰਫ਼ 39 ਹਜ਼ਾਰ ਘਰ ਬਣਾਏ ਗਏ ਸਨ, ਜਦੋਂ ਕਿ ਇਸ ਸਾਲ ਸੂਬਾ ਸਰਕਾਰ ਨੇ ਸਮਾਜ ਦੇ ਗਰੀਬ ਵਰਗ ਲਈ ਇਕ ਲੱਖ ਘਰ ਬਣਾਉਣ ਦਾ ਟੀਚਾ ਰੱਖਿਆ ਹੈ।

ਉਨ੍ਹਾਂ ਕਿਹਾ, ਪੰਜਾਬ ਸਰਕਾਰ ਨੇ 17,080 ਪਿੰਡਾਂ ਦੇ ਛੱਪੜਾਂ ਦੀ ਸਫ਼ਾਈ ਲਈ ਵੱਡੀ ਯੋਜਨਾ ਸ਼ੁਰੂ ਕੀਤੀ ਹੈ। 13,414 ਛੱਪੜਾਂ ਵਿੱਚੋਂ ਪਾਣੀ ਕੱਢਿਆ ਗਿਆ ਹੈ ਅਤੇ 4,706 ਛੱਪੜਾਂ ਵਿੱਚੋਂ ਗਾਰ ਕੱਢਣ ਦਾ ਕੰਮ ਪੂਰਾ ਹੋ ਗਿਆ ਹੈ, ਜਿਸ ਲਈ 235 ਕਰੋੜ ਖਰਚ ਕੀਤੇ ਜਾ ਰਹੇ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਜਾਤੀ ਆਧਾਰਤ ਸਮਾਜਿਕ-ਆਰਥਿਕ ਸਰਵੇਖਣ ਕੀਤਾ ਜਾ ਰਿਹਾ ਹੈ। ਇਸ ਦਾ ਉਦੇਸ਼ ਸਾਰੀਆਂ ਜਾਤੀਆਂ ਅਤੇ ਉਪ-ਜਾਤੀਆਂ ਦੇ ਜੀਵਨ ਪੱਧਰ ਦਾ ਮੁਲਾਂਕਣ ਕਰਨਾ ਹੈ ਤਾਂ ਜੋ ਉਨ੍ਹਾਂ ਦੀ ਭਲਾਈ ਲਈ ਨੀਤੀਆਂ ਬਣਾਈਆਂ ਜਾ ਸਕਣ। ਇਸ ਉਦੇਸ਼ ਲਈ 250 ਕਰੋੜ ਦਾ ਬਜਟ ਰੱਖਿਆ ਗਿਆ ਹੈ, ਜਿਸ ਵਿੱਚ 28,000 ਗਿਣਤੀਕਾਰ ਤਾਇਨਾਤ ਕੀਤੇ ਜਾਣਗੇ ਅਤੇ ਹਰੇਕ ਨੂੰ 62,500 ਮਾਣਭੱਤਾ ਮਿਲੇਗਾ।

ਉਨ੍ਹਾਂ ਕਿਹਾ, ਨਸ਼ਿਆਂ ਵਿਰੁੱਧ ਜੰਗ ਨੂੰ ਸੂਬੇ ਦੇ ਸਾਰੇ ਪਿੰਡਾਂ ਨੇ ਆਪਣਾ ਸਮਰਥਨ ਦਿੱਤਾ ਹੈ। ਮੈਂ ਪੰਚਾਇਤਾਂ ਅਤੇ ਵਲੰਟੀਅਰਾਂ ਦਾ ਨਸ਼ਾ ਵਿਰੋਧੀ ਯਤਨਾਂ ਦਾ ਸਰਗਰਮੀ ਨਾਲ ਜੁੜਨ ਲਈ ਤਹਿ ਦਿਲੋਂ ਧੰਨਵਾਦ ਕਰਦਾ ਹਾਂ ਕਿਉਂਕਿ ਪਹਿਲਾਂ ਹੀ 1.25 ਲੱਖ ਮੈਂਬਰ ਇਸ ਮੁਹਿੰਮ ਵਿੱਚ ਸ਼ਾਮਲ ਹੋ ਚੁੱਕੇ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 12 ਹਜ਼ਾਰ ਵਿਲੇਜ ਡਿਫੈਂਸ ਕਮੇਟੀਆਂ ਬਣਾਈਆਂ ਗਈਆਂ ਹਨ ਅਤੇ ਵਲੰਟੀਅਰ 'ਪਿੰਡ ਦੇ ਸਰਪ੍ਰਸਤ' ਵਜੋਂ ਕੰਮ ਕਰ ਰਹੇ ਹਨ। ਬਹੁਤ ਸਾਰੇ ਨਸ਼ਾ ਤਸਕਰਾਂ ਨੂੰ ਇਨ੍ਹਾਂ ਕਮੇਟੀਆਂ ਦੀਆਂ ਰਿਪੋਰਟਾਂ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਜਾਂਦਾ ਹੈ।

ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ, ਪੰਜਾਬ ਰਾਜ ਪੇਂਡੂ ਆਜੀਵਿਕਾ ਮਿਸ਼ਨ ਤਹਿਤ 23 ਜ਼ਿਲ੍ਹਿਆਂ ਦੀਆਂ 100 ਅਗਾਂਹਵਧੂ ਮਹਿਲਾ ਉੱਦਮੀਆਂ ਨੂੰ ਸਰਟੀਫਿਕੇਟ ਅਤੇ ਯਾਦਗਾਰੀ ਚਿੰਨ੍ਹਾਂ ਨਾਲ ਸਨਮਾਨਿਤ ਕੀਤਾ ਗਿਆ। ਉਨ੍ਹਾਂ ਨੂੰ 25,000 ਰੁਪਏ ਪ੍ਰਤੀ ਵਿਅਕਤੀ ਵੀ ਦਿੱਤੇ ਗਏ।

ਉਨ੍ਹਾਂ ਕਿਹਾ, 117 ਹਲਕਿਆਂ ਵਿੱਚ 11,700 ਔਰਤਾਂ ਨੂੰ ਸਨਮਾਨਿਤ ਕੀਤਾ ਗਿਆ ਹੈ ਅਤੇ 2,300 ਔਰਤਾਂ ਨੂੰ ਜ਼ਿਲ੍ਹਾ ਪੱਧਰੀ ਸਮਾਗਮਾਂ ਵਿੱਚ ਸਨਮਾਨਿਤ ਕੀਤਾ ਗਿਆ। ਮਿਸ਼ਨ ਤਹਿਤ, 58,303 ਸਵੈ-ਸਹਾਇਤਾ ਸਮੂਹ ਬਣਾਏ ਗਏ ਹਨ ਅਤੇ 5.89 ਲੱਖ ਪਰਿਵਾਰਾਂ ਨੂੰ ਜੋੜਿਆ ਗਿਆ ਹੈ, ਜਿਨ੍ਹਾਂ ਨੂੰ 147 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਗਈ ਹੈ।

ਮੁੱਖ ਮੰਤਰੀ ਨੇ ਕਿਹਾ, ਮਹਿਲਾ ਸ਼ਕਤੀਕਰਨ ਪਹਿਲਕਦਮੀਆਂ ਦੇ ਹਿੱਸੇ ਵਜੋਂ ਔਰਤਾਂ ਨੂੰ ਡੇਅਰੀ ਫਾਰਮਿੰਗ ਨਾਲ ਜੋੜਨ ਲਈ ਨਵੀਂ ਯੋਜਨਾ ਸ਼ੁਰੂ ਕੀਤੀ ਗਈ ਹੈ। ਇਸ ਯੋਜਨਾ ਤਹਿਤ 1,100 ਦੁੱਧ ਸਹਿਕਾਰੀ ਸਭਾਵਾਂ ਰਜਿਸਟਰ ਕੀਤੀਆਂ ਗਈਆਂ ਹਨ ਅਤੇ ਔਰਤਾਂ ਨੂੰ 18 ਕਰੋੜ ਰੁਪਏ ਦੇ ਵਿਆਜ ਮੁਕਤ ਕਰਜ਼ੇ ਦਿੱਤੇ ਗਏ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਸਭਾਵਾਂ ਮਿਲਕਫੈੱਡ ਨੂੰ ਰੋਜ਼ਾਨਾ ਇਕ ਲੱਖ ਲੀਟਰ ਦੁੱਧ ਸਪਲਾਈ ਕਰ ਰਹੀਆਂ ਹਨ। ਪੰਜਾਬ ਭਰ ਵਿੱਚ ਸਖੀ ਸ਼ਕਤੀ ਮੇਲੇ ਲਗਾਏ ਗਏ ਸਨ, ਜਿਸ ਵਿੱਚ 1,500 ਤੋਂ ਵੱਧ ਔਰਤਾਂ ਨੇ ਹਿੱਸਾ ਲਿਆ ਅਤੇ ਉਨ੍ਹਾਂ ਦੁਆਰਾ ਤਿਆਰ ਕੀਤੇ ਨੌਂ ਕਰੋੜ ਦੇ ਉਤਪਾਦ ਵੇਚੇ ਗਏ। ਉਨ੍ਹਾਂ ਕਿਹਾ, ਤਾਲਮੇਲ ਨੂੰ ਬਿਹਤਰ ਬਣਾਉਣ ਲਈ ਪਹਿਲੀ ਵਾਰ ਵਿਧਾਨ ਸਭਾ ਹਲਕਿਆਂ ਅਨੁਸਾਰ ਬਲਾਕਾਂ ਦਾ ਪੁਨਰਗਠਨ ਕੀਤਾ ਗਿਆ ਹੈ। ਪੇਂਡੂ ਵਿਕਾਸ ਅਧਿਕਾਰੀਆਂ ਅਤੇ ਪੰਚਾਇਤ ਸਕੱਤਰਾਂ ਨੂੰ ਰਾਜ ਕੇਡਰ ਵਿੱਚ ਮਿਲਾ ਦਿੱਤਾ ਗਿਆ ਹੈ। ਕਾਰਜ ਕੁਸ਼ਲਤਾ ਵਿੱਚ ਸੁਧਾਰ ਲਿਆਉਣ ਲਈ ਸੂਬੇ ਵਿੱਚ 3,327 ਪੰਚਾਇਤ ਵਿਕਾਸ ਸਕੱਤਰਾਂ ਲਈ ਸੂਬਾਈ ਕੇਡਰ ਬਣਾਇਆ ਗਿਆ ਹੈ।

ਇਕ ਸਵਾਲ ਦੇ ਜਵਾਬ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਕੇਂਦਰ ਸਰਕਾਰ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਕਰ ਰਹੀ ਹੈ। ਆਰ.ਡੀ.ਐਫ., ਜੀ.ਐਸ.ਟੀ., ਐਨ.ਐਚ.ਐਮ. ਅਤੇ ਹੋਰ ਗ੍ਰਾਂਟਾਂ ਨੂੰ ਕੇਂਦਰ ਨੇ ਰੋਕਿਆ ਹੋਇਆ ਹੈ। ਇਸ ਦਾ ਇਕ ਹੋਰ ਕਾਰਨ ਇਹ ਹੈ ਕਿ ਪੰਜਾਬ ਵਿੱਚ ਭਾਜਪਾ ਨੂੰ ਵੋਟ ਨਹੀਂ ਮਿਲਦੀ, ਜਿਸ ਕਾਰਨ ਕੇਂਦਰ ਸਰਕਾਰ ਪੰਜਾਬ ਨਾਲ ਬੇਇਨਸਾਫ਼ੀ ਕਰ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ, ਕੇਂਦਰ ਵੱਲੋਂ ਅਲਾਟ ਕੀਤਾ ਗਿਆ ਆਫ਼ਤ ਪ੍ਰਬੰਧਨ ਫੰਡ ਬਹੁਤ ਘੱਟ ਹੈ ਅਤੇ ਜਨਤਾ ਦੇ ਵਡੇਰੇ ਹਿੱਤ ਵਿੱਚ ਇਸ ਵਿੱਚ ਸੋਧ ਕਰਨ ਦੀ ਲੋੜ ਹੈ। ਸੂਬਾ ਇਸ ਵਿਤਕਰੇ ਦਾ ਸਖ਼ਤ ਵਿਰੋਧ ਕਰੇਗਾ ਅਤੇ ਸੂਬੇ ਦਾ ਜਾਇਜ਼ ਹਿੱਸਾ ਪ੍ਰਾਪਤ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਇਸ ਮੁੱਦੇ ਨੂੰ ਕਾਨੂੰਨੀ ਅਤੇ ਪ੍ਰਸ਼ਾਸਕੀ ਤੌਰ 'ਤੇ ਹਰ ਪਲੇਟਫਾਰਮ 'ਤੇ ਚੁੱਕਿਆ ਜਾਵੇਗਾ।

ਇਕ ਹੋਰ ਸਵਾਲ ਦੇ ਜਵਾਬ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਹੈਰਾਨੀ ਵਾਲੀ ਗੱਲ ਹੈ ਕਿ ਪੰਜਾਬ ਕਾਂਗਰਸ ਦੇ ਆਗੂ ਆਪਣੀ ਪਾਰਟੀ ਦੀ ਅਗਵਾਈ ਵਾਲੀ ਹਿਮਾਚਲ ਸਰਕਾਰ ਦੁਆਰਾ ਐਂਟਰੀ ਟੈਕਸ ਲਗਾਉਣ 'ਤੇ ਚੁੱਪ ਧਾਰੀ ਬੈਠੇ ਹਨ, ਜਦੋਂ ਕਿ ਇਹ ਮੁੱਦਾ ਪੰਜਾਬੀਆਂ ਦੇ ਇਕ ਵੱਡੇ ਹਿੱਸੇ ਨਾਲ ਸਬੰਧਤ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇੱਕ ਪਾਸੇ ਸੂਬਾ ਸਰਕਾਰ ਟੋਲ ਟੈਕਸ ਖ਼ਤਮ ਕਰ ਰਹੀ ਹੈ ਅਤੇ ਆਮ ਆਦਮੀ ਨੂੰ ਰਾਹਤ ਦੇ ਰਹੀ ਹੈ, ਜਦੋਂ ਕਿ ਦੂਜੇ ਪਾਸੇ ਗੁਆਂਢੀ ਸੂਬੇ ਲੋਕਾਂ 'ਤੇ ਬੇਲੋੜਾ ਟੈਕਸ ਲਗਾ ਰਹੇ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸੂਬਾ ਸਰਕਾਰ ਕਣਕ ਦੀ ਫਸਲ ਦੀ ਸੁਚਾਰੂ ਅਤੇ ਮੁਸ਼ਕਲ ਰਹਿਤ ਖਰੀਦ ਅਤੇ ਲਿਫਟਿੰਗ ਲਈ ਵਚਨਬੱਧ ਹੈ ਅਤੇ ਇਸ ਲਈ ਵਿਆਪਕ ਪ੍ਰਬੰਧ ਪਹਿਲਾਂ ਹੀ ਕੀਤੇ ਜਾ ਚੁੱਕੇ ਹਨ। ਸੁਚਾਰੂ ਖਰੀਦ ਨੂੰ ਖਤਰੇ ਵਿੱਚ ਪਾਉਣ ਲਈ ਅਪਣਾਈ ਜਾ ਰਹੀ ਬਲੈਕਮੇਲਿੰਗ ਦੀ ਰਣਨੀਤੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਅਜਿਹੀਆਂ ਤਾਕਤਾਂ ਵਿਰੁੱਧ ਮਿਸਾਲੀ ਕਾਰਵਾਈ ਕੀਤੀ ਜਾਵੇਗੀ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਇਕ ਵਧੀਆ ਸਰਕਾਰ ਕੰਮ ਕਰ ਰਹੀ ਹੈ, ਜਦੋਂ ਕਿ ਪਹਿਲਾਂ ਵਾਲੀਆਂ ਸਰਕਾਰਾਂ ਲੋਕਾਂ ਨੂੰ ਲੁੱਟਣ ਤੱਕ ਸੀਮਤ ਸਨ।

ਉਨ੍ਹਾਂ ਕਿਹਾ, ਪੰਜਾਬ ਸਰਕਾਰ ਕਿਸਾਨਾਂ ਦੀ ਜ਼ਮੀਨ ਵਿੱਚੋਂ ਲੰਘਦੀਆਂ ਹਾਈ ਟੈਨਸ਼ਨ ਤਾਰਾਂ ਨੂੰ ਜ਼ਮੀਨਦੋਜ਼ ਕਰਨ ਦੀ ਸੰਭਾਵਨਾ ਦੀ ਪੜਚੋਲ ਕਰ ਰਹੀ ਹੈ ਅਤੇ ਰਣਨੀਤੀ ਬਣਾਈ ਜਾ ਰਹੀ ਹੈ। ਇਹ ਕਿਸਾਨਾਂ ਲਈ ਰਾਹਤ ਹੋਵੇਗੀ ਕਿਉਂਕਿ ਇਹ ਤਾਰਾਂ ਫਸਲਾਂ ਲਈ ਬਹੁਤ ਵੱਡਾ ਖ਼ਤਰਾ ਖੜ੍ਹਾ ਕਰਦੀਆਂ ਹਨ।

ਇਸ ਮੌਕੇ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਅਤੇ ਹੋਰ ਵੀ ਮੌਜੂਦ ਸਨ।

# ਹਲਕਾ ਚੱਬੇਵਾਲ 'ਚ ਸਥਾਪਤ ਹੋਵੇਗੀ ਫ਼ਲਾਂ ਤੇ ਸਬਜ਼ੀਆਂ ਦੀ ਪ੍ਰੋਸੈਸਿੰਗ ਇੰਡਸਟਰੀ, 18 ਕਰੋੜ ਦੀ ਲਾਗਤ ਨਾਲ ਲੱਗੇਗਾ ਪ੍ਰੋਜੈਕਟ



**ਹੁਸ਼ਿਆਰਪੁਰ, 4 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਧਾਨ ਸਭਾ ਹਲਕਾ ਚੱਬੇਵਾਲ ਵਿਚ ਜਲਦ ਹੀ ਫ਼ਲਾਂ ਅਤੇ ਸਬਜ਼ੀਆਂ ਦੀ ਪ੍ਰੋਸੈਸਿੰਗ ਦੀ ਵੱਡੀ ਇੰਡਸਟਰੀ ਸਥਾਪਤ ਹੋਵੇਗੀ ਜਿਸ ਨਾਲ ਕੰਢੀ ਅਤੇ ਨਾਲ ਲੱਗਦੇ ਇਲਾਕਿਆਂ ਵਿਚ ਫ਼ਲਾਂ-ਸਬਜ਼ੀਆਂ ਦੀ ਕਾਸ਼ਤ ਨੂੰ ਨਾ ਸਿਰਫ ਹੁਲਾਰਾ ਮਿਲੇਗਾ ਸਗੋਂ ਕਾਸ਼ਤਕਾਰਾਂ ਦੀ ਆਮਦਨ ਵਿਚ ਵੀ ਚੋਖਾ ਵਾਧਾ ਹੋਵੇਗਾ।

ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਇਹ ਪ੍ਰੋਜੈਕਟ ਲਗਵਾਉਣ ਲਈ ਕੇਂਦਰੀ ਮੰਤਰਾਲੇ ਨਾਲ ਰਾਬਤਾ ਕਰਨ ਦੀ ਮੰਗ ਰੱਖੀ ਸੀ ਜਿਸ 'ਤੇ ਉਨ੍ਹਾਂ ਦੋਵਾਂ ਵਲੋਂ ਕੇਂਦਰੀ ਫੂਡ ਪ੍ਰੋਸੈਸਿੰਗ ਉਦਯੋਗ ਮੰਤਰੀ ਚਿਰਾਗ ਪਾਸਵਾਨ ਨਾਲ ਮੁਲਾਕਾਤ ਕਰਕੇ ਇਸ ਪ੍ਰੋਜੈਕਟ ਬਾਰੇ ਵਿਸਥਾਰ ਵਿਚ ਜਾਣੂ ਕਰਵਾਇਆ ਗਿਆ। ਉਨ੍ਹਾਂ ਦੱਸਿਆ ਕਿ ਕਰੀਬ 18 ਕਰੋੜ ਰੁਪਏ ਦੀ ਲਾਗਤ ਨਾਲ ਸਥਾਪਤ ਹੋਣ ਵਾਲਾ ਇਹ ਯੂਨਿਟ ਆਉਂਦੇ 12 ਮਹੀਨਿਆਂ ਵਿਚ ਸ਼ੁਰੂ ਹੋ ਜਾਵੇਗਾ ਜੋ ਇਲਾਕੇ ਵਿਚ ਫ਼ਲਾਂ ਅਤੇ ਸਬਜ਼ੀਆਂ ਖਾਸ ਕਰਕੇ ਆਲੂ ਅਤੇ ਮਟਰ ਦੀ ਪ੍ਰੋਸੈਸਿੰਗ ਦੇ ਖੇਤਰ ਵਿਚ ਮੀਲ ਪੱਥਰ ਸਾਬਤ ਹੋਵੇਗਾ। ਉਨ੍ਹਾਂ ਕਿਹਾ ਕਿ ਹੁਸ਼ਿਆਰਪੁਰ ਅਤੇ ਨਾਲ ਲੱਗਦੇ ਇਲਾਕਿਆਂ ਵਿਚ ਫ਼ਲਾਂ ਅਤੇ ਸਬਜ਼ੀਆਂ ਦੀ ਪੈਦਾਵਾਰ ਦੀਆਂ ਅਸੀਮ ਸੰਭਾਵਨਾਵਾਂ ਹਨ ਜਿਨ੍ਹਾਂ ਬਾਰੇ ਕਿਸਾਨ ਪਹਿਲਾਂ ਹੀ ਜਾਗਰੂਕ ਹਨ ਅਤੇ ਇਹ ਪ੍ਰੋਜੈਕਟ ਲੱਗਣ ਨਾਲ ਫ਼ਸਲੀ ਵਿਭਿੰਨਤਾ ਨੂੰ ਵੀ ਬਲ ਮਿਲਣ ਦੇ ਨਾਲ-ਨਾਲ ਕਿਸਾਨਾਂ ਦੀ ਆਮਦਨ ਵਿਚ ਵਾਧਾ ਦਰਜ ਕੀਤਾ ਜਾਵੇਗਾ।

ਡਾ. ਰਾਜ ਕੁਮਾਰ ਚੱਬੇਵਾਲ ਨੇ ਦੱਸਿਆ ਕਿ ਇਹ ਪ੍ਰੋਜੈਕਟ ਸ਼ੁਰੂ ਹੋਣ ਨਾਲ ਸੈਂਕੜਿਆਂ ਦੀ ਗਿਣਤੀ ਵਿਚ ਵਿਸ਼ੇਸ਼ ਕਰਕੇ ਔਰਤਾਂ ਨੂੰ ਰੋਜ਼ਗਾਰ ਦੇ ਮੌਕੇ ਮਿਲਣਗੇ। ਉਨ੍ਹਾਂ ਦੱਸਿਆ ਕਿ ਕੇਂਦਰੀ ਫੂਡ ਪ੍ਰੋਸੈਸਿੰਗ ਉਦਯੋਗ ਮੰਤਰੀ ਚਿਰਾਗ ਪਾਸਵਾਨ ਨੇ ਇਸ ਯੂਨਿਟ ਨੂੰ ਫੂਡ ਪ੍ਰੋਸੈਸਿੰਗ ਅਤੇ ਫ਼ਲਾਂ ਸਬਜ਼ੀਆਂ ਦੀ ਸਾਂਭ-ਸੰਭਾਲ ਲਈ ਲਾਏ ਜਾ ਰਹੇ ਪ੍ਰੋਜੈਕਟਾਂ ਤਹਿਤ ਪ੍ਰਵਾਨਗੀ ਦਿੱਤੀ। ਉਨ੍ਹਾਂ ਕਿਹਾ ਕਿ ਇਹ ਯੂਨਿਟ ਆਪਣੇ-ਆਪ ਵਿਚ ਫ਼ਲਾਂ ਅਤੇ ਸਬਜ਼ੀਆਂ ਦੀ ਪ੍ਰੋਸੈਸਿੰਗ ਲਈ ਅਤਿ-ਆਧੁਨਿਕ ਸਹੂਲਤਾਂ ਵਾਲਾ ਯੂਨਿਟ ਹੋਵੇਗਾ ਜਿਸ ਨਾਲ ਇਸ ਖੇਤਰ ਵਿਚ ਵੱਡੇ ਪੱਧਰ 'ਤੇ ਹੁੰਦੀ ਮਟਰਾਂ ਅਤੇ ਆਲੂਆਂ ਦੀ ਕਾਸ਼ਤ ਨੂੰ ਵੀ ਲਾਭ ਮਿਲੇਗਾ।

ਵਿਧਾਇਕ ਡਾ. ਇਸ਼ਾਂਕ ਕੁਮਾਰ ਚੱਬੇਵਾਲ ਨੇ ਕੇਂਦਰੀ ਮੰਤਰੀ ਚਿਰਾਗ ਪਾਸਵਾਨ ਅਤੇ ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਫੂਡ ਪ੍ਰੋਸੈਸਿੰਗ ਯੂਨਿਟ ਲਾਉਣ ਲਈ ਪੰਜਾਬ ਸਰਕਾਰ ਵਲੋਂ ਹਰ ਸੰਭਵ ਮਦਦ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪਹਿਲਾਂ ਹੀ ਸੂਬੇ ਵਿਚ ਨਿਵੇਸ਼ ਲਈ ਲਾਮਿਸਾਲ ਕਦਮ ਚੁੱਕ ਰਹੀ ਹੈ ਅਤੇ ਇਹ ਪ੍ਰੋਜੈਕਟ ਵੀ ਤੈਅ ਸਮੇਂ ਵਿਚ ਪੂਰੀ ਤਰਜੀਹ ਨਾਲ ਸ਼ੁਰੂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਇੰਡਸਟਰੀ ਦੀ ਸਥਾਪਤੀ ਨਾਲ ਖੇਤਰ ਵਿਚ ਫ਼ਲਾਂ ਅਤੇ ਸਬਜ਼ੀਆਂ ਦੀ ਕਾਸ਼ਤ ਨੂੰ ਨਵੀਂ ਰਫ਼ਤਾਰ ਮਿਲੇਗੀ ਜੋ ਫ਼ਸਲੀ ਵਿਭਿੰਨਤਾ ਅਤੇ ਕਿਸਾਨਾਂ ਲਈ ਬੇਹੱਦ ਲਾਹੇਵੰਦ ਹੋਵੇਗੀ। ਉਨ੍ਹਾਂ ਕਿਹਾ ਕਿ ਸਾਰੀਆਂ ਪ੍ਰਕਿਰਿਆਵਾਂ ਨੂੰ ਮੁਕੰਮਲ ਕਰਦਿਆਂ ਜਲਦ ਹੀ ਇਸ ਪ੍ਰੋਜੈਕਟ 'ਤੇ ਕੰਮ ਸ਼ੁਰੂ ਹੋ ਜਾਵੇਗਾ ਤਾਂ ਜੋ ਆਉਂਦੇ 12 ਮਹੀਨਿਆਂ ਦੌਰਾਨ ਇਹ ਯੂਨਿਟ ਤਿਆਰ ਹੋ ਜਾਵੇ ਅਤੇ ਫ਼ਲਾਂ-ਸਬਜ਼ੀਆਂ ਦੀ ਪ੍ਰੋਸੈਸਿੰਗ ਨੂੰ ਅਮਲੀ ਜਾਮਾ ਪਹਿਨਾਇਆ ਜਾ ਸਕੇ।

# ਕੈਬਨਿਟ ਮੰਤਰੀ ਮੋਹਿੰਦਰ ਭਗਤ ਵੱਲੋਂ ਪੁਲਿਸ ਨੂੰ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਨਸ਼ਾ ਵਿਰੋਧੀ ਕਾਰਵਾਈ ਤੇਜ਼ ਕਰਨ ਦੇ ਨਿਰਦੇਸ਼



**ਜਲੰਧਰ, 4 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਅੱਜ ਪੁਲਿਸ ਅਧਿਕਾਰੀਆਂ ਨੂੰ 'ਯੁੱਧ ਨਸ਼ਿਆਂ ਵਿਰੁੱਧ' ਪਹਿਲਕਦਮੀ ਤਹਿਤ ਜ਼ਿਲ੍ਹੇ ਵਿੱਚ ਨਸ਼ਿਆਂ ਵਿਰੁੱਧ ਕਾਰਵਾਈ ਨੂੰ ਹੋਰ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ।

ਸੀਨੀਅਰ ਪੁਲਿਸ ਅਧਿਕਾਰੀਆਂ ਅਤੇ ਸ਼ਹਿਰ ਦੇ ਨਗਰ ਕੌਂਸਲਰਾਂ ਨਾਲ ਮੀਟਿੰਗ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਨਸ਼ਿਆਂ ਖਿਲਾਫ਼ ਮੁਹਿੰਮ ਦੇ ਸ਼ਾਨਦਾਰ ਨਤੀਜੇ ਸਾਹਮਣੇ ਆਏ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਬਹੁ-ਪੱਖੀ ਰਣਨੀਤੀ ਅਪਣਾਈ ਹੈ।

ਸ਼੍ਰੀ ਭਗਤ ਨੇ ਕਿਹਾ ਕਿ ਰਣਨੀਤੀ ਵਿੱਚ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਦੇ ਨਾਲ-ਨਾਲ ਨਸ਼ਿਆਂ ਦੀ ਲਤ ਤੋਂ ਪ੍ਰਭਾਵਿਤ ਨੌਜਵਾਨਾਂ ਦਾ ਢੁੱਕਵਾਂ ਮੁੜ ਵਸੇਬਾ ਯਕੀਨੀ ਬਣਾਉਣਾ ਵੀ ਸ਼ਾਮਲ ਹੈ।

ਉਨ੍ਹਾਂ ਅੱਗੇ ਕਿਹਾ ਕਿ ਪੁਲਿਸ ਨੇ ਵੱਡੇ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਸਪਲਾਈ ਲਾਈਨ ਤੋੜ ਦਿੱਤੀ ਹੈ, ਜਦਕਿ ਨਸ਼ਿਆਂ ਦੇ ਆਦੀ ਵਿਅਕਤੀਆਂ ਦੇ ਇਲਾਜ ਅਤੇ ਰਿਕਵਰੀ ਨੂੰ ਯਕੀਨੀ ਬਣਾਉਣ ਲਈ ਵੀ ਢੁੱਕਵੇਂ ਉਪਾਅ ਕੀਤੇ ਗਏ ਹਨ।

ਕੈਬਨਿਟ ਮੰਤਰੀ ਨੇ ਅੱਗੇ ਕਿਹਾ ਕਿ ਨਸ਼ਿਆਂ ਵਿਰੁੱਧ ਫੈਸਲਾਕੁੰਨ ਕਾਰਵਾਈ ਦੇ ਹਿੱਸੇ ਵਜੋਂ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਦੇ ਸੰਦੇਸ਼ ਨਾਲ ਜਨਤਾ ਤੱਕ ਪਹੁੰਚਣ ਲਈ ਵਿਲੇਜ ਅਤੇ ਵਾਰਡ ਡਿਫੈਂਸ ਕਮੇਟੀਆਂ ਵੀ ਬਣਾਈਆਂ ਗਈਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਨਸ਼ਾ ਵਿਰੋਧੀ ਹੈਲਪਲਾਈਨ ਨੂੰ ਜਨਤਾ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਹੈ ਅਤੇ ਵੱਡੀ ਗਿਣਤੀ ਵਿੱਚ ਇਨਪੁਟ ਪ੍ਰਾਪਤ ਹੋਏ ਹਨ। ਲੋਕਾਂ ਤੋਂ ਪ੍ਰਾਪਤ ਹੋਏ ਫੀਡਬੈਕ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਪੁਲਿਸ ਵੱਲੋਂ ਨਸ਼ਿਆਂ ਨਾਲ ਸਬੰਧਤ ਗਤੀਵਿਧੀਆਂ ਵਿੱਚ ਸ਼ਾਮਲ ਪਾਏ ਜਾਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਵੀ ਸ਼ੁਰੂ ਕਰ ਦਿੱਤੀ ਗਈ ਹੈ।

ਸ਼੍ਰੀ ਭਗਤ ਨੇ ਪੰਜਾਬ ਸਰਕਾਰ ਦੀ ਨਸ਼ਿਆਂ ਨੂੰ ਪੂਰੀ ਤਰ੍ਹਾਂ ਖਤਮ ਕਰਨ ਅਤੇ ਸੂਬੇ ਨੂੰ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਸੁਪਨੇ ਮੁਤਾਬਕ 'ਰੰਗਲਾ ਪੰਜਾਬ' ਬਣਾਉਣ ਦੀ ਵਚਨਬੱਧਤਾ ਵੀ ਦੁਹਰਾਈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਕੌਂਸਲਰ ਰਾਜ ਕੁਮਾਰ ਰਾਜੂ, 'ਆਪ' ਆਗੂ ਹਰਸਿਮਰਨ ਸਿੰਘ ਬੰਟੀ, ਸੁਭਾਸ਼ ਗੋਰੀਆ ਅਤੇ ਜਗਦੀਸ਼ ਸਮਰਾਏ ਵੀ ਮੌਜੂਦ ਸਨ।

# ਹਲਵਾਰਾ ਹਵਾਈ ਅੱਡਾ ਉਡਾਣ ਲਈ ਪੂਰੀ ਤਰ੍ਹਾਂ ਤਿਆਰ; ਬੁਕਿੰਗ ਜਲਦ ਹੋਵੇਗੀ ਸ਼ੁਰੂ, ਸੰਜੀਵ ਅਰੋੜਾ ਨੇ ਪਹਿਲੀਆਂ ਟਿਕਟਾਂ ਕੀਤੀਆਂ ਬੁੱਕ



**ਚੰਡੀਗੜ੍ਹ, 4 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੀ ਉਦਯੋਗਿਕ ਰਾਜਧਾਨੀ ਲੁਧਿਆਣਾ ਖੇਤਰੀ ਸੰਪਰਕ ਨੂੰ ਬਿਹਤਰ ਪਾਉਣ ਦੀ ਦਿਸ਼ਾ ਵੱਲ ਵੱਡੀ ਪੁਲਾਂਘ ਪੁੱਟਣ ਲਈ ਤਿਆਰ-ਬਰ-ਤਿਆਰ ਹੈ ਕਿਉਂਕਿ ਹਲਵਾਰਾ ਹਵਾਈ ਅੱਡੇ ਤੋਂ 15 ਮਈ, 2026 ਨੂੰ ਉਡਾਣਾਂ ਸ਼ੁਰੂ ਹੋ ਜਾਣਗੀਆਂ ਅਤੇ ਜਲਦ ਹੀ ਫਲਾਈਟ ਬੁਕਿੰਗ ਵੀ ਸ਼ੁਰੂ ਹੋਵੇਗੀ। ਸ਼ੁਰੂਆਤ ਵਿੱਚ ਏਅਰ ਇੰਡੀਆ ਦੀਆਂ ਦੋ ਉਡਾਣਾਂ ਲੁਧਿਆਣਾ ਨੂੰ ਦਿੱਲੀ ਨਾਲ ਜੋੜਨਗੀਆਂ ਜਿਸ ਨਾਲ 30 ਸਾਲਾਂ ਦਾ ਸੁਪਨਾ ਸਾਕਾਰ ਹੋਵੇਗਾ।

ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਆਪਣੀ ਪਤਨੀ ਨਾਲ 15 ਮਈ, 2026 ਨੂੰ ਦਿੱਲੀ ਤੋਂ ਹਲਵਾਰਾ ਜਾਣ ਵਾਲੀ ਪਹਿਲੀ ਫਲਾਈਟ ਬੁੱਕ ਕਰਵਾਈ ਹੈ ਜੋ ਕਿ ਇਸ ਇਤਿਹਾਸਕ ਸਫਰ ਵਿੱਚ ਨਿੱਜੀ ਅਤੇ ਜਨਤਕ ਮੀਲ ਪੱਥਰ ਦਾ ਪ੍ਰਤੀਕ ਹੈ। ਏਅਰਲਾਈਨਜ਼ ਦੇ ਸੂਤਰਾਂ ਅਨੁਸਾਰ ਦਿੱਲੀ-ਲੁਧਿਆਣਾ-ਦਿੱਲੀ ਸੈਕਟਰ ਦੀਆਂ ਟਿਕਟਾਂ ਤੇਜ਼ੀ ਨਾਲ ਵਿਕ ਰਹੀਆਂ ਹਨ।

ਉਡਾਣਾਂ ਦੀ ਸ਼ੁਰੂਆਤ ਨਿਰੰਤਰ ਯਤਨਾਂ ਦਾ ਨਤੀਜਾ ਹੈ, ਜੋ ਸੰਜੀਵ ਅਰੋੜਾ ਦੀ ਖੇਤਰੀ ਸੰਪਰਕ ਨੂੰ ਮਜ਼ਬੂਤ ਕਰਨ ਅਤੇ ਪੰਜਾਬ, ਖਾਸ ਤੌਰ 'ਤੇ ਲੁਧਿਆਣਾ ਅਤੇ ਇਸਦੇ ਆਸ-ਪਾਸ ਦੇ ਜ਼ਿਲ੍ਹਿਆਂ ਲਈ ਆਰਥਿਕ ਵਿਕਾਸ ਵਿੱਚ ਤੇਜ਼ੀ ਲਿਆਉਣ ਪ੍ਰਤੀ ਦ੍ਰਿੜ ਵਚਨਬੱਧਤਾ ਨੂੰ ਦਰਸਾਉਂਦਾ ਹੈ। ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਨੇ ਇਸ ਚਿਰੋਕਣੇ ਪ੍ਰਾਜੈਕਟ ਨੂੰ ਮੁੜ ਸੁਰਜੀਤ ਕਰਨ ਅਤੇ ਇਸ ਵਿੱਚ ਤੇਜ਼ੀ ਲਿਆਉਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ ਜਿਸ ਨਾਲ ਲੁਧਿਆਣਾ ਦੇ ਨਜਦੀਕ ਇੱਕ ਕਾਰਜਸ਼ੀਲ ਹਵਾਈ ਅੱਡੇ ਦਾ ਸੁਪਨਾ ਸਾਕਾਰ ਹੋਵੇਗਾ।

ਹਲਵਾਰਾ ਹਵਾਈ ਅੱਡੇ ਦੇ ਕਾਰਜਸ਼ੀਲ ਹੋਣ ਨਾਲ ਵਪਾਰ, ਉਦਯੋਗ, ਸੈਰ-ਸਪਾਟਾ ਨੂੰ ਹੁਲਾਰਾ ਮਿਲੇਗਾ ਅਤੇ ਵਸਨੀਕਾਂ ਅਤੇ ਵਪਾਰਕ ਭਾਈਚਾਰੇ ਨੂੰ ਨਿਰਵਿਘਨ ਯਾਤਰਾ ਦੀ ਸਹੂਲਤ ਮਿਲੇਗੀ। ਇਸ ਨਾਲ ਬਰਾਮਦਕਾਰਾਂ, ਉਦਯੋਗਪਤੀਆਂ ਅਤੇ ਉੱਦਮੀਆਂ ਲਈ ਵੀ ਬਿਹਤਰ ਸੰਪਰਕ ਯਕੀਨੀ ਬਣੇਗਾ ਜਿਸ ਨਾਲ ਇੱਕ ਪ੍ਰਮੁੱਖ ਆਰਥਿਕ ਕੇਂਦਰ ਵਜੋਂ ਲੁਧਿਆਣਾ ਦੀ ਸਥਿਤੀ ਹੋਰ ਮਜ਼ਬੂਤ ਹੋਵੇਗੀ।

ਸੰਜੀਵ ਅਰੋੜਾ ਨੇ ਇਸ ਪ੍ਰੋਜੈਕਟ ਦੇ ਸੁਪਨੇ ਨੂੰ ਸਾਕਾਰ ਕਰਨ ਵਿੱਚ ਯੋਗਦਾਨ ਪਾਉਣ ਵਾਲੇ ਸਾਰੇ ਭਾਈਵਾਲਾਂ, ਸਰਕਾਰੀ ਏਜੰਸੀਆਂ ਅਤੇ ਉਦਯੋਗਪਤੀਆਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਹ ਪ੍ਰਾਪਤੀ ਸਿਰਫ਼ ਬੁਨਿਆਦੀ ਢਾਂਚੇ ਦੇ ਵਿਕਾਸ ਨੂੰ ਹੀ ਨਹੀਂ ਦਰਸਾਉਂਦੀ ਸਗੋਂ ਪੰਜਾਬ ਨੂੰ ਰਾਸ਼ਟਰੀ ਅਤੇ ਵਿਸ਼ਵਵਿਆਪੀ ਆਰਥਿਕ ਗਲਿਆਰਿਆਂ ਨਾਲ ਜੋੜਨ ਵੱਲ ਇੱਕ ਅਹਿਮ ਕਦਮ ਵੀ ਹੈ।

ਹਲਵਾਰਾ ਹਵਾਈ ਅੱਡੇ ਤੋਂ ਉਡਾਣਾਂ ਦੀ ਸ਼ੁਰੂਆਤ ਪੰਜਾਬ ਦੀ ਵਿਕਾਸ ਕਹਾਣੀ ਵਿੱਚ ਇੱਕ ਨਵੇਂ ਅਧਿਆਏ ਦੀ ਸ਼ੁਰੂਆਤ ਹੈ ਜਿਸ ਨਾਲ ਬਿਹਤਰ ਸੰਪਰਕ, ਮੌਕੇ ਅਤੇ ਵਿਕਾਸ ਨਵੀਆਂ ਬੁਲੰਦੀਆਂ ਤੱਕ ਪਹੁੰਚੇਗਾ।

# ਬਠਿੰਡਾ ਵਿੱਚ ਪੈਟਰੋਲ-ਡੀਜ਼ਲ ਦੀ ਸਪਲਾਈ ਸੁਚਾਰੂ, ਘਾਟ ਦੀ ਕੋਈ ਸਥਿਤੀ ਨਹੀਂ: ਡਿਪਟੀ ਕਮਿਸ਼ਨਰ

**ਬਠਿੰਡਾ,4 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਸ਼੍ਰੀ ਰਾਜੇਸ਼ ਧੀਮਾਨ ਨੇ ਦੱਸਿਆ ਜ਼ਿਲ੍ਹੇ ਵਿੱਚ ਪੈਟਰੋਲ ਅਤੇ ਡੀਜ਼ਲ ਦੀ ਸਪਲਾਈ ਨੂੰ ਸੁਚਾਰੂ ਢੰਗ ਨਾਲ ਜਾਰੀ ਰੱਖਿਆ ਗਿਆ ਹੈ ਅਤੇ ਕਿਸੇ ਵੀ ਤਰ੍ਹਾਂ ਦੀ ਘਾਟ ਦੀ ਸਥਿਤੀ ਨਹੀਂ ਹੈ।

ਉਹਨਾਂ ਦੱਸਿਆ ਕਿ ਜ਼ਿਲ੍ਹੇ ਦੀਆਂ ਕੁੱਲ 39 ਗੈਸ ਏਜੰਸੀਆ ਪਾਸੋਂ ਕਰੀਬ 5 ਲੱਖ ਖਪਤਕਾਰਾਂ ਵੱਲੋਂ ਪਿਛਲੇ ਕੁਝ ਦਿਨਾਂ ਦੌਰਾਨ ਗੈਸ ਭਰਵਾਈ ਗਈ ਹੈ ਅਤੇ ਗੈਸ ਸਬੰਧੀ ਜ਼ਿਲ੍ਹੇ ਭਰ ਵਿਚ ਪੂਰੀ ਮਾਤਰਾ ਵਿੱਚ ਸਪਲਾਈ ਨਿਰਵਿਘਨ ਜਾਰੀ ਹੈ।

ਉਨ੍ਹਾਂ ਦੱਸਿਆ ਕਿ ਪੈਟਰੋਲ ਅਤੇ ਡੀਜ਼ਲ ਦੀ ਸਪਲਾਈ ਨੂੰ ਲਗਾਤਾਰ ਮਾਨੀਟਰ ਕੀਤਾ ਜਾ ਰਿਹਾ ਹੈ ਅਤੇ ਹੁਣ ਤੱਕ ਪੈਟਰੋਲ ਪੰਪਾਂ ਦੀ ਸਪਲਾਈ ਲਗਭਗ 80 ਫੀਸਦੀ ਤੱਕ ਪਹੁੰਚ ਚੁੱਕੀ ਹੈ। ਅਗਲੇ ਕੁਝ ਦਿਨਾਂ ਵਿੱਚ ਸਪਲਾਈ ਪੂਰੀ ਤਰ੍ਹਾਂ ਸਧਾਰਨ ਹੋਣ ਦੀ ਸੰਭਾਵਨਾ ਹੈ ਅਤੇ ਇਸ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋੜੀਂਦੇ ਕਦਮ ਚੁੱਕੇ ਜਾ ਰਹੇ ਹਨ।

## ਸੰਪਾਦਕੀ

### ਹਰਿਆਣਾ 'ਚੋਂ ਗਾਇਬ ਹੋ ਰਿਹਾ ਝੋਨਾ

ਕੁਰੂਕਸ਼ੇਤਰ ਵਿੱਚ ਚੌਲ ਮਿੱਲਾਂ 'ਚੋਂ ਲਗਪਗ 17 ਕਰੋੜ ਰੁਪਏ ਦਾ ਝੋਨਾ ਗਾਇਬ ਹੋਣਾ ਸਿਰਫ਼ ਚੋਰੀ ਦਾ ਮਾਮਲਾ ਨਹੀਂ, ਸਗੋਂ ਇੱਕ ਬੇਚੈਨ ਕਰਨ ਵਾਲਾ ਸੰਕੇਤ ਹੈ, ਜੋ ਖਰੀਦ ਅਤੇ ਛੜਾਈ ਸਬੰਧੀ ਪ੍ਰਣਾਲੀਗਤ ਅਸਫਲਤਾ ਨੂੰ ਦਰਸਾਉਂਦਾ ਹੈ। 63,000 ਕੁਇੰਟਲ ਤੋਂ ਵੱਧ ਦੀ ਗੜਬੜੀ ਦਾ ਪਤਾ ਲੱਗਣਾ ਲਾਪਰਵਾਹੀ ਨਾਲੋਂ ਕਿਤੇ ਵੱਧ ਗੰਭੀਰ ਕਾਰਨ ਵੱਲ ਇਸ਼ਾਰਾ ਕਰਦਾ ਹੈ। ਇਹ ਇੱਕ ਅਜਿਹੇ ਖੱਪੇ ਬਾਰੇ ਦੱਸਦਾ ਹੈ, ਜਿੱਥੇ ਰਿਕਾਰਡਾਂ ਵਿੱਚ ਹੇਰਾਫੇਰੀ ਕੀਤੀ ਜਾ ਸਕਦੀ ਹੈ ਅਤੇ ਤਸਦੀਕ ਵਿਧੀ ਮੌਕੇ 'ਤੇ ਸਪੱਸ਼ਟ ਬੇਨਿਯਮੀਆਂ ਦਾ ਪਤਾ ਲਗਾਉਣ ਵਿੱਚ ਅਸਫਲ ਰਹਿੰਦੀ ਹੈ। ਇਸ ਸਮੱਸਿਆ ਦੀ ਜੜ੍ਹ ਕਸਟਮ ਮਿਲਿੰਗ ਪ੍ਰਣਾਲੀ ਵਿੱਚ ਪਈ ਹੈ, ਜਿੱਥੇ ਸਰਕਾਰੀ ਏਜੰਸੀਆਂ ਖਰੀਦੇ ਗਏ ਅਨਾਜ ਦੀ ਜ਼ਿੰਮੇਵਾਰੀ ਨਿੱਜੀ ਮਿੱਲਰਾਂ ਨੂੰ ਸੌਂਪਦੀਆਂ ਹਨ। ਇਹ ਮਾਡਲ ਕਾਗਜ਼ਾਂ 'ਚ ਤਾਂ ਬਿਲਕੁਲ ਸਹੀ ਜਾਪਦਾ ਹੈ, ਪਰ ਵਿਹਾਰਕ ਪੱਧਰ 'ਤੇ ਇਸ ਵਿੱਚ ਬਹੁਤ ਖ਼ਾਮੀਆਂ ਹਨ।

ਕਮਜ਼ੋਰ ਨਿਗਰਾਨੀ, ਦੇਰੀ ਨਾਲ ਆਡਿਟ ਅਤੇ ਹੱਥੀਂ ਰਿਕਾਰਡ ਦਰਜ ਕਰਨ 'ਤੇ ਨਿਰਭਰਤਾ ਹੇਰਾਫੇਰੀ ਲਈ ਢੁੱਕਵੇਂ ਮੌਕੇ ਪੈਦਾ ਕਰਦੀ ਹੈ। ਪਹਿਲਾਂ ਹੋਈਆਂ ਜਾਂਚਾਂ ਦੌਰਾਨ ਸਟਾਕ ਸਬੰਧੀ ਦਰਜ ਰਿਕਾਰਡ ਦਾ ਸਹੀ ਸਾਬਿਤ ਹੋਣਾ, ਮਿਲੀਭੁਗਤ ਜਾਂ ਨਿਗਰਾਨੀ ਵਿੱਚ ਵੱਡੇ ਪੱਧਰ 'ਤੇ ਗੜਬੜੀ ਦੇ ਸ਼ੱਕ ਨੂੰ ਹੋਰ ਡੂੰਘਾ ਕਰਦਾ ਹੈ।

ਪ੍ਰਸ਼ਾਸਨਿਕ ਪ੍ਰਕਿਰਿਆ ਵਿੱਚ ਦੇਰੀ ਵੀ ਓਨੀ ਹੀ ਚਿੰਤਾਜਨਕ ਹੈ। ਕਿਸਾਨ ਸੰਗਠਨਾਂ ਦੇ ਦਬਾਅ ਪਾਉਣ ਮਗਰੋਂ ਹੀ ਐੱਫ ਆਈ ਆਰ ਦਰਜ ਕੀਤੀਆਂ ਗਈਆਂ। ਇਸ ਨਾਲ ਸੰਸਥਾਗਤ ਜਵਾਬਦੇਹੀ 'ਤੇ ਵੀ ਸਵਾਲ ਉੱਠਦੇ ਹਨ। ਜੇਕਰ ਅਜਿਹੀਆਂ ਵੱਡੇ ਪੱਧਰ ਦੀਆਂ ਗੜਬੜੀਆਂ ਵੀ ਅਣਗੌਲੀਆਂ ਰਹਿ ਸਕਦੀਆਂ ਹਨ ਤਾਂ ਇਸ ਨਾਲ ਨਾ ਸਿਰਫ਼ ਕਾਨੂੰਨ ਲਾਗੂ ਕਰਵਾਉਣ ਵਾਲੀਆਂ ਏਜੰਸੀਆਂ 'ਤੇ ਸਗੋਂ ਵਿਆਪਕ ਖਰੀਦ ਢਾਂਚੇ 'ਤੇ ਵੀ ਲੋਕਾਂ ਦੇ ਭਰੋਸੇ ਨੂੰ ਖੋਰਾ ਲੱਗੇਗਾ। ਇਸ ਦੇ ਸਿੱਟੇ ਕਿਸੇ ਇੱਕ ਜ਼ਿਲ੍ਹੇ ਤੱਕ ਸੀਮਤ ਨਹੀਂ ਹਨ। ਜਨਤਕ ਵੰਡ ਪ੍ਰਣਾਲੀ ਲਈ ਰੱਖਿਆ ਝੋਨਾ ਸਿਰਫ਼ ਇੱਕ ਵਸਤੂ ਨਹੀਂ ਹੈ; ਇਹ ਅੰਨ ਸੁਰੱਖਿਆ ਦਾ ਇੱਕ ਥੰਮ੍ਹ ਹੈ। ਇਸ ਦੀ ਗ਼ੈਰਕਾਨੂੰਨੀ ਵੰਡ ਵਿੱਤੀ ਨੁਕਸਾਨ ਦੇ ਨਾਲ ਨਾਲ ਭਲਾਈ ਯੋਜਨਾਵਾਂ ਤਹਿਤ ਹੋਣ ਵਾਲੀ ਵੰਡ ਲਈ ਵੀ ਵੱਡਾ ਖ਼ਤਰਾ ਹੈ। ਭਾਰਤ ਵਿੱਚ ਸਮਰਥਨ ਮੁੱਲ 'ਤੇ ਫ਼ਸਲਾਂ ਦੀ ਖਰੀਦ ਵਾਲੇ ਇਸ ਅਹਿਮ ਖਿੱਤੇ ਵਿੱਚ ਹੋਈਆਂ ਅਜਿਹੀਆਂ ਗੜਬੜੀਆਂ ਹੋਰ ਵੀ ਵਿਆਪਕ ਕਮਜ਼ੋਰੀਆਂ ਨੂੰ ਉਜਾਗਰ ਕਰਦੀਆਂ ਹਨ।

### ਆਈ ਟੀ ਨੇਮਾਂ ਵਿੱਚ ਸੋਧਾਂ

ਕੇਂਦਰ ਸਰਕਾਰ ਵੱਲੋਂ ਸੂਚਨਾ ਤਕਨਾਲੋਜੀ (ਆਈ ਟੀ) ਨੇਮਾਂ 2021 ਵਿੱਚ ਤਜਵੀਜ਼ਤ ਸੋਧਾਂ ਭਾਰਤ ਦੇ ਡਿਜੀਟਲ ਖੇਤਰ ਵਿੱਚ ਮਹੱਤਵਪੂਰਨ ਬਦਲਾਅ ਦਾ ਸੰਕੇਤ ਹਨ। ਮੁੱਖ ਰੂਪ ਵਿੱਚ ਇਨ੍ਹਾਂ ਤਬਦੀਲੀਆਂ ਦਾ ਉਦੇਸ਼ ਆਈ ਟੀ ਐਕਟ ਦੀ ਧਾਰਾ 79 ਤਹਿਤ ਕੰਮਕਾਜ ਕਰਨ ਲਈ ਸਰਕਾਰ ਵੱਲੋਂ ਜਾਰੀ ਵਿਆਪਕ ਦਿਸ਼ਾ ਨਿਰਦੇਸ਼ਾਂ, ਐਡਵਾਈਜ਼ਰੀਜ਼ ਅਤੇ ਸਟੈਂਡਰਡ ਔਫ ਪ੍ਰੋਸੀਜ਼ਰ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਉਣ ਲਈ ਪਾਬੰਦ ਕਰਨਾ ਹੈ। ਹਾਲਾਂਕਿ ਸੁਰੱਖਿਆ, ਭਰੋਸੇਯੋਗਤਾ ਅਤੇ ਇੰਟਰਨੈੱਟ ਦੀ ਜਵਾਬਦੇਹੀ ਸ਼ਲਾਘਾਯੋਗ ਕਦਮ ਹੈ, ਪਰ ਇਹ ਪ੍ਰਕਿਰਿਆ ਨਿਯਮਾਂ ਅਤੇ ਆਜ਼ਾਦੀ ਵਿਚਕਾਰ ਤਵਾਜ਼ਨ ਨੂੰ ਵਿਗਾੜ ਸਕਦੀ ਹੈ। ਖਰੜੇ ਦਾ ਸਭ ਤੋਂ ਵਿਵਾਦਤ ਹਿੱਸਾ ਸਰਕਾਰ ਦੇ ਅਧਿਕਾਰਾਂ 'ਚ ਕੀਤਾ ਜਾਣ ਵਾਲਾ ਵਾਧਾ ਹੈ। ਐਡਵਾਈਜ਼ਰੀ ਅਤੇ ਸਪੱਸ਼ਟੀਕਰਨ ਦੇ ਓਹਲੇ ਹੇਠ ਗ਼ੈਰ-ਵਿਧਾਨਕ ਸ਼ਰਤਾਂ ਨੂੰ ਲਾਜ਼ਮੀ ਬਣਾਉਣ ਨਾਲ ਸਰਕਾਰ ਦੀਆਂ ਸ਼ਕਤੀਆਂ ਵਿੱਚ ਬੇਤਹਾਸ਼ਾ ਵਾਧਾ ਹੋ ਜਾਵੇਗਾ। ਇਸ ਨਾਲ ਨਿਆਂਇਕ ਅਸਪੱਸ਼ਟਤਾ ਦਾ ਮਸਲਾ ਖੜ੍ਹਾ ਹੋ ਸਕਦਾ ਹੈ। ਡਿਜੀਟਲ ਅਧਿਕਾਰਾਂ ਦੇ ਹਾਮੀਆਂ ਵੱਲੋਂ ਪ੍ਰਗਟਾਇਆ ਜਾ ਰਿਹਾ ਇਹ ਖ਼ਦਸ਼ਾ ਬੇਬੁਨਿਆਦ ਨਹੀਂ ਹੈ ਕਿ ਨਿਯਮਾਂ ਵਿੱਚ ਅਸਪੱਸ਼ਟਤਾ ਅਕਸਰ ਹੱਦੋਂ ਵੱਧ ਚੌਕਸੀ ਨੂੰ ਜਨਮ ਦਿੰਦੀ ਹੈ, ਜੋ ਪ੍ਰਗਟਾਵੇ ਦੀ ਆਜ਼ਾਦੀ ਦੀ ਸੰਘੀ ਘੁੱਟ ਸਕਦੀ ਹੈ। ਸਮੱਗਰੀ ਦੀ ਨਿਗਰਾਨੀ ਦੀ ਤਜਵੀਜ਼ ਵੀ ਚਿੰਤਾਜਨਕ ਹੈ। ਸਬੰਧਿਤ ਧਿਰਾਂ ਅਤੇ ਇੱਥੋਂ ਤੱਕ ਕਿ ਉਪਭੋਗਤਾ ਦੁਆਰਾ ਤਿਆਰ ਕੀਤੀ ਗਈ ਖ਼ਬਰਾਂ ਸਬੰਧੀ ਸਮੱਗਰੀ ਨੂੰ ਅੰਤਰ-ਵਿਭਾਗੀ ਕਮੇਟੀ ਦੇ ਦਾਇਰੇ ਵਿੱਚ ਲਿਆਉਣਾ ਔਨਲਾਈਨ ਸੰਚਾਰ ਦੀ ਸਖ਼ਤ ਨਿਗਰਾਨੀ ਵੱਲ ਕਦਮ ਹੈ।

ਨੇਮਾਂ ਦੀ ਪਾਲਣਾ ਦੇ ਮਾਮਲੇ ਵਿੱਚ ਆਮ ਯੂਜ਼ਰ ਅਤੇ ਸੋਸ਼ਲ ਮੀਡੀਆ ਇਨਫਲੂਐਂਸਰਾਂ ਨੂੰ ਡਿਜੀਟਲ ਖ਼ਬਰਾਂ ਪ੍ਰਕਾਸ਼ਿਤ ਕਰਨ ਵਾਲੇ ਅਦਾਰਿਆਂ ਦੇ ਤੁੱਲ ਮੰਨਣਾ ਗੰਭੀਰ ਮਸਲਾ ਹੈ। ਹਾਲਾਂਕਿ ਜਵਾਬਦੇਹੀ ਜ਼ਰੂਰੀ ਹੈ, ਫਿਰ ਵੀ ਖ਼ਾਸ ਕਰਕੇ ਗ਼ਲਤ ਜਾਣਕਾਰੀ ਅਤੇ ਜਾਅਲੀ ਖ਼ਬਰਾਂ ਦੇ ਇਸ ਯੁੱਗ ਵਿੱਚ ਅਜਿਹੀ ਹੱਦੋਂ ਵੱਧ ਨਿਗਰਾਨੀ ਪ੍ਰਕਿਰਿਆ 'ਚ ਪਾਰਦਰਸ਼ਤਾ ਦੀ ਘਾਟ ਸਰਕਾਰ ਨੂੰ ਇਕਤਰਫ਼ਾ ਫ਼ੈਸਲੇ ਲੈਣ ਦੇ ਸਮਰੱਥ ਬਣਾ ਦੇਵੇਗੀ।

ਸਰਕਾਰ ਦੇ ਤੌਖ਼ਲੇ ਵੀ ਬੇਬੁਨਿਆਦ ਨਹੀਂ ਹਨ। ਏ ਆਈ ਵੱਲੋਂ ਤਿਆਰ ਕੀਤੀ ਜਾਂਦੀ ਡੀਪਫੇਕ ਸਮੱਗਰੀ ਦਾ ਤੇਜ਼ੀ ਨਾਲ ਪਸਾਰ ਜਨਤਕ ਭਰੋਸੇ ਅਤੇ ਸਮਾਜਿਕ ਸਥਰਿਤਾ ਲਈ ਖ਼ਤਰਾ ਹੈ। ਹਾਲਾਂਕਿ ਡੀਪਫੇਕ ਅਤੇ ਨੁਕਸਾਨਦੇਹ ਸਮੱਗਰੀ 'ਤੇ ਰੋਕ ਲਗਾਉਣ ਦਾ ਮਤਲਬ ਇਹ ਨਹੀਂ ਹੈ ਕਿ ਬੁਨਿਆਦੀ ਡਿਜੀਟਲ ਆਜ਼ਾਦੀ ਦੇ ਅਧਿਕਾਰ ਨੂੰ ਖੋਰਾ ਲਗਾਇਆ ਜਾਵੇ।

ਆਖ਼ਰਕਾਰ, ਅਸਰਦਾਰ ਨਿਯਮਾਂ ਦਾ ਆਧਾਰ ਸਪੱਸ਼ਟਤਾ ਅਤੇ ਜਵਾਬਦੇਹੀ 'ਤੇ ਆਧਾਰਿਤ ਹੋਣਾ ਚਾਹੀਦਾ ਹੈ। ਭਾਰਤ ਦਾ ਡਿਜੀਟਲ ਭਵਿੱਖ ਉਸ ਖੁੱਲ੍ਹੇਪਣ ਨੂੰ ਸਾਵਧਾਨੀ ਨਾਲ ਸੁਰੱਖਿਅਤ ਰੱਖਣ 'ਤੇ ਨਿਰਭਰ ਕਰਦਾ ਹੈ, ਜਿਸ ਨੇ ਇੰਟਰਨੈੱਟ ਨੂੰ ਪ੍ਰਗਟਾਵੇ ਅਤੇ ਨਵੀਆਂ ਰੀਤਾਂ ਦਾ ਮੰਚ ਬਣਾਇਆ ਹੈ।

## ਬੇਅਦਬੀ ਵਿਰੋਧੀ ਕਾਨੂੰਨ ਸਮੇਂ ਦੀ ਲੋੜ: ਗਿਆਨੀ ਰਘਬੀਰ ਸਿੰਘ



ਸਮਾਣਾ, 2 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-

ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਰੋਕਣ ਲਈ ਸਖ਼ਤ ਕਾਨੂੰਨ ਦੀ ਮੰਗ ਨੂੰ ਲੈ ਕੇ ਸਮਾਣਾ ਦੇ ਬਾਬਾ ਬੰਦਾ ਸਿੰਘ ਬਹਾਦਰ ਚੌਕ ਵਿੱਚ ਚੱਲ ਰਹੇ ਧਰਮ ਯੁੱਧ ਮੋਰਚੇ ਵਿੱਚ ਅੱਜ ਅਕਾਲ ਤਖ਼ਤ ਦੇ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸ਼ਮੂਲੀਅਤ ਕੀਤੀ।

ਇਸ ਦੌਰਾਨ ਉਨ੍ਹਾਂ ਟਾਵਰ ਮੋਰਚੇ ਨੂੰ ਵੀ ਪੂਰਨ ਸਮਰਥਨ ਦਿੱਤਾ। ਉਨ੍ਹਾਂ ਨਾਲ ਸਾਬਕਾ ਮੰਤਰੀ ਸੁਰਜੀਤ ਸਿੰਘ ਰੱਖੜਾ ਅਤੇ ਸਾਬਕਾ ਵਿਧਾਇਕ ਨਿਰਮਲ ਸਿੰਘ ਵੀ ਮੌਜੂਦ ਸਨ। ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਕੁਝ ਵਿਦਵਾਨ ਬੇਅਦਬੀ ਸਬੰਧੀ ਸਖ਼ਤ ਕਾਨੂੰਨ ਦੇ ਸਮਰਥਨ ਵਿੱਚ ਨਹੀਂ ਹਨ, ਜੇ ਸਖ਼ਤ ਕਾਨੂੰਨ ਬਣਦਾ ਹੈ ਤਾਂ ਇਹ ਘਟਨਾਵਾਂ ਰੁਕ ਸਕਦੀਆਂ ਹਨ। ਕਾਨੂੰਨ ਨਰਮ ਹੋਣ ਕਾਰਨ ਮੁਲਜ਼ਮ ਕਾਬੂ ਆਉਣ ਮਗਰੋਂ ਜਲਦੀ ਜ਼ਮਾਨਤ 'ਤੇ ਬਾਹਰ ਆ ਜਾਂਦੇ ਹਨ। ਭਾਈ ਗੁਰਜੀਤ ਸਿੰਘ ਖਾਲਸਾ ਸਖ਼ਤ ਕਾਨੂੰਨ ਦੀ ਮੰਗ ਨੂੰ ਲੈ ਕੇ ਕਰੀਬ 18 ਮਹੀਨਿਆਂ ਤੋਂ ਟਾਵਰ 'ਤੇ ਚੜ੍ਹੇ ਹੋਏ ਹਨ, ਜੇ ਸ਼੍ਰੋਮਣੀ ਕਮੇਟੀ ਆਪਣੀ ਜ਼ਿੰਮੇਵਾਰੀ ਸਮਝਦੀ ਤਾਂ ਉਨ੍ਹਾਂ ਨੂੰ ਟਾਵਰ 'ਤੇ ਚੜ੍ਹਨ ਦੀ ਲੋੜ ਨਹੀਂ ਸੀ ਪੈਣੀ। ਉਨ੍ਹਾਂ ਪੰਜਾਬ ਸਰਕਾਰ ਵੱਲੋਂ 13 ਅਪਰੈਲ ਨੂੰ ਸੱਦੇ ਵਿਸ਼ੇਸ਼ ਇਜਲਾਸ ਦਾ ਸਵਾਗਤ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਨੇ ਸਿੱਖ ਵਿਦਵਾਨਾਂ ਅਤੇ ਸੰਤ-ਮਹਾਪੁਰਸ਼ਾਂ ਦੀ ਮੀਟਿੰਗ ਵਿੱਚ 'ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਐਕਟ-2008' ਵਿੱਚ ਸੋਧ ਕਰ ਕੇ ਸਖ਼ਤ ਕਾਨੂੰਨ ਬਣਾਉਣ ਦਾ ਭਰੋਸਾ ਦਿੱਤਾ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਵਿੱਚ ਕਥਿਤ ਭ੍ਰਿਸ਼ਟਾਚਾਰ ਖ਼ਤਮ ਕਰਨ ਦੀ ਲੋੜ 'ਤੇ ਵੀ ਜ਼ੋਰ ਦਿੱਤਾ।

ਦੂਜੇ ਪਾਸੇ ਟਾਵਰ ਮੋਰਚੇ ਦੇ ਆਗੂ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਮੈਨੇਜਰ ਸੁਰਜੀਤ ਸਿੰਘ ਠੀਕਰੀਵਾਲਾ ਰਾਹੀਂ ਉਨ੍ਹਾਂ ਨੂੰ 6 ਅਪਰੈਲ ਨੂੰ ਤੇਜਾ ਸਿੰਘ ਸਮੁੰਦਰੀ ਹਾਲ ਵਿੱਚ ਹੋਣ ਵਾਲੀ ਸਿੱਖ ਜਥੇਬੰਦੀਆਂ ਦੀ ਅਹਿਮ ਮੀਟਿੰਗ ਵਿੱਚ ਸ਼ਾਮਲ ਹੋਣ ਦਾ ਸੱਦਾ ਪੱਤਰ ਭੇਜਿਆ ਗਿਆ ਹੈ।

## ਸ਼ਹਿਰ ਦੇ 21 ਵਾਰਡ ਬੇਸਹਾਰਾ ਪਸ਼ੂਆਂ ਤੋਂ ਹੋਏ ਮੁਕਤ



ਜਲੰਧਰ, 2 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-

ਜ਼ਿਲ੍ਹਾ ਪ੍ਰਸ਼ਾਸਨ ਦੀਆਂ ਹਦਾਇਤਾਂ 'ਤੇ ਨਗਰ ਨਿਗਮ ਜਲੰਧਰ ਵੱਲੋਂ ਲਗਾਤਾਰ ਕੀਤੇ ਯਤਨਾਂ ਸਦਕਾ ਸ਼ਹਿਰ ਦੇ 21 ਵਾਰਡਾਂ ਨੂੰ ਪੂਰੀ ਤਰ੍ਹਾਂ ਬੇਸਹਾਰਾ ਪਸ਼ੂਆਂ ਤੋਂ ਮੁਕਤ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਗਈ ਹੈ।

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਅੱਜ ਇਥੇ ਸੁਸਾਇਟੀ ਫਾਰ ਪ੍ਰੀਵੈਂਸ਼ਨ ਆਫ਼ ਕਰੂਐਲਿਟੀ ਟੂ ਐਨੀਮਲਜ਼, ਜ਼ਿਲ੍ਹਾ ਪਸ਼ੂ ਭਲਾਈ ਸੁਸਾਇਟੀ ਅਤੇ ਐਨੀਮਲ ਬਰਥ ਕੰਟਰੋਲ ਰੂਲਜ਼ 2023 ਸਬੰਧੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਬੇਸਹਾਰਾ ਪਸ਼ੂਆਂ ਅਤੇ ਨਾਗਰਿਕਾਂ ਦੋਵਾਂ ਦੀ ਸੁਰੱਖਿਆ ਯਕੀਨੀ ਬਣਾਉਣ ਦੀ ਵਚਨਬੱਧਤਾ ਦੁਹਰਾਈ। ਉਨ੍ਹਾਂ ਦੱਸਿਆ ਨਗਰ ਨਿਗਮ ਦੀਆਂ ਟੀਮਾਂ ਵੱਲੋਂ ਵੱਖ-ਵੱਖ ਵਾਰਡਾਂ ਦੀ ਚੈਕਿੰਗ ਕਰਕੇ ਬੇਸਹਾਰਾ ਪਸ਼ੂਆਂ ਨੂੰ ਗਊਸ਼ਾਲਾਵਾਂ ਵਿੱਚ ਪਹੁੰਚਾਇਆ ਗਿਆ, ਜਿਸ ਸਦਕਾ ਸ਼ਹਿਰ ਦੇ ਅੰਦਰੂਨੀ ਹਿੱਸੇ ਵਿੱਚ ਬੇਸਹਾਰਾ ਪਸ਼ੂਆਂ ਦੀ ਸਮੱਸਿਆ ਨਾਲ ਸਫ਼ਲਤਾਪੂਰਵਕ ਨਜਿੱਠਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਨਗਰ ਨਿਗਮ ਨੂੰ ਸਬੰਧਤਾਂ ਵੱਲੋਂ ਵਾਰਡ ਬੇਸਹਾਰਾ ਪਸ਼ੂ ਮੁਕਤ ਹੋਣ ਸਬੰਧੀ ਸਰਟੀਫਿਕੇਟ ਵੀ ਸੌਂਪੇ ਗਏ ਹਨ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਜਸਬੀਰ ਸਿੰਘ ਵੀ ਮੌਜੂਦ ਸਨ।

ਡਾ. ਅਗਰਵਾਲ ਨੇ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਸ਼ਹਿਰ ਦੇ ਹੋਰਨਾਂ ਵਾਰਡਾਂ ਨੂੰ ਵੀ ਇਸੇ ਤਰਜ਼ 'ਤੇ ਬੇਸਹਾਰਾ ਪਸ਼ੂਆਂ ਤੋਂ ਮੁਕਤ ਕਰਨ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਖਾਸ ਕਰ ਸ਼ਹਿਰ ਦੇ ਬਾਹਰੀ ਇਲਾਕਿਆਂ ਵਿੱਚ ਵਿਸ਼ੇਸ਼ ਧਿਆਨ ਦਿੱਤਾ ਜਾਵੇ ਤਾਂ ਜੋ ਬੇਸਹਾਰਾ ਪਸ਼ੂਆਂ ਨੂੰ ਸ਼ਹਿਰ ਵਿੱਚ ਪ੍ਰਵੇਸ਼ ਕਰਨ ਤੋਂ ਰੋਕਿਆ ਜਾ ਸਕੇ।

ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਐਨੀਮਲ ਬਰਥ ਕੰਟਰੋਲ (ਏ.ਬੀ.ਸੀ.) ਪ੍ਰੋਗਰਾਮ ਤਹਿਤ ਅਵਾਰਾ ਕੁੱਤਿਆਂ ਦੀ ਸਟਰਲਾਈਜ਼ੇਸ਼ਨ ਦਾ ਵੀ ਜਾਇਜ਼ਾ ਲਿਆ। ਉਨ੍ਹਾਂ ਦੱਸਿਆ ਕਿ ਇਸ ਪ੍ਰੋਗਰਾਮ ਤਹਿਤ ਵਾਰਡ ਨੰ. 8,9,10 ਤੇ 11 ਵਿੱਚ ਆਵਾਰਾ ਕੁੱਤਿਆਂ ਦੀ ਸਟਰਲਾਈਜ਼ੇਸ਼ਨ ਸਫ਼ਲਤਾਪੂਰਵਕ ਮੁਕੰਮਲ ਕਰ ਲਈ ਗਈ ਹੈ ਅਤੇ ਹੁਣ ਵਾਰਡ ਨੰ. 5,6 ਤੇ 12 ਵਿੱਚ ਸਟਰਲਾਈਜ਼ੇਸ਼ਨ ਦਾ ਕੰਮ ਜਾਰੀ ਹੈ। ਉਨ੍ਹਾਂ ਦੱਸਿਆ ਕਿ ਇਸ ਪ੍ਰੋਗਰਾਮ ਤਹਿਤ ਮਾਰਚ ਮਹੀਨੇ ਦੌਰਾਨ ਕਰੀਬ 400 ਕੁੱਤਿਆਂ ਦੀ ਸਟਰਲਾਈਜ਼ੇਸ਼ਨ ਕੀਤੀ ਗਈ ਹੈ।

ਡਾ. ਅਗਰਵਾਲ ਨੇ ਪਸ਼ੂ ਪਾਲਣ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਪਸ਼ੂ ਪਾਲਕਾਂ ਤੇ ਡੇਅਰੀ ਮਾਲਕਾਂ ਨੂੰ ਦੁੱਧ ਛੱਡ ਚੁੱਕੇ ਪਸ਼ੂਆਂ ਨੂੰ ਬੇਸਹਾਰਾ ਛੱਡਣ ਦੀ ਬਜਾਏ ਕੰਨੀਆਂ ਕਲਾਂ ਅਤੇ ਕਰਤਾਰਪੁਰ ਸਥਿਤ ਸਰਕਾਰੀ ਗਊਸ਼ਲਾਵਾਂ ਵਿੱਚ ਭੇਜਣ ਲਈ ਜਾਗਰੂਕ ਕੀਤਾ ਜਾਵੇ ਤਾਂ ਜੋ ਬੇਜ਼ੁਬਾਨ ਪਸ਼ੂਧਨ ਦੀ ਢੁੱਕਵੀਂ ਸੰਭਾਲ ਯਕੀਨੀ ਬਣਾਈ ਜਾ ਸਕੇ।

ਡਿਪਟੀ ਕਮਿਸ਼ਨਰ ਨੇ ਇਹ ਵੀ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬੇਸਹਾਰਾ ਪਸ਼ੂਆਂ ਨੂੰ ਸ਼ਰੇਆਮ ਸੜਕਾਂ ਅਤੇ ਜਨਤਕ ਥਾਵਾਂ 'ਤੇ ਛੱਡਣ 'ਤੇ ਪਾਬੰਦੀ ਲਗਾਈ ਗਈ ਹੈ। ਉਨ੍ਹਾਂ ਪੁਲਿਸ ਵਿਭਾਗ ਨੂੰ ਇਸ ਪਾਬੰਦੀ ਨੂੰ ਸਖ਼ਤੀ ਨਾਲ ਲਾਗੂ ਕਰਨ ਦੇ ਨਿਰਦੇਸ਼ ਦੇਣ ਦੇ ਨਾਲ-ਨਾਲ ਉਲੰਘਣਾ ਕਰਨ ਵਾਲਿਆਂ 'ਤੇ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਉਣ ਦੀ ਹਦਾਇਤ ਵੀ ਕੀਤੀ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਬੇਸਹਾਰਾ ਪਸ਼ੂਆਂ ਦੀ ਢੁੱਕਵੀਂ ਸਾਂਭ-ਸੰਭਾਲ ਲਈ ਪ੍ਰਸ਼ਾਸਨ ਵੱਲੋਂ ਇੱਕ ਹੈਲਪਲਾਈਨ ਨੰਬਰ 9646-222-555 ਵੀ ਜਾਰੀ ਕੀਤਾ ਗਿਆ ਹੈ, ਜਿਸ 'ਤੇ ਨਾਗਰਿਕ ਜ਼ਖ਼ਮੀ, ਬਿਮਾਰ ਜਾਂ ਬੇਸਹਾਰਾ ਪਸ਼ੂਆਂ ਬਾਰੇ ਸੂਚਨਾ ਦੇ ਸਕਦੇ ਹਨ। ਉਨ੍ਹਾਂ ਲੋਕਾਂ ਨੂੰ ਬੇਸਹਾਰਾ ਪਸ਼ੂਆਂ ਸਬੰਧੀ ਸੂਚਨਾ ਦੇਣ ਅਤੇ ਇਸ ਸਬੰਧੀ ਸਹਾਇਤਾ ਲਈ ਹੈਲਪਲਾਈਨ ਨੰਬਰ 'ਤੇ ਵਟਸਐਪ ਮੈਸੇਜ ਕਰਨ ਦੀ ਅਪੀਲ ਕੀਤੀ। ਉਨ੍ਹਾਂ ਇਹ ਵੀ ਅਪੀਲ ਕੀਤੀ ਕਿ ਬੇਸਹਾਰਾ ਪਸ਼ੂਆਂ ਨੂੰ ਸੜਕਾਂ 'ਤੇ ਛੱਡਣ ਦੀ ਬਜਾਏ ਪ੍ਰਸ਼ਾਸਨ ਵੱਲੋਂ ਚਲਾਈਆਂ ਜਾ ਰਹੀਆਂ ਗਊਸ਼ਲਾਵਾਂ ਵਿੱਚ ਭੇਜਿਆ ਜਾਵੇ।

ਮੀਟਿੰਗ ਦੌਰਾਨ ਜੁਆਇੰਟ ਕਮਿਸ਼ਨਰ ਨਗਰ ਨਿਗਮ ਜਲੰਧਰ ਮਨਦੀਪ ਕੌਰ ਤੋਂ ਇਲਾਵਾ ਪਸ਼ੂ ਪਾਲਣ ਵਿਭਾਗ ਅਤੇ ਹੋਰਨਾਂ ਸਬੰਧਤ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

## ਸਾਂਤੀ ਦੇਵੀ ਆਰਿਆ ਮਹਿਲਾ ਕਾਲਜ ਦੀਨਾਨਗਰ ਵਿਖੇ 4 ਅਪ੍ਰੈਲ ਨੂੰ ਲੱਗੇਗਾ ਰੋਜਗਾਰ ਮੇਲਾ : ਪਰਸ਼ੋਤਮ ਸਿੰਘ, ਜ਼ਿਲ੍ਹਾ ਰੋਜ਼ਗਾਰ ਅ.ਫਸਰ

ਗੁਰਦਾਸਪੁਰ, 2 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-

ਗੁਰਸਿਮਰਨ ਸਿੰਘ ਢਿੱਲੋਂ, ਵਧੀਕ ਡਿਪਟੀ ਕਮਿਸ਼ਨਰ (ਜ) ਗੁਰਦਾਸਪੁਰ ਦੀ ਅਗਵਾਈ ਹੇਠ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵਲੋਂ ਜ਼ਿਲ੍ਹੇ ਦੇ ਬੇਰੁਜਗਾਰ ਨੌਜਵਾਨਾਂ ਨੂੰ ਰੋਜਗਾਰ ਮੁਹੱਈਆ ਕਰਵਾਉਣ ਹਿੱਤ ਰੋਜਗਾਰ ਮੇਲੇ ਲਗਾਏ ਜਾ ਰਹੇ ਹਨ।

ਇਸ ਸਬੰਧੀ ਜ਼ਿਲ੍ਹਾ ਰੋਜ਼ਗਾਰ ਅਫ਼ਸਰ ਪਰਸ਼ੋਤਮ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵੱਲੋ ਸਾਂਤੀ ਦੇਵੀ ਆਰਿਆ ਮਹਿਲਾ ਕਾਲਜ ਦੀਨਾਨਗਰ ਦੇ ਸਹਿਯੋਗ ਨਾਲ 4 ਅਪ੍ਰੈਲ ਦਿਨ ਸ਼ਨੀਵਾਰ ਨੂੰ ਇੱਕ ਮੈਗਾ ਰੋਜ਼ਗਾਰ ਮੇਲਾ ਲਗਾਇਆ ਜਾ ਰਿਹਾ ਹੈ। ਜਿਸ ਵਿਚ ਵੱਖ ਵੱਖ ਕੰਪਨੀਜ਼ ਜਿਵੇਂ ਕੋਕਾ ਕੋਲਾ



ਦੀਨਾਨਗਰ (ਵੇਵ ਬੀਵਰੇਜ਼ਸ), ਆਈ.ਸੀ.ਆਈ ਬੈਂਕ, ਐਕਸਿਸ ਬੈਂਕ, ਐਸ.ਬੀ.ਆਈ ਲਾਇਫ, ਯੈੱਸ ਬੈਂਕ, ਐਸ.ਆਈ.ਐਸ ਸਕਿਓਰਿਟੀ ਕੰਪਨੀ, ਮੈਕਸਿਕਸ ਅੰਮ੍ਰਿਤਸਰ ਆਈ.ਟੀ ਕੰਪਨੀ, ਟੈਕ ਮਾਇੰਡ ਜ਼ੀਰਕਪੁਰ, ਕਰਤਾਰ ਵਾਲਵਸ, ਮਾਰੂਤੀ ਸੁਜ਼ੂਕੀ, ਐਮ/ਐਸ ਸਾਕਰ ਇੰਟਨੈਸ਼ਨਲ ਪ੍ਰਾਈਵੇਟ ਲਿੰਮੀਟਡ, ਫੂਡ ਕੋਸਟ, ਵਰੁਣ ਬੀਵਰੇਜ਼ਸ, ਐਚ.ਆਰ ਇੰਡਸਟ੍ਰੀਜ, ਟੈਕ ਮਾਇੰਡ ਟੈਲੀਪਰਫਾਰਮੈਂਸ, Dr ਆਈ.ਟੀ.ਐੱਮ ਮੋਹਾਲੀ ਅਤੇ ਹੋਰ ਵੀ ਕਾਫ਼ੀ ਨਾਮੀ ਕੰਪਨੀਜ਼ ਵੱਲੋਂ ਹਿੱਸਾ ਲਿਆ ਜਾਵੇਗਾ।

ਪਰਸ਼ੋਤਮ ਸਿੰਘ ਨੇ ਦੱਸਿਆ ਕਿ ਇਸ ਰੋਜ਼ਗਾਰ ਮੇਲੇ ਵਿਚ ਮੇਲ ਅਤੇ ਫ਼ੀਮੇਲ ਉਮੀਦਵਾਰ ਦੋਵੇਂ ਹਿੱਸਾ ਲੈ ਸਕਦੇ ਹਨ । ਇਸ ਮੇਲੇ ਵਿਚ ਭਾਗ ਲੈਣ ਲਈ ਘੱਟੋ-ਘੱਟ ਵਿਦਿਅੱਕ ਯੋਗਤਾ ਬਾਰਵੀਂ ਹੋਵੇਗੀ ਅਤੇ ਇੰਟਰਵਿਊ ਦੇਣ ਦੇ ਚਾਹਵਾਨ ਪ੍ਰਾਰਥੀ ਆਪਣੇ ਵਿਦਿਅਕ ਯੋਗਤਾ ਦੇ ਦਸਤਾਵੇਜ ਲੈ ਕੇ 4 ਅਪ੍ਰੈਲ ਨੂੰ ਸਵੇਰੇ 09:00 ਵਜੋਂ ਤੋਂ ਸਾਂਤੀ ਦੇਵੀ ਆਰਿਆ ਮਹਿਲਾ ਕਾਲਜ ਦੀਨਾਨਗਰ ਵਿਖੇ ਪਹੁੰਚਣ ਅਤੇ ਇਸਦਾ ਵੱਧ ਤੋਂ ਵੱਧ ਲਾਭ ਉੱਠਾਉਣ।

## ਜਿਲ੍ਹਾ ਫਾਜਿਲਕਾ ਦੀ ਹਦੂਦ ਅੰਦਰ ਕਣਕ ਦੇ ਨਾੜ/ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਤੇ ਪਾਬੰਦੀ ਦੇ ਹੁਕਮ

ਫਾਜ਼ਿਲਕਾ, 2 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-

ਜ਼ਿਲ੍ਹਾ ਮੈਜਿਸਟਰੇਟ, ਫਾਜ਼ਿਲਕਾ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ 2023 ਦੀ ਧਾਰਾ 163 (ਪੁਰਾਈ ਸੀਆਰਪੀਸੀ,1973 ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜਿਲ੍ਹਾ ਫਾਜਿਲਕਾ ਦੀ ਹਦੂਦ ਅੰਦਰ ਕਣਕ ਦੇ ਨਾੜ/ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਤੇ ਪਾਬੰਦੀ ਹੁਕਮ ਜਾਰੀ ਕੀਤੇ ਗਏ ਹਨ। ਇਹ ਹੁਕਮ 31 ਮਈ 2026 ਤੱਕ ਲਾਗੂ ਰਹਿਣਗੇ।ਹੁਕਮ ਮੁਤਾਬਕ ਆਮ ਤੌਰ ਤੇ ਵੇਖਣ ਵਿਚ ਆਇਆ ਹੈ ਕਿ ਕਣਕ ਕੱਟਣ ਉਪਰੰਤ ਉਸਦੇ ਨਾੜ ਨੂੰ ਅੱਗ ਲਗਾ ਦਿੱਤੀ ਜਾਂਦੀ ਹੈ, ਜਿਸ ਨਾਲ ਨੁਕਸਾਨ ਹੋਣ ਦੀ ਸੰਭਾਵਨਾ ਬਣੀ ਰਹਿੰਦੀ ਹੈ। ਹਵਾ ਵਿੱਚ ਧੂੰਏ ਨਾਲ ਬਹੁਤ ਪ੍ਰਦੂਸ਼ਣ ਫੈਲਦਾ ਹੈ, ਜਿਸ ਨਾਲ ਸਾਹ ਦੀਆ ਬਿਮਾਰੀਆਂ ਹੋ ਸਕਦੀਆਂ ਹਨ। ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਨਾਲ ਜਮੀਨ ਦੀ ਉਪਰਲੀ ਪਰਤ ਵਿੱਚ ਮੌਜੂਦ ਕਈ ਲਾਭਦਾਇਕ ਜੀਵਾਣੂ ਮਰ ਜਾਂਦੇ ਹਨ, ਜਿਸ ਨਾਲ ਖੇਤ ਦੀ ਉਪਜਾਊ ਸ਼ਕਤੀ ਘੱਟ ਜਾਂਦੀ ਹੈ। ਇਸ ਨਾਲ ਆਲੇ-ਦੁਆਲੇ ਖੜੀਆ ਫਸਲਾ ਤੋਂ ਇਲਾਵਾ ਪਿੰਡ ਦੀ ਆਬਾਦੀ ਵਿੱਚ ਵੀ ਅੱਗ ਫੈਲਣ ਦਾ ਡਰ ਬਣਿਆ ਰਹਿੰਦਾ ਹੈ। ਜਿਸ ਨਾਲ ਵੱਡੇ ਹਾਦਸੇ ਵੀ ਵਾਪਰ ਸਕਦੇ ਹਨ। ਸੜਕਾਂ ਦੁਆਲੇ ਮੌਜੂਦ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਨਾਲ ਆਵਾਜਾਈ ਵਿਚ ਵਿਘਨ ਪੈਂਦਾ ਹੈ ਅਤੇ ਕਈ ਹਾਦਸੇ ਹੋ ਜਾਂਦੇ ਹਨ।

## ਡੇ-ਸਕਾਲਰ ਵਿੰਗਾਂ ਦੇ ਜ਼ਿਲ੍ਹਾ ਪੱਧਰੀ ਟਰਾਇਲ 4 ਤੇ 6 ਅਪ੍ਰੈਲ ਨੂੰ ; ਜ਼ਿਲ੍ਹਾ ਖੇਡ ਅ.ਫਸਰ

ਤਰਨਤਾਰਨ, 2 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-

ਡਾਇਰੈਕਟਰ ਖੇਡਾਂ ਪੰਜਾਬ ਵੱਲੋਂ ਸਾਲ 2026 -27 ਸੈਸ਼ਨ ਦੇ ਡੇ-ਸਕਾਲਰ ਵਿੰਗਾਂ ਦੇ ਟਰਾਇਲ ਲੈਣ ਦੇ ਹੁਕਮ ਜਾਰੀ ਹੋਏ ਹਨ। ਜ਼ਿਲ੍ਹਾ ਖੇਡ ਅਫ਼ਸਰ ਸਤਵੰਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿਭਾਗ ਵੱਲੋਂ ਵੱਖ-ਵੱਖ ਗੇਮਾਂ ਦੇ ਡੇ- ਸਕਾਲਰ ਵਿੰਗਾਂ ਦੇ ਟਰਾਇਲ ਲਏ ਜਾਣਗੇ, ਜਿਨ੍ਹਾਂ ਵਿਚ ਅੰਡਰ 14, ਅੰਡਰ 17, ਅੰਡਰ 19 ਸਾਲ ਦੇ ਲੜਕੇ ਤੇ ਲੜਕੀਆਂ ਦੇ ਜ਼ਿਲ੍ਹਾ ਪੱਧਰ ਦੇ ਵੱਖ-ਵੱਖ ਗੇਮਾਂ ਦੇ ਟਰਾਇਲ ਸ਼ਾਮਿਲ ਹਨ। ਉਨ੍ਹਾਂ ਦੱਸਿਆ ਕਿ ਮਿਤੀ 4 ਅਪ੍ਰੈਲ 2026 ਨੂੰ ਇੰਡੋਰ ਹਾਲ ਵਿਚ ਗੇਮ ਜੂਡੋ, ਫੈਂਸਿੰਗ, ਕੁਸ਼ਤੀ ਦੇ ਟਰਾਇਲ ਲਏ ਜਾਣਗੇ, ਜਿਸ ਵਿਚ ਖਿਡਾਰੀ ਦੀ ਜਨਮ ਮਿਤੀ ਅੰਡਰ 14, 01 ਜਨਵਰੀ



2013, ਅੰਡਰ 17, 01 ਜਨਵਰੀ 2010, ਅੰਡਰ 19 , 01 ਜਨਵਰੀ 2008, ਸਾਲ ਦੇ ਲੜਕੇ ਅਤੇ ਲੜਕੀਆਂ ਟਰਾਇਲਾ ਵਿਚ ਭਾਗ ਲੈ ਸਕਦੇ ਹਨ।

ਉਨ੍ਹਾਂ ਦੱਸਿਆ ਕਿ ਮਿਤੀ 6 ਅਪ੍ਰੈਲ 2026 ਨੂੰ ਅਥਲੈਟਿਕਸ, ਫੁੱਟਬਾਲ, ਵਾਲੀਬਾਲ, ਕਬੱਡੀ, ਨੈੱਟਬਾਲ, ਬਾਕਸਿੰਗ ਅਤੇ ਹਾਕੀ ਦੇ ਟਰਾਇਲ ਸ਼੍ਰੀ ਗੁਰੂ ਅਰਜਨ ਦੇਵ ਖੇਡ ਸਟੇਡੀਅਮ ਤਰਨ ਤਾਰਨ ਵਿੱਚ ਲਏ ਜਾਣਗੇ। ਉਨ੍ਹਾਂ ਕਿਹਾ ਕਿ ਖਿਡਾਰੀ ਟਰਾਇਲਾਂ ਵਾਲੇ ਸਥਾਨ @ਤੇ ਸਵੇਰੇ 8 ਵਜੇ ਪਹੁੰਚ ਕੇ ਪਹਿਲਾਂ ਰਜਿਸਟਰੇਸ਼ਨ ਕਰਵਾਉਣਗੇ ਅਤੇ ਟਰਾਇਲਾਂ ਵਿਚ ਭਾਗ ਲੈਣ ਵਾਲੇ ਖਿਡਾਰੀ /ਖਿਡਾਰਨਾਂ ਆਪਣੇ ਜਨਮ, ਆਧਾਰ ਕਾਰਡ ਅਤੇ ਖੇਡ ਪ੍ਰਾਪਤੀਆਂ ਦੇ ਅਸਲ ਸਰਟੀਫਿਕੇਟ ਅਤੇ ਉਨ੍ਹਾਂ ਦੀਆਂ ਕਾਪੀਆਂ ਸਮੇਤ ਦੋ ਤਾਜ਼ਾ ਪਾਸਪੋਰਟ ਸਾਈਜ਼ ਫੋਟੋ ਨਾਲ ਲੈ ਕੇ ਆਉਣਗੇ। ਉਨ੍ਹਾਂ ਕਿਹਾ ਕਿ ਟਰਾਇਲਾਂ ਵਿਚ ਭਾਗ ਲੈਣ ਵਾਲੇ ਖਿਡਾਰੀਆਂ ਤੇ ਖਿਡਾਰਨਾਂ ਨੂੰ ਵਿਭਾਗ ਵੱਲੋਂ ਕੋਈ ਵੀ ਟੀ .ਏ/ ਡੀ .ਏ ਨਹੀਂ ਦਿੱਤਾ ਜਾਵੇਗਾ।

## ਵਧੀਕ ਜ਼ਿਲ੍ਹਾ ਮੈਜਿਸਟਰੇਟ, ਗੁਰਦਾਸਪੁਰ ਗੁਰਸਿਮਰਨ ਸਿੰਘ ਢਿੱਲੋਂ ਵਲੋਂ ਕਣਕ ਦੇ ਨਾੜ ਨੂੰ ਅੱਗ ਲਗਾਉਣ 'ਤੇ ਪਾਬੰਦੀ ਦੇ ਹੁਕਮ ਜਾਰੀ

ਗੁਰਦਾਸਪੁਰ, 2 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-

ਸ੍ਰੀ ਗੁਰਸਿਮਰਨ ਸਿੰਘ ਢਿੱਲੋਂ, ਵਧੀਕ ਜ਼ਿਲ੍ਹਾ ਮੈਜਿਸਟਰੇਟ ਗੁਰਦਾਸਪੁਰ ਵਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੋਇਆ ਜ਼ਿਲ੍ਹਾ ਗੁਰਦਾਸਪੁਰ ਅੰਦਰ ਕਣਕ ਦੀ ਰਹਿੰਦ-ਖੂੰਹਦ (ਨਾੜ) ਨੂੰ ਅੱਗ ਲਗਾਉਣ/ਸਾੜਨ ਤੇ ਪੂਰਨ ਤੌਰ @ਤੇ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਗਏ ਹਨ।ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਸਾਲ 2026 ਦੌਰਾਨ ਕਣਕ (ਹਾੜੀ) ਦੀ ਫ਼ਸਲ ਦੀ ਕਟਾਈ



ਦਾ ਸੀਜ਼ਨ ਸ਼ੁਰੂ ਹੋਣ ਵਾਲਾ ਹੈ। ਇਹ ਆਮ ਵੇਖਣ ਵਿੱਚ ਆਇਆ ਹੈ ਕਿ ਕਣਕ ਦੇ ਸੀਜ਼ਨ ਦੌਰਾਨ ਕਣਕ ਦੀ ਕਟਾਈ ਉਪਰੰਤ ਕਈ ਕਿਸਾਨਾਂ ਵੱਲੋਂ ਫ਼ਸਲ ਦੀ ਰਹਿੰਦ-ਖੂੰਹਦ (ਨਾੜ) ਨੂੰ ਅੱਗ ਲਗਾ ਦਿੱਤੀ ਜਾਂਦੀ ਹੈ, ਜਿਸ ਕਰਕੇ ਵਾਤਾਵਰਣ ਪ੍ਰਦੂਸ਼ਿਤ ਹੁੰਦਾ ਹੈ ਅਤੇ ਜਮੀਨ ਦੀ ਉਪਜਾਊ ਸ਼ਕਤੀ ਵੀ ਘੱਟਦੀ ਹੈ। ਜਮੀਨ ਦੀ ਉੱਪਰਲੀ ਸਤ੍ਹਾ ਅੱਗ ਨਾਲ ਜਲਣ ਕਾਰਨ ਇਸ ਵਿੱਚ ਮੌਜੂਦ ਕਈ ਲਾਭਦਾਇਕ ਜੀਵਾਣੂ ਮਰ ਜਾਂਦੇ ਹਨ ਤੇ ਆਲੇ-ਦੁਆਲੇ ਖੜੀ ਫਸਲ ਦੇ ਨਾਲ-ਨਾਲ ਪਿੰਡਾਂ ਵਿੱਚ ਵੀ ਅੱਗ ਲੱਗਣ ਦਾ ਡਰ ਰਹਿੰਦਾ ਹੈ। ਅੱਗ ਨਾਲ ਪੈਦਾ ਹੋਏ ਧੂੰਏ ਕਾਰਨ ਵੱਡੇ ਸੜਕੀ ਹਾਦਸੇ ਵਾਪਰਨ ਕਾਰਨ ਕਈ ਕੀਮਤੀ ਜਾਨਾਂ ਚਲੀਆਂ ਜਾਂਦੀਆ ਹਨ ਅਤੇ ਪਿੰਡਾਂ ਵਿੱਚ ਵੀ ਲੜਾਈ ਝਗੜਾ ਹੋਣ ਦਾ ਡਰ ਰਹਿੰਦਾ ਹੈ।

## ਐਸ.ਡੀ.ਐਮ ਸੰਜੀਵ ਸ਼ਰਮਾ ਨੇ ਵੇਈਂ ਪੂਈਂ ਵਿਖੇ ਅੱਗ ਲਗਾਉਣ ਦੀ ਵਾਪਰੀ ਘਟਨਾ ਦਾ ਲਿਆ ਜਾਇਜ਼ਾ

ਤਰਨਤਾਰਨ, 2 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-



ਬੀਤੀ ਰਾਤ ਹਲਕਾ ਖਡੂਰ ਸਾਹਿਬ ਦੇ ਪਿੰਡ ਵੇਈਂ ਪੂਈਂ ਵਿਖੇ ਦੋ ਘਰਾਂ ਨੂੰ ਅੱਗ ਲਗਾਉਣ ਦੀ ਵਾਪਰੀ ਮੰਦਭਾਗੀ ਘਟਨਾ ਦਾ ਐਸ.ਡੀ.ਐਮ ਖਡੂਰ ਸਾਹਿਬ ਸੰਜੀਵ ਕੁਮਾਰ ਸ਼ਰਮਾ ਨੇ ਜਾਇਜ਼ਾ ਲਿਆ ਅਤੇ ਪੀੜਿਤ ਪਰਿਵਾਰਾਂ ਨਾਲ ਗੱਲਬਾਤ ਕੀਤੀ।

ਪਰਿਵਾਰਾਂ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਉਨਾਂ ਦੇ ਨਾਲ ਖੜ੍ਹਾ ਹੈ ਅਤੇ ਇਸ ਗੱਲ ਲਈ ਤੱਤਪਰ ਹੈ ਕਿ ਉਨ੍ਹਾਂ ਨੂੰ ਬਣਦਾ ਇਨਸਾਫ਼ ਅਤੇ ਮੁਆਵਜ਼ਾ ਮਿਲੇ।

ਉਨ੍ਹਾਂ ਦੱਸਿਆ ਕਿ ਰਾਤ ਨੂੰ ਘਟਨਾ ਦੀ ਸੂਚਨਾ ਮਿਲਦਿਆਂ ਹੀ ਸਿਵਲ ਤੇ ਪੁਲਿਸ ਪ੍ਰਸ਼ਾਸਨ ਫੌਰਨ ਹਰਕਤ ਵਿਚ ਆ ਗਿਆ ਸੀ ਅਤੇ ਰਾਤ ਨੂੰ ਹੀ ਪੀੜਤਾਂ ਦੇ ਬਿਆਨਾਂ ਦੇ ਆਧਾਰ @ਤੇ ਪਰਚਾ ਦਰਜ ਕਰ ਲਿਆ ਗਿਆ ਸੀ।

ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਦੇ ਆਦੇਸ਼ਾਂ @ਤੇ ਇਸ ਘਟਨਾ ਵਿਚ ਪੀੜਤਾਂ ਦੇ ਹੋਏ ਨੁਕਸਾਨ ਦੀ ਜਲਦ ਹੀ ਸਾਰੀ ਭਰਪਾਈ ਕੀਤੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਕੀਤੀ ਗਈ ਫੌਰੀ ਕਾਰਵਾਈ 'ਤੇ ਪੀੜਤ ਪਰਿਵਾਰਾਂ ਨੇ ਸੰਤੁਸ਼ਟੀ ਪ੍ਰਗਟਾਈ ਹੈ। ਉਨ੍ਹਾਂ ਕਿਹਾ ਕਿ ਇਸ ਘਟਨਾ ਲਈ ਜ਼ਿੰਮੇਵਾਰ ਵਿਅਕਤੀਆਂ ਖ਼ਿਲਾਫ਼ ਕਾਨੂੰਨ ਅਨੁਸਾਰ ਕਾਰਵਾਈ ਹੋਵੇਗੀ। ਇਸ ਮੌਕੇ ਤਹਿਸੀਲਦਾਰ ਖਡੂਰ ਸਾਹਿਬ ਲਛਮਣ ਸਿੰਘ ਅਤੇ ਹੋਰ ਅਧਿਕਾਰੀ ਉਨ੍ਹਾਂ ਦੇ ਨਾਲ ਸਨ।

## ਪੰਜਾਬ ਸਰਕਾਰ ਨੇ ਚਾਰ ਸਾਲਾਂ ਵਿੱਚ ਹਰੇਕ ਵਰਗ ਦੀ ਭਲਾਈ ਲਈ ਕੀਤੇ ਰਿਕਾਰਡ ਵਿਕਾਸ ਕਾਰਜ : ਵਿਧਾਇਕ ਸ਼ੈਰੀ ਕਲਸੀ



ਬਟਾਲਾ, 2 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਮੁੱਖ ਮੰਤਰੀ ਪੰਜਾਬ, ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਪਿਛਲੇ ਚਾਰ ਸਾਲਾਂ ਦੌਰਾਨ ਸੂਬੇ ਦੇ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕੀਤਾ ਹੈ, ਮਾਨ ਸਰਕਾਰ ਲੋਕ ਦੀਆਂ ਉਮੀਦਾਂ @ਤੇ ਖਰਾ ਉਤਰੀ ਹੈ।

ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵਲੋਂ ਪਿੰਡ ਦੋਲਾ ਨੰਗਲ ਵਿਖੇ @ਸਰਕਾਰ ਦੇ ਸ਼ਾਨਦਾਰ 4 ਸਾਲ: 'ਭਗਵੰਤ ਸਿੰਘ ਮਾਨ ਦੇ ਨਾਲ' ਸਬੰਧਤ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਪਿੰਡ ਵਾਸੀਆਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ।

ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਵੱਲੋਂ ਔਰਤਾਂ ਨੂੰ 1,000 ਰੁਪਏ ਦੇਣ ਦਾ ਕੀਤਾ ਗਿਆ ਵਾਅਦਾ ਮੌਜੂਦਾ ਬਜਟ ਵਿੱਚ ਪੂਰਾ ਹੋ ਗਿਆ ਹੈ। ਉਨ੍ਹਾਂ ਦੱਸਿਆ ਕਿ ਅਪ੍ਰੈਲ ਤੋਂ, ਅਨੁਸੂਚਿਤ ਜਾਤੀਆਂ ਦੀਆਂ ਔਰਤਾਂ ਲਈ 1,500 ਰੁਪਏ ਅਤੇ ਜਨਰਲ ਸ਼੍ਰੇਣੀ ਦੀਆਂ ਔਰਤਾਂ ਲਈ 1,000 ਰੁਪਏ ਦੀ ਵਾਧੂ ਪੈਨਸ਼ਨ ਪ੍ਰਦਾਨ ਕਰਨ ਲਈ ਰਜਿਸਟ੍ਰੇਸ਼ਨ ਪ੍ਰਕਿਰਿਆ ਸ਼ੁਰੂ ਹੋ ਜਾਵੇਗੀ ਅਤੇ ਇਹ ਰਕਮਾਂ ਜਲਦੀ ਹੀ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਸਿੱਧੀਆਂ ਜਮ੍ਹਾਂ ਹੋ ਜਾਣਗੀਆਂ। ਉਨ੍ਹਾਂ ਦੱਸਿਆ ਕਿ ਪਹਿਲਾਂ ਹੀ ਔਰਤਾਂ ਨੂੰ ਮੁਫ਼ਤ ਬੱਸ ਸਹੂਲਤ ਮੁਹੱਈਆ ਕਰਵਾਈ ਗਈ ਹੈ।

ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਕਿਹਾ ਕਿ ਪੰਜਾਬ ਦੇ 90 ਫੀਸਦ ਘਰਾਂ ਦੇ ਬਿਜਲੀ ਦੇ ਬਿੱਲ ਜ਼ੀਰੋ ਆ ਰਹੇ ਹਨ। ਕਿਸਾਨਾਂ ਦੇ ਟਿਊਬਵੈੱਲਾਂ ਲਈ ਦਿਨ ਵੇਲੇ ਬਿਜਲੀ ਸਪਲਾਈ ਯਕੀਨੀ ਬਣਾਈ ਗਈ ਹੈ। ਉਨ੍ਹਾਂ ਦੱਸਿਆ ਕਿ ਬਿਮਾਰੀ ਦੇ ਸਮੇਂ ਪੰਜਾਬ ਦੇ ਲੋਕਾਂ ਲਈ ਡਾਕਟਰੀ ਇਲਾਜ ਦੇ ਖਰਚਿਆਂ ਨੂੰ ਪੂਰਾ ਕਰਨ ਲਈ 10 ਲੱਖ ਰੁਪਏ ਦੀ ਮੁਫ਼ਤ ਸਿਹਤ ਬੀਮਾ ਯੋਜਨਾ ਵੀ ਲਾਗੂ ਕੀਤੀ ਗਈ ਹੈ, ਜਿਸਦਾ ਲਾਭ ਨਾਗਰਿਕ ਪ੍ਰਾਪਤ ਕਰ ਰਹੇ ਹਨ। 985 ਆਮ ਆਦਮੀ ਕਲੀਨਿਕਾਂ ਰਾਹੀਂ ਮੁਫ਼ਤ ਇਲਾਜ, ਦਵਾਈਆਂ ਅਤੇ ਜਾਂਚ ਟੈਸਟ ਮੁਫ਼ਤ ਮੁਹੱਈਆ ਕਰਵਾਏ ਜਾ ਰਹੇ ਹਨ।

ਉਨ੍ਹਾਂ ਦੱਸਿਆ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਦੀ ਵਿਕਾਸ ਪੱਖੋਂ ਨੁਹਾਰ ਬਦਲੀ ਗਈ ਹੈ। 2000 ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੇ ਨੀਟ ਅਤੇ ਜੇ.ਈ.ਈ ਪਰੀਖਿਆ ਪਾਸ ਕੀਤੀ ਹੈ। ਅਧਿਆਪਕਾਂ ਨੂੰ ਫਿਨਲੈਂਡ ਤੇ ਸਿੰਘਾਪੁਰ ਵਿਖੇ ਵਿਸ਼ਵ ਪੱਧਰੀ ਸਿਖਲਾਈ ਲਈ ਲਗਾਤਾਰ ਭੇਜਿਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ 9000 ਤੋਂ ਜ਼ਿਆਦਾ ਆਧੁਨਿਕ ਪੇਂਡੂ ਖੇਡ ਸਟੇਡੀਅਮ ਬਣਾਏ ਜਾ ਰਹੇ ਹਨ। 40,000 ਕਿਲੋਮੀਟਰ ਪੇਂਡੂ ਲਿੰਕ ਸੜਕਾਂ ਦਾ ਮੁੜ ਨਿਰਮਾਣ ਕਰਵਾਇਆ ਗਿਆ ਹੈ।

ਉਨ੍ਹਾਂ ਦੱਸਿਆ ਕਿ ਪਿਛਲੇ ਚਾਰ ਸਾਲਾਂ ਵਿੱਚ ਪੰਜਾਬ ਵਿੱਚ ਰਿਕਾਰਡ 1.55 ਲੱਖ ਕਰੋੜ ਰੁਪਏ ਦਾ ਨਿਵੇਸ਼ ਹੋਇਆ ਹੈ

ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਹੁਣ ਤੱਕ ਸਰਕਾਰ ਵਲੋਂ 65000 ਤੋਂ ਜ਼ਿਆਦਾ ਸਰਕਾਰੀ ਨੌਕਰੀਆਂ ਮੁਹਈਆ ਕਰਵਾਈਆਂ ਗਈਆਂ ਹਨ ਅਤੇ 5.5 ਲੱਖ ਪ੍ਰਾਈਵੇਟ ਨੌਕਰੀਆਂ ਮੁਹੱਈਆ ਕਰਵਾਈਆਂ ਗਈਆਂ ਹਨ। ਭਾਰਤ ਦੀ ਪਹਿਲੀ ਸੜਕ ਸੁਰੱਖਿਆ ਫੋਰਸ ਦਾ ਗਠਨ ਪੰਜਾਬ ਵਿੱਚ ਕੀਤਾ ਗਿਆ ਹੈ, ਜਿਸ ਨਾਲ 50.12 ਫੀਸਦ ਮੌਤ ਦੀ ਦਰ ਘਟੀ ਹੈ। ਪਹਿਲੀ ਵਾਰ ਸ਼ਹੀਦ ਸੈਨਿਕਾਂ ਦੇ ਪਰਿਵਾਰਾਂ ਲਈ 1 ਕਰੋੜ ਰੁਪਏ ਦੀ ਰਾਸ਼ੀ ਮੁਹੱਈਆ ਕਰਵਾਈ ਗਈ ਹੈ। 50 ਸਾਲ ਤੋਂ ਵੱਧ ਉਮਰ ਦੇ ਸਾਰੇ ਨਾਗਰਿਕਾਂ ਲਈ ਮੁਫਤ ਤੀਰਥ ਯਾਤਰਾ ਸ਼ੁਰੂ ਕੀਤੀ ਗਈ ਹੈ।

ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਨਸ਼ਾ ਤਸਕਰਾਂ ਵਿਰੁੱਧ ਇਤਿਹਾਸਕ ਕਾਰਵਾਈ ਕਰਦਿਆਂ @ਯੁੱਧ ਨਸ਼ਿਆਂ ਵਿਰੁੱਧ@ ਮੁਹਿੰਮ ਤਹਿਤ 92000 ਨਸ਼ਾ ਤਸਕਰ ਗਿਰਫਤਾਰ ਕੀਤੇ ਗਏ ਹਨ ਅਤੇ 14,700 ਗੈਂਗਸਟਰ ਗਿਰਫ਼ਤਾਰ ਕੀਤੇ ਗਏ ਹਨ।

## ਕਣਕ ਦੇ ਨਾੜ ਜਾਂ ਫ਼ਸਲ ਦੀ ਰਹਿੰਦ-ਖੂਹੰਦ ਨੂੰ ਅੱਗ ਨਾ ਲਾਉਣ ਦੀ ਅਪੀਲ

ਹੁਸ਼ਿਆਰਪੁਰ, 2 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-

ਜ਼ਿਲ੍ਹਾ ਮੈਜਿਸਟਰੇਟ ਆਸ਼ਿਕਾ ਜੈਨ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਤਹਿਤ ਜ਼ਿਲ੍ਹਾ ਹੁਸ਼ਿਆਰਪੁਰ ਵਿਚ ਸ਼ਾਮ 7 ਵਜੇ ਤੋਂ ਲੈ ਕੇ ਸਵੇਰੇ 10 ਵਜੇ ਤੱਕ ਕੰਬਾਇਨਾਂ ਨਾਲ ਕਣਕ ਕੱਟਣ 'ਤੇ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ। ਇਸ ਦੇ ਨਾਲ ਹੀ ਉਨ੍ਹਾਂ ਕਣਕ ਦੀ ਕਟਾਈ ਵਾਲੀਆਂ ਕੰਬਾਇਨਾਂ ਦੇ ਮਾਲਕਾਂ ਨੂੰ ਹਦਾਇਤ ਕੀਤੀ ਕਿ ਉਹ ਹਾਰਵੈਸਟਰ ਕੰਬਾਇਨ ਦੀ ਵਰਤੋਂ ਕਰਨ ਤੋਂ ਪਹਿਲਾਂ ਇਸ ਦੀ ਖੇਤੀਬਾੜੀ ਵਿਭਾਗ ਰਾਹੀਂ ਮਸ਼ੀਨ ਦੀ ਇੰਸਪੈਕਸ਼ਨ ਲਾਜ਼ਮੀ ਕਰਵਾਉਣ ਅਤੇ ਕੋਈ ਵੀ ਕੰਬਾਇਨ ਹਾਰਵੈਸਟਰ ਸੁਪਰ



ਐਸ.ਐਮ.ਐਸ. ਲਗਾਏ ਬਗੈਰ ਨਾ ਵਰਤੀ ਜਾਵੇ। ਇਹ ਹੁਕਮ 31 ਮਈ 2026 ਤੱਕ ਲਾਗੂ ਰਹੇਗਾ।

ਜਾਰੀ ਹੁਕਮਾਂ ਅਨੁਸਾਰ ਕਣਕ ਨੂੰ ਕੱਟਣ ਲਈ ਕੰਬਾਇਨਾਂ 24 ਘੰਟੇ ਕੰਮ ਕਰਦੀਆਂ ਹਨ ਅਤੇ ਕੰਬਾਇਨਾਂ ਰਾਤ ਵੇਲੇ ਤਰੇਲ ਪੈਣ ਕਾਰਨ ਗਿੱਲੀ ਹੋਈ ਕਣਕ ਨੂੰ ਕੱਟ ਦਿੰਦੀਆਂ ਹਨ। ਇਸ ਤਰ੍ਹਾਂ ਕਣਕ ਵਿਚ ਨਮੀ ਹੋਣ ਕਰਕੇ ਸਰਕਾਰ ਦੀ ਨਿਰਧਾਰਤ ਮਾਪਦੰਡਾਂ ਤੋਂ ਵੱਧਣ ਦੀ ਸੰਭਾਵਨਾ ਹੁੰਦੀ ਹੈ। ਅਜਿਹੀ ਕਣਕ ਖਰੀਦ ਏਜੰਸੀਆਂ ਖਰੀਦਣ ਤੋਂ ਅਸਮਰੱਥ ਹੁੰਦੀਆਂ ਹਨ, ਜਿਸ ਨਾਲ ਕਿਸਾਨਾਂ ਨੂੰ ਕਣਕ ਵੇਚਣ ਵਿਚ ਬਿਨਾਂ ਵਜ੍ਹਾ ਮੰਡੀਆਂ ਵਿਚ ਖੱਜਲ-ਖੁਆਰ ਹੋਣਾ ਪੈਂਦਾ ਹੈ ਜਿਸ ਕਰਕੇ ਇਨ੍ਹਾਂ ਹੁਕਮਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ। ਜ਼ਿਲ੍ਹਾ ਮੈਜਿਸਟਰੇਟ ਨੇ ਇਹ ਵੀ ਅਪੀਲ ਕੀਤੀ ਕਿ ਕਣਕ ਦੇ ਨਾੜ ਜਾਂ ਰਹਿੰਦ-ਖੂੰਹਦ ਨੂੰ ਅੱਗ ਨਾ ਲਾਈ ਜਾਵੇ ਜਿਸ ਨਾਲ ਸਾਫ-ਸੁਥਰਾ ਵਾਤਾਵਰਣ ਦੂਸ਼ਿਤ ਹੁੰਦਾ ਹੈ।

## ਮੁੱਖ ਮੰਤਰੀ ਸ. ਭਗਵੰਤ ਮਾਨ ਵੱਡੇ ਪ੍ਰੋਜੈਕਟਾਂ ਦਾ ਕਰਨਗੇ ਉਦਘਾਟਨ

ਫਾਜ਼ਿਲਕਾ, 2 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਵੱਲੋਂ ਫਾਜ਼ਿਲਕਾ ਹਲਕੇ ਵਿੱਚ ਵੀਰਵਾਰ ਨੂੰ ਸੜਕ ਢਾਂਚਾ, ਸਿੱਖਿਆ, ਬਿਜਲੀ ਅਤੇ ਹੋਰ ਮਹੱਤਵਪੂਰਨ ਖੇਤਰਾਂ ਨਾਲ ਸੰਬੰਧਿਤ ਵੱਡੇ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖਿਆ ਜਾਵੇਗਾ। ਇਨ੍ਹਾਂ ਪ੍ਰੋਜੈਕਟਾਂ ਦੀ ਲਾਗਤ ਕਰੋੜਾਂ ਰੁਪਏ ਹੈ, ਜੋ ਇਲਾਕੇ ਦੇ ਸਮੱਗਰੀਕ ਵਿਕਾਸ ਨੂੰ ਨਵੀਂ ਦਿਸ਼ਾ ਦੇਣਗੇ।

ਫਾਜ਼ਿਲਕਾ ਹਲਕੇ ਵਿੱਚ ਵਿਕਾਸ ਕਾਰਜਾਂ ਨੂੰ ਨਵੀਂ ਰਫ਼ਤਾਰ ਦਿੰਦੇ ਹੋਏ ਪੰਜਾਬ ਮੰਡੀ ਬੋਰਡ ਵੱਲੋਂ ਲਿੰਕ ਸੜਕਾਂ, ਪੁਲਾਂ ਅਤੇ ਮੰਡੀਆਂ ਦੇ ਵਿਕਾਸ ਲਈ ਵੱਡੇ ਪੱਧਰ 'ਤੇ ਪ੍ਰੋਜੈਕਟ ਮਨਜ਼ੂਰ ਕੀਤੇ ਗਏ ਹਨ। ਇਹ ਪ੍ਰੋਜੈਕਟ ਇਲਾਕੇ ਦੀ ਆਵਾਜਾਈ ਅਤੇ ਢਾਂਚਾਗਤ ਸੁਵਿਧਾਵਾਂ ਨੂੰ ਮਜ਼ਬੂਤ ਕਰਨਗੇ।

ਫਾਜਿਲਕਾ ਦੇ ਵਿਧਾਇਕ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਨਵੇ ਪੁੱਲਾਂ ਅਤੇ ਲਿੰਕ ਸੜਕਾਂ ਤਹਿਤ ਹਲਕਾ ਫਾਜ਼ਿਲਕਾ ਵਿੱਚ 59 ਨਵੇ ਪੁੱਲ ਅਤੇ ਲਿੰਕ ਸੜਕਾਂ ਬਣਾਈਆਂ ਜਾਣਗੀਆਂ, ਜਿਨ੍ਹਾਂ 'ਤੇ 34 ਕਰੋੜ 61 ਲੱਖ ਰੁਪਏ ਖਰਚ ਕੀਤੇ ਜਾਣਗੇ। ਇਸ ਦੇ ਨਾਲ ਹੀ 34 ਕਿਲੋਮੀਟਰ ਲੰਬੀਆਂ ਲਿੰਕ ਸੜਕਾਂ ਨੂੰ ਚੌੜਾ ਕਰਨ ਲਈ 22 ਕਰੋੜ 43 ਲੱਖ ਰੁਪਏ ਮਨਜ਼ੂਰ ਕੀਤੇ ਗਏ ਹਨ, ਜਿਸ ਨਾਲ ਆਵਾਜਾਈ ਹੋਰ ਸੁਗਮ ਅਤੇ ਸੁਰੱਖਿਅਤ ਬਣੇਗੀ।

ਪਹਿਲਾਂ ਬਣੀਆਂ ਲਿੰਕ ਸੜਕਾਂ ਦੀ ਮੁਰੰਮਤ ਅਤੇ ਨਵੀਨੀਕਰਨ ਲਈ ਵੀ ਵੱਡੇ ਪੱਧਰ 'ਤੇ ਰਾਸ਼ੀ ਜਾਰੀ ਕੀਤੀ ਗਈ ਹੈ। 107 ਕਿਲੋਮੀਟਰ ਲਿੰਕ ਸੜਕਾਂ ਦੀ ਮੁਰੰਮਤ ਲਈ 25 ਕਰੋੜ 86 ਲੱਖ ਰੁਪਏ, ਜਦਕਿ 90 ਕਿਲੋਮੀਟਰ ਹੋਰ ਸੜਕਾਂ ਦੇ ਨਵੀਨੀਕਰਨ ਲਈ 29 ਕਰੋੜ 66 ਲੱਖ ਰੁਪਏ ਖਰਚ ਕੀਤੇ ਜਾਣਗੇ।

ਇਸ ਤੋਂ ਇਲਾਵਾ 13 ਪੁਲਾਂ ਦਾ ਨਵੀਨੀਕਰਨ ਕਰਨ ਲਈ 5 ਕਰੋੜ 60 ਲੱਖ ਰੁਪਏ ਦੀ ਲਾਗਤ ਆਵੇਗੀ, ਜਿਸ ਨਾਲ ਪੁਰਾਣੇ ਢਾਂਚੇ ਨੂੰ ਮਜ਼ਬੂਤ ਕੀਤਾ ਜਾਵੇਗਾ।

ਅਨਾਜ ਮੰਡੀਆਂ ਵਿੱਚ ਸਹੂਲਤਾਂ ਨੂੰ ਬਿਹਤਰ ਬਣਾਉਣ ਲਈ ਸਟੋਰੇਜ, ਨਵੇਂ ਸ਼ੈਡ ਅਤੇ ਪਲੇਟਫਾਰਮ ਤਿਆਰ ਕਰਨ ਲਈ 7 ਕਰੋੜ 36 ਲੱਖ ਰੁਪਏ ਦੀ ਰਾਸ਼ੀ ਮਨਜ਼ੂਰ ਕੀਤੀ ਗਈ ਹੈ।ਅਬੋਹਰ-ਫਾਜ਼ਿਲਕਾ ਰੋਡ ਦੇ 11.23 ਕਿਲੋਮੀਟਰ ਹਿੱਸੇ ਦੇ ਨਵੀਨੀਕਰਨ ਲਈ ਵੀ 9 ਕਰੋੜ 63 ਲੱਖ ਰੁਪਏ ਖਰਚ ਕੀਤੇ ਜਾਣਗੇ।

ਇਸ ਤੋਂ ਇਲਾਵਾ ਫੋਕਲ ਪੁਆਇੰਟ ਰਾਣਾ ਰੋਡ ਦੇ ਨਵੀਨੀਕਰ ਦੇ 86 ਲੱਖ ਰੁਪਏ, ਨਹਿਰੀ ਪਾਣੀ ਲਈ ਅੰਡਰਗਰਾਊਂਡ ਪਾਈਪਾਂ ਵਿਛਾਉਣ ਤੇ 2 ਕਰੋੜ 45 ਲੱਖ ਰੁਪਏ ਦਾ ਖਰਚ ਕੀਤੇ ਜਾਣਗੇ। ਸਤਲੁਜ ਦਰਿਆ ਨਾਲ ਲਗਦੇ ਸਰਹੱਦੀ ਪਿੰਡਾਂ ਫਾਜਿਲਕਾ ਸ਼ਹਿਰ ਨੂੰ ਹੜ੍ਹਾਂ ਤੋ ਬਚਾਅ ਲਈ 7 ਕਰੋੜ 50 ਲੱਖ ਖਰਚੇ ਜਾਣਗੇ।

# ਗਰਦਨ ਦਾ ਦਰਦ ਤੇ ਇਲਾਜ

ਡਾ. ਨਰਿੰਦਰ ਸਿੰਘ ਬਾਂਸਲ

ਸਰਵਾਈਕਲ ਸਪੌਂਡਿਓਲੋਸਿਸ, ਇਕ ਰੀੜ੍ਹ ਦੀ ਹੱਡੀ ਦੇ ਗਰਦਨ ਵਾਲੇ ਹਿੱਸੇ ਦੀ ਸੋਜ਼ ਕਾਰਨ ਹੋਣ ਵਾਲੀ ਬਿਮਾਰੀ ਹੈ। ਇਸ ਨੂੰ ਲੋਕ ਆਮ ਭਾਸ਼ਾ ਵਿਚ ਸਰਵਾਈਕਲ ਵੀ ਆਖਦੇ ਹਨ। ਦਰਮਿਆਨੀ ਉਮਰ ਅਤੇ ਬੁੱਢੇ ਵਿਅਕਤੀਆਂ ਨੂੰ ਇਹ ਸਭ ਤੋਂ ਜ਼ਿਆਦਾ ਹੁੰਦੀ ਹੈ, ਕਿਉਂਕਿ ਸਰਵਾਈਕਲ ਸਪਾਈਨ ਦੀ ਡਿਸਕ ਦੀ ਸਥਿਰਤਾ ਵਧਦੀ ਉਮਰ ਨਾਲ ਵਿਗੜ ਜਾਂਦੀ ਹੈ। ਇਕ ਸਰਵੇਖਣ ਅਨੁਸਾਰ 60 ਸਾਲ ਤੋਂ ਵਧੇਰੇ ਉਮਰ ਦੇ 85 ਫ਼ੀਸਦੀ ਲੋਕਾਂ ਨੂੰ ਸਰਵਾਈਕਲ ਦੀ ਸਮੱਸਿਆ ਹੈ। ਉਮਰ ਤੋਂ ਇਲਾਵਾ ਵੀ ਕੁਝ ਕਾਰਨ ਹਨ, ਜੋ ਸਰਵਾਈਕਲ ਸਪੌਂਡਿਓਲੋਸਿਸ ਦਾ ਕਾਰਨ ਬਣ ਸਕਦੇ ਹਨ। ਉਦਾਹਰਨ ਵਜੋਂ ਉਹ ਕਿੱਤੇ, ਜਿਨ੍ਹਾਂ ਵਿਚ ਲਗਾਤਾਰ ਝੁਕ ਕੇ ਕੰਮ ਕਰਨ ਜਾਂ ਗਰਦਨ ਉੱਪਰ ਲਗਾਤਾਰ ਬੋਝ ਰਹਿਣ ਨਾਲ ਗਰਦਨ ਦੀਆਂ ਹੱਡੀਆਂ ਵਿਚ ਤਬਦੀਲੀ ਆ ਸਕਦੀ ਹੈ। ਗਰਦਨ ਦੀਆਂ ਸੱਟਾਂ ਅਤੇ ਜੈਨੇਟਿਕ ਕਾਰਨ ਵੀ ਵਿਅਕਤੀ ਦੇ ਸਪੌਂਡੀਓਲੋਸਿਸ ਦੇ ਵਿਕਸਤ ਹੋਣ ਵਿਚ ਵੱਡੀ ਭੂਮਿਕਾ ਨਿਭਾਉਂਦੇ ਹਨ।



### ਲੱਛਣ

*ਸਰਵਾਈਕਲ ਸਪੌਂਡਿਓਲੋਸਿਸ ਦੇ ਸਭ ਤੋਂ ਆਮ ਲੱਛਣਾਂ ਵਿਚ ਸ਼ਾਮਲ ਹਨ - ਗਰਦਨ ’ਚ ਕਠੋਰਤਾ ਅਤੇ ਦਰਦ, ਸਿਰਦਰਦ, ਜੋ ਗਰਦਨ ਦੇ ਦਰਦ ਨਾਲ ਹੀ ਉੱਪਰ ਸਿਰ ਵੱਲ ਨੂੰ ਜਾਂਦਾ ਹੈ, ਮੋਢੇ ਜਾਂ ਬਾਹਾਂ ਵਿਚ ਦਰਦ, ਬਾਹਾਂ ਜਾਂ ਹੱਥਾਂ ਦੀਆਂ ਉਂਗਲਾਂ ਵਿਚ ਸੁੰਨੇਪਨ ਦਾ ਅਹਿਸਾਸ ਹੋਣਾ, ਗਰਦਨ ਹਿਲਾਉਣ ’ਚ ਤਕਲੀਫ਼ ਹੋਣੀ ਆਦਿ। ਜਿਵੇਂ-ਜਿਵੇਂ ਤਕਲੀਫ਼ ਵਧਦੀ ਜਾਂਦੀ ਹੈ, ਉਕਤ ਲੱਛਣਾਂ ਤੋਂ ਇਲਾਵਾ ਮਰੀਜ਼ ਨੂੰ ਚੱਕਰ ਵੀ ਆਉਣ ਲੱਗ ਜਾਂਦੇ ਹਨ।*

### ਇਲਾਜ

*ਜੇ ਤੁਸੀਂ ਸਰਵਾਈਕਲ ਸਪੌਂਡਿਓਲੋਸਿਸ ਦੇ ਲੱਛਣ ਮਹਿਸੂਸ ਕਰ ਰਹੇ ਹੋ ਤਾਂ ਤੁਰੰਤ ਡਾਕਟਰ ਨੂੰ ਦਿਖਾਉਣਾ ਚਾਹੀਦਾ ਹੈ ਤਾਂ ਕਿ ਬਿਮਾਰੀ ਦੀ ਪਛਾਣ ਜਲਦ ਕਰ ਕੇ ਸਮੇਂ ਸਿਰ ਇਲਾਜ ਕੀਤਾ ਜਾ ਸਕੇ। ਬਿਮਾਰੀ ਦਾ ਪਤਾ ਲਗਾਉਣ ਲਈ ਡਾਕਟਰ ਮਰੀਜ਼ ਦੇ ਕੁਝ ਟੈਸਟ ਵੀ ਕਰਵਾ ਸਕਦਾ ਹੈ। ਇਨ੍ਹਾਂ ਟੈਸਟਾਂ ’ਚ ਐਕਸ-ਰੇ, ਸੀਟੀ ਸਕੈਨ ਜਾਂ ਨਰਵ ਫੰਕਸ਼ਨ ਟੈਸਟ ਜਿਵੇਂ, ਇਲੈਕਟ੍ਰੋਮਾਇਓਗ੍ਰਾਫੀ ਆਦਿ ਸ਼ਾਮਲ ਹੋ ਸਕਦੇ ਹਨ। ਸਰਵਾਈਕਲ ਸਪੌਂਡਿਓਲੋਸਿਸ ਦੇ ਇਲਾਜ ’ਚ ਆਮ ਤੌਰ ’ਤੇ ਆਰਾਮ ਕਰਨ ਦੇ ਨਾਲ-ਨਾਲ ਦਰਦ ਨਿਵਾਰਕ ਦਵਾਈਆਂ ਦੀ ਵਰਤੋਂ ਜਾਂ ਫਿਜ਼ੀਓਥੈਰੇਪੀ ਰਾਹੀਂ ਦਰਦ ਨੂੰ ਘਟਾਉਣ ’ਚ ਮਦਦ ਕੀਤੀ ਜਾਂਦੀ ਹੈ।*



### ਹੋਮਿਓਪੈਥਿਕ ਇਲਾਜ

ਹੋਮਿਓਪੈਥੀ ਵਿਚ ਇਸ ਬਿਮਾਰੀ ਦਾ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਇਲਾਜ ਕੀਤਾ ਜਾਂਦਾ ਹੈ, ਜਿਸ ਨਾਲ ਮਰੀਜ਼ ਨੂੰ ਇਸ ਰੋਗ ਤੋਂ ਸਥਾਈ ਤੌਰ ’ਤੇ ਮੁਕਤੀ ਮਿਲ ਜਾਂਦੀ ਹੈ। ਹੋਮਿਓਪੈਥੀ ਵਿਚ ਡਾਕਟਰ ਦੁਆਰਾ ਮਰੀਜ਼ ਦੀ ਬਹੁਤ ਬਾਰੀਕੀ ਨਾਲ ਜਾਂਚ ਕਰਨ ਉਪਰੰਤ ਉਸ ਦੇ ਰੋਗ ਦੀ ਸਹੀ ਦਵਾਈ ਦੀ ਚੋਣ ਕਰ ਕੇ ਮਰੀਜ਼ ਨੂੰ ਦਿੱਤੀ ਜਾਂਦੀ ਹੈ, ਜੋ ਮਰੀਜ਼ ਨੂੰ ਉਸ ਦੇ ਲੱਛਣਾਂ ਤੋਂ ਫੌਰੀ ਤੌਰ ’ਤੇ ਛੁਟਕਾਰਾ ਦਿਵਾਉਣ ਦੇ ਨਾਲ-ਨਾਲ ਉਸ ਦੀ ਬਿਮਾਰੀ ਨੂੰ ਜੜ੍ਹ ਤੋਂ ਖਤਮ ਕਰ ਦਿੰਦੀ ਹੈ। •

98786-93890

# ਰੋਬੋਟਿਕ ਗਾਇਨੀ ਸਰਜਰੀ

ਸਤਵਿੰਦਰ ਸਿੰਘ ਧੜਾਕ

ਰੋਬੋਟਿਕ ਸਰਜਰੀ ਐਂਡੋਮੈਟ੍ਰੋਸਿਸ, ਗਾਇਨੋਕੋਲੋਜੀਕਲ ਕੈਂਸਰ, ਫਾਇਬ੍ਰਾਇਡ, ਸਿਸਟ ਆਦਿ ਜਿਵੇਂ ਇਸਤਰੀ ਰੋਗ ਸਬੰਧੀ ਸਮੱਸਿਆਵਾਂ ਦੇ ਪ੍ਰਬੰਧਨ ਵਿਚ ਸਭ ਤੋਂ ਵੱਡਾ ਬਦਲ ਹੈ। ਇਸ ਤੋਂ ਬਾਅਦ ਦਰਦ ਤੋਂ ਆਰਾਮ ਮਿਲਣਾ ਵੀ ਬੇਮਿਸਾਲ ਹੈ। ‘ਪੰਜਾਬੀ ਜਾਗਰਣ’ ਨਾਲ ਵਿਸ਼ੇਸ਼ ਗੱਲਬਾਤ ਦੌਰਾਨ ਫੋਰਟਿਸ ਹਸਪਤਾਲ ਮੋਹਾਲੀ ਦੀ ਡਾ. ਸਵਪਨਾ ਮਿਸ਼ਰਾ, ਐਡੀਸ਼ਨਲ ਡਾਇਰੈਕਟਰ, ਗਾਇਨੋਕੋਲੋਜੀ ਐਂਡ ਆਬਸਟੈਟ੍ਰਿਕਸ ਨੇ ਇਸ ਸਬੰਧੀ ਬੇਹੱਦ ਅਹਿਮ ਜਾਣਕਾਰੀ ਦਿੱਤੀ।

**• ਰੋਬੋਟਿਕ ਗਾਇਨੀ ਸਰਜਰੀ ਦੇ ਫ਼ਾਇਦੇ ਕੀ ਹਨ?**

ਫੋਰਟਿਸ ਹਸਪਤਾਲ, ਮੋਹਾਲੀ ਵਿਖੇ ਸਭ ਤੋਂ ਉੱਨਤ ‘ਦਾ ਵਿੰਚੀ’ (Da vinci) ਸਰਜੀਕਲ ਰੋਬੋਟ ਅਤੇ ਨਵੀਨਤਮ ਚੌਥੀ ਪੀੜ੍ਹੀ ਦੇ ਰੋਬੋਟਿਕ ਪਲੈਟਫਾਰਮ ਉਪਲੱਬਧ ਹਨ। ਇਹ ਮਿਨੀਮਲੀ ਇਨਵੇਸਿਵ ਸਰਜਰੀ ਦੇ ਖੇਤਰ ਵਿਚ ਇਕਦਮ ਨਵੀਂ ਤਕਨੀਕ ਹੈ ਅਤੇ ਇਸ ਨਾਲ ਵਿਜ਼ੂਅਲਾਈਜ਼ੇਸ਼ਨ, ਸਟੀਕਤਾ, ਕੰਟਰੋਲ ਅਤੇ ਨਿਪੁੰਨਤਾ ਨੂੰ ਨਾਟਕੀ ਤੌਰ ’ਤੇ ਵਧਾਉਣ ਵਿਚ ਮਦਦ ਮਿਲਦੀ ਹੈ। ਇਸ ਨਾਲ ਸਰਜਨ ਨੂੰ ਵੀ ਇਕ ਜਟਿਲ ਸਰਜਰੀ ਨੂੰ ਅਜਿਹਾ ਅਨੁਭਵ ਨਾਲ ਕਰਨ ਦਾ ਮੌਕਾ ਮਿਲਦਾ ਹੈ, ਜਿਸ ਦਾ ਅਨੁਭਵ ਉਨ੍ਹਾਂ ਨੇ ਪਹਿਲਾਂ ਕਦੇ ਨਹੀਂ ਕੀਤਾ ਹੁੰਦਾ।



ਡਾ. ਸਵਪਨਾ ਮਿਸ਼ਰਾ
72728-72728





ਸਰਜੀਕਲ ਰੋਬੋਟ ਸਰਜਨ ਦੀ ਖ਼ਾਸੀਅਤ ਅਤੇ ਅਨੁਭਵ ਨੂੰ ਜ਼ਿਆਦਾ ਤੋਂ ਜ਼ਿਆਦਾ ਪੱਧਰ ਤਕ ਵਧਾਉਂਦਾ ਹੈ। ਰੋਬੋਟ-ਸਮਰਥਿਤ ਆਰਮਜ਼ (ਰੋਬੋਟਿਕ ਆਰਮਜ਼) ਜ਼ਿਆਦਾ ਸਥਿਰ, ਸਟੀਕ ਮੰਨੇ ਜਾਂਦੇ ਹਨ ਅਤੇ ਸਰੀਰ ਅੰਦਰਲੇ ਜ਼ਿਆਦਾਤਰ ਖੇਤਰਾਂ ਨੂੰ ਮਨੁੱਖੀ ਹੱਥ ਨਾਲੋਂ ਜ਼ਿਆਦਾ ਆਸਾਨੀ ਨਾਲ ਪਹੁੰਚ ਸਕਦੇ ਹਨ। ਇਸ ਲਈ ਇਹ ਸਰਜਰੀ ਸਰਜਨ ਲਈ ਜ਼ਿਆਦਾ ਸਟੀਕਤਾ, ਵਧੇਰੇ ਤੇਜ਼ੀ ਅਤੇ ਵਧੇਰੇ ਨਿਪੁੰਨਤਾ ਨੂੰ ਯਕੀਨੀ ਬਣਾਉਂਦੀ ਹੈ। ਇਸ ਤੋਂ ਇਲਾਵਾ ਕੈਮਰੇ ਦੁਆਰਾ ਪੈਦਾ ਕੀਤੇ ਜਾਣ ਵਾਲੇ 3-ਡੀ ਵਿਜ਼ਨ ਸਰਜਨ ਨੂੰ ਸਰਜਰੀ ਵਾਲੀ ਜਗ੍ਹਾ ਦਾ ਜ਼ਿਆਦਾ ਵਿਸਤ੍ਰਿਤ ਦ੍ਰਿਸ਼ ਪ੍ਰਦਾਨ ਕਰਦਾ ਹੈ। ਇਹ ਆਸਾਨ ਪਹੁੰਚ, ਵਧੀਆ ਸਰਜਰੀ ਨਤੀਜੇ ਅਤੇ ਆਪ੍ਰੇਸ਼ਨ ਦੀ ਸਮੁੱਚੀ ਪ੍ਰਕਿਰਿਆ ਨੂੰ ਸਹਿਜ ਬਣਾਉਣ ਦਾ ਆਧਾਰ ਪ੍ਰਦਾਨ ਕਰਦੀ ਹੈ।

ਰੋਗੀ ਦੇ ਨਜ਼ਰੀਏ ਤੋਂ ਇਸ ਦੇ ਫ਼ਾਇਦਿਆਂ ’ਚ ਸ਼ਾਮਿਲ ਹਨ - ਘੱਟ ਖ਼ੂਨ ਜਾਇਆ ਹੋਣ ਦੇ ਨਾਲ-ਨਾਲ ਵਧੀਆ ਨਤੀਜਿਆਂ ਦੇ ਨਾਲ ਸਟੀਕ ਸਰਜਰੀ ਪ੍ਰਕਿਰਿਆ। ਇਸ ਤੋਂ ਇਲਾਵਾ ਸਰਜਰੀ ਤੋਂ ਬਾਅਦ ਇਨਫੈਕਸ਼ਨ ਦਾ ਘੱਟ ਖ਼ਤਰਾ, ਜਿਸ ਕਾਰਨ ਹਸਪਤਾਲ ’ਚ ਘੱਟ ਸਮਾਂ ਰਹਿਣਾ ਪੈਂਦਾ ਹੈ। ਰੋਬੋਟਿਕ ਸਰਜਰੀ ਤੋਂ ਬਾਅਦ ਦਰਦ ਘੱਟ ਹੁੰਦਾ ਹੈ। ਕੋਈ ਵੀ ਦੇਖ ਸਕਦਾ ਹੈ ਕਿ ਘੱਟ ਤੋਂ ਘੱਟ ਕੱਟ (ਜ਼ਖ਼ਮ) ਕਾਰਨ ਨਿਸ਼ਾਨ ਵੀ ਨਾਂਹ ਦੇ ਬਰਾਬਰ ਹੀ ਬਣਦਾ ਹੈ। ਜੇ ਤੁਸੀਂ ਤੇਜ਼ੀ ਨਾਲ ਰਿਕਵਰੀ ਚਾਹੁੰਦੇ ਹੋ ਤਾਂ ਰੋਬੋਟਿਕ ਸਰਜਰੀ ਤੁਹਾਡੇ ਲਈ ਉਪਲੱਬਧ ਸਭ ਤੋਂ ਵਧੀਆ ਜ਼ਰੀਆ ਹੈ।

**• ਰੋਬੋਟਿਕ ਗਾਇਨੀ ਸਰਜਰੀ ਤੋਂ ਬਾਅਦ ਰਿਕਵਰੀ ’ਚ ਕਿੰਨਾ ਸਮਾਂ ਲਗਦਾ ਹੈ?**

ਰੋਬੋਟਿਕ ਸਰਜਰੀ ਨਾਲ ਹਸਪਤਾਲ ਵਿਚ ਬਹੁਤ ਘੱਟ ਸਮਾਂ ਰਹਿਣ ਦੀ ਲੋੜ ਪੈਂਦੀ ਹੈ। ਰਵਾਇਤੀ ਗਾਇਨੇਕੋਲੋਜੀਕਲ ਸਰਜਰੀ ਦੌਰਾਨ ਰਿਕਵਰੀ ’ਚ ਦੋ ਮਹੀਨੇ ਜਾਂ ਇਸ ਤੋਂ ਜ਼ਿਆਦਾ ਸਮਾਂ ਲਗਦਾ ਹੈ। ਜੇ ਮਰੀਜ਼ ਰੋਬੋਟਿਕ ਸਰਜਰੀ ਕਰਵਾਉਂਦਾ ਹੈ ਤਾਂ ਉਸ ਨੂੰ ਓਪਨ ਸਰਜਰੀ ਦੇ ਮਾਧਿਅਮ ਨਾਲ ਰਵਾਇਤੀ ਪ੍ਰਕਿਰਿਆ ’ਚ ਰਿਕਵਰੀ ਲਈ ਲੱਗਣ ਵਾਲੇ ਸਮੇਂ ਨਾਲੋਂ ਅੱਧਾ ਸਮਾਂ ਹੀ ਲਗਦਾ ਹੈ। 24 ਘੰਟਿਆਂ ਅੰਦਰ ਮਰੀਜ਼ ਨੂੰ ਹਸਪਤਾਲ ਤੋਂ ਵਾਪਸ ਲਿਜਾਇਆ ਜਾ ਸਕਦਾ ਹੈ ਅਤੇ ਇਕ ਹਫ਼ਤੇ ਅੰਦਰ ਸਧਾਰਨ ਜੀਵਨ ਦੁਬਾਰਾ ਜੀਵਿਆ ਜਾ ਸਕਦਾ ਹੈ।

**• ਕੀ ਰੋਬੋਟਿਕ ਗਾਇਨੀ ਸਰਜਰੀ ਓਪਨ ਸਰਜਰੀ ਤੋਂ ਵਧੀਆ ਹੈ?**

ਰੋਬੋਟ ਸਰਜਰੀ ਬਹੁਤ ਜ਼ਿਆਦਾ ਉੱਨਤ ਹੈ ਤੇ ਇਹ ਸਰਜਨਾਂ ਨੂੰ ਆਸਾਨੀ ਨਾਲ ਜਟਿਲ ਸਰਜਰੀ ਕਰਨ ਵਿਚ ਮਦਦ ਕਰਦੀ ਹੈ। ਰੋਬੋਟ ਦੀ ਮਦਦ ਨਾਲ ਚੱਲਣ ਵਾਲੀਆਂ ਆਰਮਜ਼ ਜ਼ਿਆਦਾ ਸਥਿਰ, ਸਟੀਕ ਕੰਮ ਕਰਦੀਆਂ ਹਨ ਅਤੇ ਮਨੁੱਖੀ ਸਰੀਰ ਦੇ ਅੰਦਰੂਨੀ ਅੰਗਾਂ ਤਕ ਮਨੁੱਖੀ ਹੱਥ ਦੇ ਮੁਕਾਬਲੇ ਰੋਬੋਟਿਕ ਆਰਮਜ਼ ਆਸਾਨੀ ਨਾਲ ਪਹੁੰਚਦੇ ਹਨ।

ਇਸ ਲਈ ਇਹ ਸਰਜਰੀ ਜ਼ਿਆਦਾ ਸਟੀਕ, ਵਧੀਆ ਗਤੀ ਨੂੰ ਸੁਨਿਸ਼ਚਿਤ ਕਰਦੀ ਹੈ, ਖੁੱਲ੍ਹੀ ਜਾਂ ਓਪਨ ਸਰਜਰੀ ਦੀ ਤੁਲਨਾ ਵਿਚ ਸਰਜਨ ਲਈ ਵਧੀਆ ਨਿਪੁੰਨਤਾ ਦੇ ਨਾਲ। ਰੋਬੋਟਿਕ ਸਰਜਰੀ ਸਰਜਨਾਂ ਲਈ ਵੱਡੀਆਂ ਚੀਜ਼ਾਂ ਕੀਤੇ ਬਿਨਾਂ ਜਟਿਲ ਪ੍ਰਕਿਰਿਆਵਾਂ ਨੂੰ ਪੂਰਾ ਕਰਨ ’ਚ ਆਸਾਨੀ ਪੈਦਾ ਕਰਦੀ ਹੈ। ਰਵਾਇਤੀ ਲੈਪਰੋਸਕੋਪਿਕ ਸਰਜੀਕਲ ਤਕਨੀਕਾਂ ਨਾਲ ਸਬੰਧਤ ਸੀਮਾਵਾਂ ਤੋਂ ਪਰ੍ਹੇ ਇਹ ਇਕ ਹੋਰ ਜ਼ਿਆਦਾ ਵਿਕਸਿਤ ਮਿਨੀਮਲੀ ਇਨਵੇਸਿਵ ਸਰਜੀਕਲ ਤਕਨੀਕ ਹੈ।

**• ਰੋਬੋਟਿਕ ਗਾਇਨੀ ਸਰਜਰੀ ’ਚ ਰੋਬੋਟਿਕਸ ਵਸੀਲਿਆਂ ਨਾਲ ਕੀ-ਕੀ ਕੀਤਾ ਜਾ ਸਕਦਾ ਹੈ?**

ਰੋਬੋਟਿਕਸ ਜ਼ਰੀਏ, ਲਗਪਗ ਹਰ ਤਰ੍ਹਾਂ ਦੀ ਗਾਇਨੀ ਸਰਜਰੀ, ਗਾਇਨੀ ਕੈਂਸਰ ਸਰਜਰੀ, ਫਾਇਬ੍ਰਾਇਡ, ਐਂਡੋਮੈਟਰੋਸਿਸ, ਵੇਸਿਕੋ-ਵੇਜਾਈਨਲ ਫਿਸਟੁਲਾ, ਓਵੇਰੀਅਨ ਸਿਸਟ, ਸਾਲਪਿੰਗੋ-ਓਫੋਰੈਕਟੋਮੀ, ਓਵੇਰੀਅਨ, ਮਾਇਓਮੈਕਟੋਮੀ ਅਤੇ ਹਿਸਟਰੈਕਟੋਮੀ, ਅੰਡਕੋਸ਼ ਅਤੇ ਬੱਚੇਦਾਨੀ ਦਾ ਕੈਂਸਰ ਆਦਿ ਆਪ੍ਰੇਸ਼ਨ ਕੀਤੇ ਜਾ ਸਕਦੇ ਹਨ।

ਸ਼੍ਰੀਮਤੀ ਕਵਿਤਾ ਭਾਟੀਆ, ਜਿਨ੍ਹਾਂ ਰੋਬੋਟਿਕ ਹਿਸਟਰੈਕਟੋਮੀ ਕਰਵਾਈ ਹੈ ਅਤੇ ਉਨ੍ਹਾਂ ਨੂੰ 36 ਘੰਟਿਆਂ ਦੇ ਅੰਦਰ ਛੁੱਟੀ ਦੇ ਦਿੱਤੀ ਗਈ ਸੀ। ਉਨ੍ਹਾਂ ਕਿਹਾ ਕਿ ‘ਫੋਰਟਿਸ ਹਸਪਤਾਲ ਮੋਹਾਲੀ ਵਿਚ ਮੈਨੂੰ ਸਭ ਤੋਂ ਚੰਗਾ ਅਨੁਭਵ ਮਿਲਿਆ। ਡਾ. ਸਵਪਨਾ ਨੇ ਮੇਰੇ ਉੱਤੇ ਜ਼ਿਆਦਾ ਵਿਸ਼ਵਾਸ ਤੇ ਆਤਮ-ਵਿਸ਼ਵਾਸ ਦਿਖਾਇਆ ਤੇ ਮੈਂ ਸਰਜਰੀ ਦੇ ਦੂਜੇ ਦਿਨ ਹੀ ਆਪਣੇ ਰੋਜ਼ਾਨਾ ਰੁਝੇਵਿਆਂ ’ਚ ਪਰਤ ਆਈ ਸਾਂ। ਮੈਨੂੰ ਕੋਈ ਦਰਦ ਨਹੀਂ ਹੋਇਆ ਅਤੇ ਇਹ ਡਰ ਦੀ ਥਾਂ ਇਕ ਅਰਾਮਦਾਇਕ ਅਨੁਭਵ ਸੀ।’ •

# ਕਈ ਬਿਮਾਰੀਆਂ ਦਾ ਇਲਾਜ ਹੈ ਧੁੱਪ



ਮਨੁੱਖ ਅੱਜ 21ਵੀਂ ਸਦੀ ’ਚ ਪਹੁੰਚ ਚੁੱਕਾ ਹੈ। ਸਾਇੰਸ ਨੇ ਵੀ ਬਹੁਤ ਤਰੱਕੀ ਕਰ ਲਈ ਹੈ ਪਰ ਅੱਜ-ਕੱਲ੍ਹ ਇਹ ਵੇਖਣ ’ਚ ਆਉਂਦਾ ਹੈ ਕਿ ਮਨੁੱਖ ਕੋਲ ਹਰ ਕੰਮ ਲਈ ਸਮਾਂ ਹੈ ਪਰ ਆਪਣੇ ਆਪ ਲਈ ਨਹੀਂ। ਉਹ ਤਰੱਕੀ ਦੀ ਦੌੜ ’ਚ ਇਸ ਤਰ੍ਹਾਂ ਰੁੱਝ ਗਿਆ ਕਿ ਆਪਣੇ ਸਰੀਰ ਵੱਲ ਬਿਲਕੁਲ ਧਿਆਨ ਨਹੀਂ ਦਿੰਦਾ, ਜਿਸ ਕਾਰਨ ਬਿਮਾਰੀਆਂ ਨੇ ਪੈਰ ਪਸਾਰ ਲਏ ਹਨ। ਮਨੁੱਖ ਕੁਦਰਤੀ ਸੋਮਿਆਂ ਤੋਂ ਦੂਰ ਹੁੰਦਾ ਜਾ ਰਿਹਾ ਹੈ। ਜਿਨ੍ਹਾਂ ’ਚੋਂ ਇਕ ਕੁਦਰਤੀ ਸੋਮਾ ਹੈ-ਧੁੱਪ। ਧੁੱਪ ਜਿਥੇ ਫ਼ਸਲਾਂ, ਪੌਦਿਆਂ ਤੇ ਜਾਨਵਰਾਂ ਲਈ ਵਰਦਾਨ ਹੈ, ਉਥੇ ਮਨੁੱਖੀ ਜੀਵਨ ਲਈ ਬੇਹੱਦ ਅਹਿਮ ਹੈ। ਨਵੀਂ ਪੀੜ੍ਹੀ ਇਸ ਦੇ ਫ਼ਾਇਦਿਆਂ ਤੋਂ ਅਨਜਾਣ ਹੈ। ਘਰ, ਸਕੂਲ, ਬਾਜ਼ਾਰ, ਕਾਰ, ਸਭ ਥਾਈਂ ਏਸੀ ਹੋਣ ਕਰਕੇ ਮਨੁੱਖ ਧੁੱਪ ਤੋਂ ਵਾਂਝਾ ਹੋ ਗਿਆ ਹੈ। ਉਸ ਨੂੰ ਇਨ੍ਹਾਂ ਸਹੂਲਤਾਂ ਦੀ ਇੰਨੀ ਜ਼ਿਆਦਾ ਆਦਤ ਪੈ ਗਈ ਹੈ ਕਿ ਉਸ ਨੂੰ ਲਗਦਾ ਹੈ ਇਨ੍ਹਾਂ ਬਿਨਾਂ ਉਹ ਇਕ ਪਲ ਵੀ ਨਹੀਂ ਰਹਿ ਸਕਦਾ ਪਰ ਹਕੀਕਤ ’ਚ ਉਹ ਆਪਣੇ ਐਸ਼ੋ-ਅਰਾਮ ਵਿਚ ਸਭ ਤੋਂ ਵੱਧ ਆਪਣਾ ਹੀ ਨੁਕਸਾਨ ਕਰ ਰਿਹਾ ਹੈ। ਕੁਦਰਤ ਨੇ ਹਰ ਤੱਤ ਨੂੰ ਬੜੇ ਸੋਚ-ਸਮਝ ਕੇ ਬਣਾਇਆ ਹੈ। ਸਾਇੰਸ ਕੁਦਰਤ ਨਾਲ ਮੁਕਾਬਲਾ ਕਰਦੀ ਹੋਈ ਕੁਦਰਤੀ ਤੱਤਾਂ ਦੇ ਸਪਲੀਮੈਂਟ ਲੈ ਕੇ ਆ ਰਹੀ ਹੈ ਪਰ ਇਨ੍ਹਾਂ ਦੀ ਕੀਮਤ ਹਰ ਬੰਦੇ ਦੇ ਵੱਸ ਦੀ ਗੱਲ ਨਹੀਂ ਹੈ।

### ਫ਼ਾਇਦੇ

- ਜਦੋਂ ਧੁੱਪ ਸਰੀਰ ਨੂੰ ਲਗਦੀ ਹੈ ਤਾਂ ਸਰੀਰ ਵਿਚ ਵਿਟਾਮਿਨ-ਡੀ ਬਣਨਾ ਸ਼ੁਰੂ ਹੋ ਜਾਂਦਾ ਹੈ, ਜੋ ਤੰਦਰੁਸਤ ਸਰੀਰ ਲਈ ਬਹੁਤ ਜ਼ਰੂਰੀ ਹੈ। ਵਿਟਾਮਿਨ-ਡੀ ਦੀ ਘਾਟ ਕਾਰਨ ਕੈਲਸ਼ੀਅਮ ਦੀ ਵੀ ਘਾਟ ਆ ਜਾਂਦੀ ਹੈ, ਜਿਸ ਨਾਲ ਹੱਡੀਆਂ ਦੀਆਂ ਬਿਮਾਰੀਆਂ, ਕਮਜ਼ੋਰੀ ਆਉਣਾ, ਪਿੱਠ ਦਰਦ, ਗਰਦਨ ਦਰਦ, ਪੱਠਿਆਂ ਦਾ ਦਰਦ, ਵਾਲਾਂ ਦਾ ਝੜਨਾ, ਡਿਪਰੈਸ਼ਨ, ਮੋਟਾਪਾ, ਗਠੀਆ ਤੇ ਕੈਂਸਰ ਵਰਗੀਆਂ ਭਿਆਨਕ ਬਿਮਾਰੀਆਂ ਹੋ ਸਕਦੀਆਂ ਹਨ।
- ਫੂਡ ਐਂਡ ਡਰੱਗ ਐਡਮਨਿਸਟ੍ਰੇਸ਼ਨ ਮੁਤਾਬਿਕ ਮਨੁੱਖੀ ਸਰੀਰ ਨੂੰ ਹਰ ਰੋਜ਼ 1000 ਆਈ ਯੂ (ਇੰਨਟਨੈਸ਼ਨਲ ਯੂਨਿਟ) ਵਿਟਾਮਿਨ-ਡੀ ਦੀ ਜ਼ਰੂਰਤ ਹੁੰਦੀ ਹੈ, ਜੋ ਹਰ ਰੋਜ਼ 10 ਤੋਂ 15 ਮਿੰਟ ਧੁੱਪ ਲੈਣ ਦੇ ਬਰਾਬਰ ਹੈ। ਧੁੱਪ ਨੂੰ ‘ਸਨ-ਸ਼ਾਈਨ ਵਿਟਾਮਿਨ’ ਦੇ ਨਾਂ ਨਾਲ ਵੀ ਜਾਣਿਆ ਜਾਂਦਾ ਹੈ।
- ਬੱਚੇ ਦੇ ਜਨਮ ਤੋਂ ਬਾਅਦ ਉਸ ਨੂੰ ਸਵੇਰ ਦੀ ਚੜ੍ਹਦੀ ਧੁੱਪ ਵਿਚ 10 ਤੋਂ 15 ਮਿੰਟ ਧੁੱਪ ਸੇਕਣ ਦੀ ਸਲਾਹ ਡਾਕਟਰ ਦਿੰਦੇ ਹਨ। ਇਸ ਨਾਲ ਉਸ ਦੀਆਂ ਹੱਡੀਆਂ ਮਜ਼ਬੂਤ ਹੁੰਦੀਆਂ ਹਨ ਤੇ ਬੱਚਿਆਂ ਦੇ ਵਿਕਾਸ ਤੇ ਕੱਦ ਨੂੰ ਵਧਾਉਂਦੀ ਹੈ। ਬਹੁਤ ਸਾਰੇ ਸੱਭਿਆਚਾਰਾਂ ਨੇ ਇਸ ਤੱਥ ਨੂੰ ਪਛਾਣ ਲਿਆ ਹੈ।
- ਪ੍ਰਾਚੀਨ ਯੋਗੀਆਂ ਤੇ ਕਈ ਹੋਰ ਸੱਭਿਅਤਾਵਾਂ ਨੂੰ ਪਤਾ ਸੀ ਕਿ ਸੂਰਜ ਦੀ ਵਰਤੋਂ ਹਰ ਕਿਸਮ ਦੀਆਂ ਬਿਮਾਰੀਆਂ ਨੂੰ ਠੀਕ ਕਰਨ ਤੇ ਖ਼ੁਸ਼ਹਾਲੀ ਲਈ ਜ਼ਰੂਰੀ ਹੈ। ਪੁਰਾਣੇ ਸਮੇਂ ਵਿਚ ਸੂਰਜ ਦੀ ਰੋਸ਼ਨੀ ਦਾ ਇਸਤੇਮਾਲ ਕਰਨ ਦਾ ਇਕ ਇਤਿਹਾਸ ਹੈ। ਪੁਰਾਣੇ ਯੂਨਾਨੀ ਇਸ ਨੂੰ ਹੈਲੀਓਸਿਸ ਕਹਿੰਦੇ ਸਨ। ਅੱਜ-ਕੱਲ੍ਹ ਸੂਰਜ ਦੀ ਰੋਸ਼ਨੀ ਦੇ ਇਲਾਜ ਨੂੰ ਹੈਲੀਓਥੈਰੇਪੀ ਕਿਹਾ ਜਾਂਦਾ ਹੈ।
- ਧੁੱਪ ਨਾਲ ਸਰੀਰ ’ਚ ਵਿਟਾਮਿਨ-ਡੀ ਤਾਂ ਬਣਦਾ ਹੈ। ਇਸ ਤੋਂ ਇਲਾਵਾ ਧੁੱਪ ਹੱਡੀਆਂ ਦੀ ਮਜ਼ਬੂਤੀ, ਇਮਿਊਨ ਸਿਸਟਮ ਨੂੰ ਜ਼ਿਆਦਾ ਸਮਰੱਥ ਬਣਾਉਂਦੀ ਹੈ, ਦਿਮਾਗ਼ੀ ਕਮਜ਼ੋਰੀ ਤੇ ਵਾਧੂ ਚਰਬੀ ਨੂੰ ਘੱਟ ਕਰਨ ’ਚ ਸਹਾਇਤਾ ਕਰਦੀ ਹੈ। ਪਹਿਲੇ ਵਿਸ਼ਵ ਯੁੱਧ ਤੋਂ ਬਾਅਦ ਜਰਮਨ ਸਿਪਾਹੀਆਂ ਨੇ ਜ਼ਖ਼ਮ ਨੂੰ ਰੋਗਾਣੂ-ਮੁਕਤ ਕਰਨ ਤੇ ਰੋਗਾਣੂਆਂ ਨੂੰ ਠੀਕ ਕਰਨ ਲਈ ਸੂਰਜ ਦੀ ਰੋਸ਼ਨੀ ਦਾ ਪ੍ਰਯੋਗ ਕੀਤਾ ਸੀ। ਇਸ ਦੀ ਖੋਜ 1903 ’ਚ ਨੋਬਲ ਪੁਰਸਕਾਰ ਜੇਤੂ ਨੀਲਸ ਫਿਨਸਨ ਦੁਆਰਾ ਕੀਤੀ ਗਈ ਸੀ।
- ਧੁੱਪ ਡਿਪਰੈਸ਼ਨ ਨੂੰ ਵੀ ਠੀਕ ਕਰਦੀ ਹੈ। ਜਦੋਂ ਅਸੀਂ ਦਿਨ ਦੇ ਸਭ ਤੋਂ ਵਧੀਆ ਸਮੇਂ ਵਿਚ ਦਫ਼ਤਰਾਂ ’ਚ ਬੈਠਦੇ ਹਾਂ ਤਾਂ ਅਸੀਂ ਆਪਣੇ ਆਪ ਨੂੰ ਕੁਦਰਤੀ ਰੋਸ਼ਨੀ ਤੋਂ ਵਾਂਝਾ ਕਰ ਰਹੇ ਹੁੰਦੇ ਹਾਂ। ਬਿਨ ਬੁਲਾਈਆਂ ਬਿਮਾਰੀਆਂ ਸਹੇੜ ਰਹੇ ਹਾਂ। ਜੇ ਸੂਰਜ ਦੀ ਵਰਤੋਂ ਨਹੀਂ ਕੀਤੀ ਜਾਂਦੀ, ਤਾਂ ਸਾਡੀ ਚਮੜੀ ਇਸ ਪ੍ਰਤੀ ਵਧੇਰੇ ਸੰਵੇਦਨਸ਼ੀਲ ਹੁੰਦੀ ਜਾਂਦੀ ਹੈ।

ਕੁਦਰਤ ਵੱਲੋਂ ਦਿੱਤੀ ਗਈ ਧੁੱਪ ਰੂਪੀ ਦਾਤ ਦੇ ਫ਼ਾਇਦਿਆਂ ਬਾਰੇ ਸਾਨੂੰ ਆਪਣੇ ਆਪ ਤੇ ਆਉਣ ਵਾਲੀ ਪੀੜ੍ਹੀ ਨੂੰ ਜਾਣੂ ਕਰਵਾਉਣਾ ਚਾਹੀਦਾ ਹੈ, ਜਿਸ ਨਾਲ ਅਸੀਂ ਤੰਦਰੁਸਤ ਰਹਿ ਸਕੀਏ। •



ਮਨਦੀਪ ਕੌਰ
80547-47047

# ਅੰਮ੍ਰਿਤ ਫਲ ਹੈ ਔਲਾ

ਵੈਦ ਬੀਕੇ ਸਿੰਘ

ਹਰ ਮਨੁੱਖ ਚਾਹੁੰਦਾ ਹੈ ਕਿ ਬੁਢਾਪਾ ਕਦੇ ਉਸ ਦੇ ਨੇੜੇ ਨਾ ਆਵੇ, ਪਰ ਜਿਹੜੀਆਂ ਚੀਜ਼ਾਂ, ਖਾਣਾ-ਪੀਣਾ ਸਰੀਰ ਮੰਗਦਾ ਹੈ, ਉਹ ਸਰੀਰ ਨੂੰ ਮੁਹੱਈਆ ਕਰਵਾਉਣੀਆਂ ਮਨੁੱਖ ਨੂੰ ਪਹਾੜ ਜਿੱਡਾ ਕੰਮ ਲਗਦਾ ਹੈ। ਜ਼ਰੂਰੀ ਨਹੀਂ ਕਿ ਤੁਸੀ ਮਹਿੰਗੀਆਂ ਚੀਜ਼ਾਂ ਖਾ ਕੇ ਹੀ ਜਵਾਨ ਰਹਿ ਸਕਦੇ ਹੋ। ਧਰਤੀ ’ਤੇ ਅਨੇਕਾਂ ਰੁੱਖ ਤੇ ਜੜ੍ਹੀ-ਬੂਟੀਆਂ ਹਨ, ਜੋ ਤੁਹਾਨੂੰ ਤੰਦਰੁਸਤ ਰੱਖ ਸਕਦੀਆਂ ਹਨ। ਇਸੇ ਤਹਿਤ ਅੱਜ ਗੱਲ ਕਰਦੇ ਹਾਂ ਔਲੇ ਦੇ ਰੁੱਖ ਦੀ।

ਸ਼ਾਇਦ ਔਲਾ ਤੁਹਾਨੂੰ ਕੋਈ ਆਮ ਚੀਜ਼ ਲਗਦੀ ਹੋਵੇਗੀ ਪਰ ਆਯੁਰਵੇਦ ਇਸ ਨੂੰ ‘ਅੰਮ੍ਰਿਤ ਫਲ’ ਕਹਿੰਦਾ ਹੈ। ਇਕ ਕਹਾਵਤ ਕਿ ‘ਸਿਆਣੇ ਦਾ ਕਿਹਾ ਤੇ ਔਲੇ ਦਾ ਖਾਧਾ ਬਾਅਦ ’ਚ ਪਤਾ ਲਗਦਾ ਹੈ’ ਬਿਲਕੁਲ ਸੱਚ ਹੈ। ਸਭ ਇਸ ਰੁੱਖ ਬਾਰੇ ਜਾਣਦੇ ਹਨ। ਇਹ ਰੁੱਖ 20-25 ਫੁੱਟ ਉੱਚਾ ਟੇਢਾ-ਮੇਢਾ ਜਿਹਾ ਹੁੰਦਾ ਹੈ। ਇਸ ਦੇ ਤਣੇ ਦੀ ਮੋਟਾਈ 5 ਤੋਂ 10 ਫੁੱਟ ਹੁੰਦੀ ਹੈ। ਪੀਲੇ ਫੁੱਲ ਗੁੱਛੇ ਵਾਂਗ ਲੱਗੇ ਹੁੰਦੇ ਹਨ। ਅਕਤੂਬਰ ਤੋਂ ਅਪ੍ਰੈਲ ਤਕ ਫਲ ਮਿਲਦੇ ਹਨ। ਇਸ ਦੇ ਕੱਚੇ ਫਲ ਕਾਲੀ ਮਿਰਚ, ਕਾਲਾ ਨਮਕ ਲਾ ਕੇ ਇਕ ਫਲ ਦਿਨ ’ਚ 2-3 ਵਾਰ ਖਾਣ ਨਾਲ ਪੇਟ ਠੀਕ ਰਹੇਗਾ ਤੇ ਗਰਮੀ ਰੋਗ ਨਹੀਂ ਹੋਵੇਗਾ ਕਿਉਂਕਿ ਸਿਹਤ ਠੀਕ ਰੱਖਣ ਲਈ ਸਭ ਤੋਂ ਪਹਿਲਾਂ ਪੇਟ ਠੀਕ ਹੋਣਾ ਜ਼ਰੂਰੀ ਹੈ।

- ਤ੍ਰਿਫਲਾ ਬਾਰੇ ਸਭ ਜਾਣਦੇ ਹਨ। ਔਲਾ ਇਸ ਦੀ ਮੁੱਖ ਔਸ਼ਧੀ ਹੈ। ਔਲਾ, ਹਰੜ, ਬਹੇੜਾ ਸਭ ਦਾ ਬਰਾਬਰ-ਬਰਾਬਰ ਚੂਰਨ ਬਣਾ ਕੇ ਰੱਖੋ। ਇਕ ਚਮਚ ਰੋਜ਼ ਰਾਤ ਨੂੰ ਗਰਮ ਪਾਣੀ ਨਾਲ ਲਵੋ। ਕਬਜ਼ ਰੋਗ ਦੂਰ ਹੋਵੇਗਾ ਤੇ ਪੇਟ ਸਾਫ਼ ਰਹੇਗਾ।
- ਔਲੇ ਦਾ ਸੁੱਕਾ ਪਾਊਡਰ 300 ਗ੍ਰਾਮ ਲੈ ਕੇ ਇਕ ਭਾਂਡੇ ’ਚ ਰੱਖ ਦਿਓ। ਔਲੇ ਦਾ ਰਸ ਕੱਢ ਲਓ। ਤਾਜ਼ੇ ਔਲੇ ਲੈ ਕੇ ਕੇ ਗੁਠਲੀ ਕੱਢ ਕੇ ਮਿਕਸੀ ’ਚ ਪੀਸ ਲਵੋ। ਕੱਪੜੇ ਨਾਲ ਨਿਚੋੜ ਕੇ ਔਲੇ ਦਾ ਰਸ ਕੱਢ ਕੇ ਇਸ ਪਾਊਡਰ ’ਚ ਏਨਾ ਕੁ ਪਾ ਦਿਓ ਕਿ ਇਸ ਰਸ ਨਾਲ ਔਲੇ ਦਾ ਰਸ ਢਕ ਜਾਵੇ। ਰਸ 2-3 ਉਂਗਲਾਂ ਤਕ ਉਤੇ ਆ ਜਾਵੇ। ਫਿਰ ਭਾਂਡੇ ਨੂੰ ਢਕ ਕੇ ਰੱਖ ਦਿਓ ਤੇ ਕੁਝ ਦਿਨਾਂ ਮਗਰੋਂ ਇਹ ਰਸ ਸੁੱਕ ਜਾਵੇਗਾ। ਇਸੇ ਤਰ੍ਹਾਂ ਇਸ ਵਿਧੀ ਨੂੰ 7-8 ਵਾਰ ਕਰਨੀ ਹੈ, ਅਰਥਾਤ ਸੁੱਕੇ ਔਲੇ ’ਚ ਰਸ ਪਾ ਕੇ ਸੁਕਾਉਂਦੇ ਰਹਿਣਾ ਹੈ। ਜਦੋਂ ਇਹ ਪ੍ਰਯੋਗ 8 ਵਾਰ ਹੋ ਜਾਵੇ ਤਾਂ ਉਸ ਦਾ ਪਾਊਡਰ ਸੁਕਾ ਲਵੋ ਤੇ ਇਹ ਪਾਊਡਰ ਪੀਸ ਕੇ ਰੱਖ ਲਓ। ਰੋਜ਼ 2-3 ਗ੍ਰਾਮ ਸਵੇਰੇ-ਸ਼ਾਮ ਸ਼ਹਿਦ ’ਚ ਮਿਲਾ ਕੇ ਖਾਓ। ਇਹ ਬੁਢਾਪੇ ਨੂੰ ਜਲਦੀ ਆਉਣ ਤੋਂ ਰੋਕਦਾ ਹੈ, ਪੇਟ ਸਾਫ਼ ਰੱਖਦਾ ਹੈ, ਵਾਲ ਕਾਲੇ ਰੱਖਦਾ ਹੈ।
- ਔਲੇ ਸੁੱਕੇ 30 ਗ੍ਰਾਮ, ਬਹੇੜਾ 10 ਗ੍ਰਾਮ, ਅੰਬ ਦੀ ਗੁਠਲੀ ਗਿਰੀ 50 ਗ੍ਰਾਮ ਇਹ ਸਾਰੀਆਂ ਚੀਜ਼ਾਂ ਲੋਹੇ ਦੇ ਭਾਂਡੇ ’ਚ ਇਕ ਗਲਾਸ ਪਾਣੀ ਪਾ ਕੇ ਰੱਖ ਦਿਓ। ਸਵੇਰੇ ਇਸ ਦਾ ਲੇਪ ਸਿਰ ’ਤੇ ਲਗਾ ਲਵੋ। ਰੋਜ਼ ਲੇਪ ਕਰਨ ਨਾਲ ਛੋਟੀ ਉਮਰੇ ਵਾਲ ਸਫ਼ੈਦ ਹੋਣੋਂ ਹਟ ਜਾਂਦੇ ਹਨ।
- ਦੋ ਔਲਿਆਂ ਦਾ ਰਸ, ਥੋੜ੍ਹੀ ਜਿਹੀ ਮਿਸਰੀ ਮਿਲਾ ਕੇ ਅੱਧਾ ਚਮਚ ਸ਼ਹਿਦ ਮਿਲਾ ਕੇ ਲਵੋ। ਖੱਟੇ ਡੱਕਾਰ ਆਉਣੋਂ ਠੀਕ ਹੋ ਜਾਂਦੇ ਹਨ।
- ਔਲੇ ਦੀ ਗੁਠਲੀ ਜਲਾ ਕੇ ਭਸਮ ਬਣਾ ਲਵੋ ਤੇ ਨਾਰੀਅਲ ਦਾ ਤੇਲ ਮਿਲਾ ਕੇ ਸਰੀਰ ਉੱਪਰ ਲਗਾਉਣ ਨਾਲ ਖਾਰਿਸ਼ ਤੋਂ ਰਾਹਤ ਮਿਲੇਗੀ।
- 50 ਗ੍ਰਾਮ ਔਲੇ ਦਾ ਫਲ ਕੁੱਟ ਕੇ 2 ਘੰਟੇ ਪਾਣੀ ’ਚ ਭਿਉਂ ਕੇ ਰੱਖੋ ਤੇ ਬਾਅਦ ’ਚ ਉਬਾਲੋ। ਜਦੋਂ ਪਾਣੀ ਅੱਧਾ ਰਹਿ ਜਾਵੇ ਤਾਂ ਛਾਣ ਲਓ। ਇਸ ਦੇ ਛਿੱਟੇ ਅੱਖਾਂ ’ਤੇ ਮਾਰੋ। ਅੱਖਾਂ ਦੀ ਰੋਸ਼ਨੀ ਵਧੇਗੀ। •



98726-10005



# ਮਾਂ ਦਾ ਦੁੱਧ ਬੱਚੇ ਲਈ ਵਰਦਾਨ



ਡਾ. ਅਰਪਿਤਾ ਸੀ ਰਾਜ
ਐੱਮਡੀ. (ਆਯੁਰਵੇਦ)

ਕੁਦਰਤੀ ਗੁਣਾਂ ਨਾਲ ਭਰਪੂਰ ਮਾਂ ਦਾ ਦੁੱਧ ਉੱਤਮ ਅਤੇ ਅੰਮ੍ਰਿਤ ਬਰਾਬਰ ਹੈ। ਮਾਂ ਦਾ ਦੁੱਧ ਵਿਸ਼ੇਸ਼ ਕਰਕੇ ਬੱਚੇ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਲਈ ਅਤੀ ਜ਼ਰੂਰੀ ਹੈ।

ਸਤਨਪਾਨ (ਬ੍ਰੇਸਟ ਫੀਡਿੰਗ) ਸੁਭਾਵਿਕ ਪ੍ਰਕਿਰਿਆ ਹੈ, ਜੋ ਮਾਂ ਬਣਨ ਦੇ ਸੁੱਖ ਦੇ ਬਾਅਦ ਵੱਖ- ਵੱਖ ਸਰੀਰਕ ਅਤੇ ਹਾਰਮੋਨਲ ਤਬਦੀਲੀਆਂ ਦੇ ਨਤੀਜੇ ਵਜੋਂ ਦ੍ਰਿਸ਼ਟੀਗੋਚਰ ਹੁੰਦੀ ਹੈ। ਸਤਨਪਾਨ ਪਿਆਰ ਦੀ ਅਨੋਖੀ ਉਦਾਹਰਣ ਹੈ। ਪਹਿਲੀ ਵਾਰ ਮਾਂ ਦਾ ਸੁੱਖ ਪਾਉਣ ਵਾਲੀਆਂ ਔਰਤਾਂ ਦੇ ਲਈ ਉਹ ਸੁਖਦ ਅਹਿਸਾਸ ਹੁੰਦਾ ਹੈ। ਛਾਤੀ ਵਿਚ ਕੁਦਰਤੀ ਰੂਪ ਵਿਚ ਦੁੱਧ ਆਉਂਦਾ ਹੈ, ਹਾਲਾਂਕਿ ਮਾਂ ਅਤੇ ਬੱਚੇ ਦੋਵਾਂ ਨੂੰ ਹੀ ਸਤਨਪਾਨ ਲਈ ਥੋੜ੍ਹਾ ਅਭਿਆਸੀ ਹੋਣਾ ਪੈਂਦਾ ਹੈ। ਜਨਮ ਤੋਂ ਬਾਅਦ 45 ਮਿੰਟ ਦੇ ਅੰਦਰ ਨਵਜੰਮੇ ਬੱਚੇ ਨੂੰ ਸਤਨਪਾਨ ਕਰਨ ਦੀ ਤੇਜ਼ ਇੱਛਾ ਹੁੰਦੀ ਹੈ। ਬਾਅਦ ਵਿੱਚ ਉਸ ਨੂੰ ਨੀਂਦ ਆਉਣ ਲੱਗਦੀ ਹੈ। ਇਸ ਲਈ ਉਸ ਨੂੰ ਜਲਦੀ ਤੋਂ ਜਲਦੀ ਸਤਨਪਾਨ ਕਰਵਾਉਣਾ ਚਾਹੀਦਾ ਹੈ।

**ਮਾਂ ਦੇ ਦੁੱਧ ਦਾ ਮਹੱਤਵ**

- ਮਾਂ ਦਾ ਦੁੱਧ ਬੱਚਿਆਂ ਲਈ ਕੁਦਰਤੀ ਦਾ ਸਰਬੋਤਮ ਭੋਜਨ ਹੈ।
- ਇਹ ਦੁੱਧ ਬੱਚੇ ਦੀ ਪਾਚਨ ਕ੍ਰਿਆ ਨੂੰ ਸਹੀ ਰੱਖਦਾ ਹੈ।
- ਮਾਂ ਦਾ ਦੁੱਧ ਬੱਚੇ ਦੇ ਸਰੀਰ ਦਾ ਤਾਪਮਾਨ ਨਾਰਮਲ ਰੱਖਣ ਵਿਚ ਮਦਦ ਕਰਦਾ ਹੈ।
- ਬੱਚੇ ਨੂੰ ਗਰਮਾਹਟ ਪ੍ਰਦਾਨ ਕਰਦਾ ਹੈ।
- ਸਕਿਨ ਤੋਂ ਸਕਿਨ ਦਾ ਸਪਰਸ਼ ਮਾਂ ਦੇ ਬੱਚੇ ਦੇ ਵਿਚਕਾਰ ਭਾਵਨਾਤਮਕ ਬੰਧਨ ਨੂੰ ਬੜਾਵਾ ਦਿੰਦਾ ਹੈ।

ਬੱਚੇ ਨੂੰ ਸਤਨਪਾਨ ਕਰਵਾਉਣ ਦੇ ਅਨੇਕ ਲਾਭ ਹਨ, ਜਿਨ੍ਹਾਂ ਬਾਰੇ ਮਾਂ ਨੂੰ ਜਾਣਕਾਰੀ ਰੱਖਣਾ ਜ਼ਰੂਰੀ ਹੈ।

**ਮਜ਼ਬੂਤ ਹੱਡੀਆਂ :** ਮਾਂ ਦੇ ਦੁੱਧ ਵਿਚ ਭਰਪੂਰ ਮਾਤਰਾ ਵਿਚ ਪ੍ਰੋਟੀਨ, ਵਿਟਾਮਿਨਜ਼ ਅਤੇ ਹੋਰ ਪੋਸ਼ਕ ਤੱਤ ਪਾਏ ਜਾਂਦੇ ਹਨ। ਇਹ ਪੋਸ਼ਕ ਤੱਤ ਬੱਚਿਆਂ ਦੀ ਹੱਡੀਆਂ ਨੂੰ ਮਜ਼ਬੂਤ ਕਰਨ ਦਾ ਕੰਮ ਕਰਦੇ ਹਨ।

**ਮਾਨਸਿਕ ਵਿਕਾਸ :** ਮਾਂ ਦੇ ਦੁੱਧ ਦਾ ਬੱਚਿਆਂ ਦੇ ਮਾਨਸਿਕ ਅਤੇ ਦਿਮਾਗੀ ਵਿਕਾਸ ਵਿਚ ਮਹੱਤਵਪੂਰਣ ਯੋਗਦਾਨ ਹੁੰਦਾ ਹੈ। ਇਹ ਬੱਚੇ ਦੀ ਯਾਦਦਾਸ਼ਤ, ਬੁੱਧੀ ਅਤੇ ਸੋਚਣ-ਸਮਝਣ ਦੀ ਸਮਰਥਾ ਵਿਚ ਵਾਧਾ ਕਰਦਾ ਹੈ।

**ਐਲਰਜੀ ਤੋਂ ਬੱਚਿਆਂ ਦੀ ਸੁਰੱਖਿਆ :** ਮਾਂ ਦੇ ਦੁੱਧ ਪੀਣ ਵਾਲੇ ਬੱਚਿਆਂ ਨੂੰ ਐਲਰਜੀ ਹੋਣ ਦੀ ਅਸ਼ੰਕਾ ਘੱਟ ਹੁੰਦੀ ਹੈ।

**ਮੋਟਾਪੇ ਤੋਂ ਬਚਾਅ :** ਬੱਚੇ ਨੂੰ ਸਤਨਪਾਨ ਕਰਵਾਉਣ ਨਾਲ ਉਸਦੇ ਵੱਡੇ ਹੋਣ ’ਤੇ ਮੋਟਾਪੇ ਤੋਂ ਗ੍ਰਸਤ ਹੋਣ ਦੀ ਅਸ਼ੰਕਾ ਘੱਟ ਹੋ ਜਾਂਦੀ ਹੈ।

**ਇਨਫੈਕਸ਼ਨ ਤੋਂ ਬਚਾਅ :** ਮਾਂ ਦਾ ਦੁੱਧ ਬੱਚੇ ਨੂੰ ਕਈ ਕਿਸਮ ਦੀ ਇਨਫੈਕਸ਼ਨ ਤੋਂ ਬਚਾਉਂਦਾ ਹੈ। ਕਿਉਂਕਿ ਨਵਜਨਮੇ ਬੱਚੇ ’ਚ ਰੋਗ ਪ੍ਰਤੀਰੋਧਕ ਤੰਤਰ ਪੂਰੀ ਤਰ੍ਹਾਂ ਵਿਕਸਿਤ ਨਹੀਂ ਹੁੰਦਾ, ਪਰ ਮਾਂ ਦੇ ਦੁੱਧ ਵਿਚ ਰੋਗ ਨਾਲ ਲੜਨ ਵਾਲੇ ਤੱਤ (ਐਂਟੀਬਾਡੀਜ਼) ਪਾਏ ਜਾਂਦੇ ਹਨ, ਜੋ ਬੱਚੇ ਦੇ ਸਰੀਰ ਵਿਚ ਐਂਟੀਬਾਡੀਜ਼ ਪੈਦਾ ਕਰਦੇ ਹਨ। ਇਹ ਐਂਟੀਬਾਡੀਜ਼ ਬੱਚੇ ਨੂੰ ਨਿਮੋਨੀਆ, ਸਰਦੀ-ਜ਼ੁਕਾਮ, ਪੇਟ ਦੀਆਂ ਸਮੱਸਿਆਵਾਂ, ਛਾਤੀ ਵਿਚ ਇਨਫੈਕਸ਼ਨ ਅਤੇ ਕੰਨ ਦੇ ਇਨਫੈਕਸ਼ਨ ਆਦਿ ਤੋਂ ਬਚਾਉਂਦੇ ਹਨ। ਮਾਂ ਦੇ ਦੁੱਧ ਵਿਚ ਪਹਿਲਾਂ ਤੋਂ ਮੌਜੂਦ ਐਂਟੀਬਾਡੀਜ਼ ਦੇ ਕਾਰਣ ਸਰੀਰ ਕਿਸੇ ਇਨਫੈਕਸ਼ਨ ਦੇ ਸੰਪਰਕ ਵਿਚ ਆਉਂਦੇ ਹੀ ਆਪਣੀ ਸੁਰੱਖਿਆ ਸ਼ੁਰੂ ਕਰ ਦਿੰਦਾ ਹੈ। ਸਤਨਪਾਨ ਦੇ ਦੌਰਾਨ ਇਹ ਐਂਟੀਬਾਡੀਜ਼ ਬੱਚੇ ਦੇ ਸਰੀਰ ਵਿਚ ਦਾਖ਼ਲ ਹੋ ਕੇ ਇਨਫੈਕਸ਼ਨ ਤੋਂ ਲੜਨ ਵਿਚ ਬੱਚੇ ਦੀ ਮਦਦ ਕਰਦੇ ਹਨ।

**ਸਤਨਪਾਨ ਨਾਲ ਮਾਂ ਨੂੰ ਲਾਭ :**

- ਸਤਨਪਾਨ ਦੌਰਾਨ ਆਕਸੀਟੋਸਿਨ ਨਾਮੀ ਹਾਰਮੋਨ ਦਾ ਰਿਸਾਬ ਹੁੰਦਾ ਹੈ ਜੋ ਮਾਂ ਨੂੰ ਤਣਾਅ ਨੂੰ ਮੁਕਤ ਰੱਖਦਾ ਹੈ। ਇਹ ਹਾਰਮੋਨ ਮਾਂ ਨੂੰ ਡਿਪ੍ਰੇਸ਼ਨ ਜਿਹੀਆਂ ਸਮੱਸਿਆਵਾਂ ਤੋਂ ਦੂਰ ਰੱਖਦਾ ਹੈ।
- ਸਤਨਪਾਨ ਕਰਵਾਉਣ ਵਾਲੀ ਮਾਂ ਨੂੰ ਬ੍ਰੇਸਟ ਅਤੇ ਓਵੇਰਿਅਨ ਕੈਂਸਰ ਹੋਣ ਦੀ ਸੰਭਾਵਨਾ ਘੱਟ ਜਾਂਦੀ ਹੈ।
- ਸਤਨਪਾਨ ਦੇ ਅਰਸੇ ਦੌਰਾਨ ਗਰਭਧਾਰਣ ਦਾ ਖਤਰਾ ਘੱਟ ਹੋ ਜਾਂਦਾ ਹੈ।

**ਆਯੁਰਵੇਦਿਕ ਔਸ਼ਧੀਆਂ**

ਸ਼ਤਾਵਰੀ, ਦਸ਼ਮੂਲ, ਪਿੱਪਲੀ ਚੂਰਣ, ਵਿਦਾਰੀਕੰਦ ਆਦਿ ਦਾ ਦੁੱਧ ਦੇ ਨਾਲ ਪ੍ਰਯੋਗ ਮਾਂ ਦੇ ਦੁੱਧ ਵਿਚ ਵਾਧਾ ਕਰਨ ਵਿਚ ਸਹਾਇਕ ਹਨ।

drarpitacraj@gmail.com

## ਹੋਮਿਓਪੈਥੀ ਨਾਲ ਸਬੰਧਤ ਇਹ ਮਿੱਠੀਆਂ ਗੋਲੀਆਂ ਬੜੀ ਛੋਟੀ ਤੇ ਨਿਗੂਣੀ ਜਿਹੀ ਚੀਜ਼ ਜਾਪਦੀਆਂ ਹਨ ਪਰ ਇਹ ਲਾਇਲਾਜ ਬਿਮਾਰੀਆਂ ਦਾ ਇਲਾਜ ਕਰ ਸਕਦੀਆਂ ਹਨ...



# ਹੋਮਿਓਪੈਥੀ ਕੀ ਹਨ ਮਿੱਠੀਆਂ ਗੋਲੀਆਂ?

ਡਾ. ਅਨਿਲ ਕੁਮਾਰ ਬੱਗਾ

ਜੋ ਨਿੱਕੀਆਂ-ਨਿੱਕੀਆਂ ਮਿੱਠੀਆਂ ਗੋਲੀਆਂ ਦਾ ਨਾਂ ਸੁਣਦਿਆਂ ਹੀ ਮੂੰਹ ’ਚ ਪਾਣੀ ਆ ਜਾਂਦਾ ਹੈ। ਮਿੱਠੀਆਂ ਗੋਲੀਆਂ ਜਵਾਨ, ਬੱਚੇ ਅਤੇ ਬਜ਼ੁਰਗਾਂ ਦੀ ਪਸੰਦ ਹਨ। ਮੈਂ ਉਨ੍ਹਾਂ ਮਿੱਠੀਆਂ ਗੋਲੀਆਂ ਦੀ ਗੱਲ ਨਹੀਂ ਕਰ ਰਿਹਾ, ਜੋ ਆਮ ਦੁਕਾਨਾਂ ਤੋਂ ਖਾਣ ਲਈ ਖ਼ਰੀਦੀਆਂ ਜਾ ਸਕਦੀਆਂ ਹਨ। ਮੈਂ ਗੱਲ ਕਰ ਰਿਹਾ ਹਾਂ ਹੋਮਿਓਪੈਥੀ ਨਾਲ ਸਬੰਧਤ ਮਿੱਠੀਆਂ ਗੋਲੀਆਂ ਦੀ। ਵੇਖਣ ਨੂੰ ਇਹ ਮਿੱਠੀਆਂ ਗੋਲੀਆਂ ਬੜੀ ਛੋਟੀ ਤੇ ਨਿਗੂਣੀ ਜਿਹੀ ਚੀਜ਼ ਜਾਪਦੀਆਂ ਹਨ ਪਰ ਇਹ ਲਾਇਲਾਜ ਬਿਮਾਰੀਆਂ ਦਾ ਇਲਾਜ ਕਰ ਸਕਦੀਆਂ ਹਨ। ਕਈ ਗ਼ਰੀਬੜੇ ਇਸ ਕਰਕੇ ਵੀ ਇਹ ਇਲਾਜ ਕਰਵਾ ਰਹੇ ਹਨ, ਕਿਉਂਕਿ ਐਲੋਪੈਥਿਕ ਇਲਾਜ ਕਾਫ਼ੀ ਮਹਿੰਗਾ ਹੈ। ਇਸ ਪੈਥੀ ਨੂੰ ਪ੍ਰਫੁੱਲਤ ਕਰਨ ਲਈ ਸਰਕਾਰ ਵੱਲੋਂ ਹੋਮਿਓਪੈਥਿਕ ਚੈਰੀਟੇਬਲ ਡਿਸਪੈਂਸਰੀਆਂ ਚਲਾ ਕੇ ਲੋਕਾਂ ਨੂੰ ਲਾਭ ਪਹੁੰਚਾਇਆ ਜਾ ਰਿਹਾ ਹੈ।

### ਹੋਮਿਓਪੈਥੀ ਦਾ ਖੋਜੀ

ਹੋਮਿਓਪੈਥੀ ਇਲਾਜ ਪ੍ਰਣਾਲੀ ਦੇ ਖੋਜੀ ਡਾ. ਸੈਮੁਅਲ ਹੈਨੇਮਨ ਦਾ ਜਨਮ 10 ਅਪ੍ਰੈਲ 1755 ਈਸਵੀ ਵਿਚ ਜਰਮਨ ਦੇ ਮੀਸ਼ਨ ਨਗਰ ’ਚ ਹੋਇਆ ਸੀ। ਡਾ. ਹੈਨੇਮਨ ਦਾ ਜੀਵਨ ਬਹੁਤ ਸੰਘਰਸ਼ਮਈ ਰਿਹਾ। ਉਨ੍ਹਾਂ ਦਾ ਪਰਿਵਾਰ ਅੰਤਾਂ ਦਾ ਗ਼ਰੀਬ ਸੀ। ਪਿਤਾ ਚੀਨੀ ਦੇ ਬਰਤਨਾਂ ’ਤੇ ਚਿੱਤਰਕਾਰੀ ਦਾ ਕੰਮ ਕਰਦੇ ਸਨ। ਡਾ. ਹੈਨੇਮਨ ਪੜ੍ਹਾਈ ਦੇ ਨਾਲ-ਨਾਲ ਕੰਮ ’ਚ ਪਿਤਾ ਦਾ ਹੱਥ ਵੀ ਵਟਾਉਂਦੇ ਸਨ। ਉਨ੍ਹਾਂ ਨੇ ਆਪਣੇ ਰਾਹ ’ਚ ਆਉਣ ਵਾਲੀਆਂ ਮੁਸ਼ਕਲਾਂ ਨੂੰ ਦਰਕਿਨਾਰ ਕਰਦੇ ਹੋਏ ਮੈਡੀਕਲ ਸਾਇੰਸ ’ਚ ਐੱਮਡੀ ਦੀ ਡਿਗਰੀ ਹਾਸਲ ਕੀਤੀ। ਉਹ ਰੋਜ਼ਾਨਾ ਜੀਵਨ ’ਚ ਵਰਤੀਆਂ ਜਾਣ ਵਾਲੀਆਂ ਦਵਾਈਆਂ ਦੇ ਨਤੀਜਿਆਂ ਤੋਂ ਸੰਤੁਸ਼ਟ ਨਹੀ ਸਨ। ਉਨ੍ਹਾਂ ਨੂੰ ਲਗਦਾ ਸੀ ਕਿ ਮੌਜੂਦਾ ਦਵਾਈਆਂ ਇਕ ਬਿਮਾਰੀ ਨੂੰ ਦਬਾ ਕੇ ਨਵੀਆਂ ਬਿਮਾਰੀਆਂ ਨੂੰ ਪੈਦਾ ਕਰ ਦਿੰਦੀਆਂ ਹਨ। ਆਪਣੀ ਖੋਜ ਦੌਰਾਨ ਉਨ੍ਹਾਂ ਨੇ ਸਿਨਕੋਨਾ ਦੀ ਛਾਲ ਆਪਣੇ ਸਰੀਰ ’ਤੇ ਵਰਤ ਕੇ ਇਹ ਸਿੱਧ ਕਰ ਦਿੱਤਾ ਕਿ ਜਿਹੜੀ ਦਵਾਈ ਇਕ ਤੰਦਰੁਸਤ ਮਨੁੱਖ ਨੂੰ ਦੇਣ ਨਾਲ ਜੋ ਅਲਾਮਤਾਂ ਪੈਦਾ ਹੁੰਦੀਆਂ ਹਨ, ਬਿਮਾਰੀ ਦੀ ਹਾਲਤ ਵਿਚ ਉਹ ਦਵਾਈਆਂ ਸੂਖ਼ਮ ਰੂਪ ਵਿਚ ਦੇਣ ਨਾਲ ਬਿਮਾਰੀ ਦੀਆਂ ਅਲਾਮਤਾਂ ਠੀਕ ਵੀ ਹੋ ਜਾਂਦੀਆਂ ਹਨ। ਇਸ ਸਿਧਾਂਤ ਨੂੰ ਮੁੱਖ ਰਖਦਿਆਂ ਹੋਏ 1782 ਵਿਚ ਡਾ. ਹੈਨਮੇਨ ਨੇ ਹੋਮਿਓਪੈਥੀ ਦੀ ਸ਼ੁਰੂਆਤ ਕੀਤੀ।

ਸਭ ਤੋਂ ਅਹਿਮ ਗੱਲ ਇਹ ਹੈ ਕਿ ਇਸ ਪੈਥੀ ਨੂੰ ਜਨਮ ਦੇਣ ਵਾਲਾ ਡਾਕਟਰ ਖ਼ੁਦ ਐਲੋਪੈਥੀ ਦਾ ਡਾਕਟਰ ਸੀ। ਇਸ ਪੈਥੀ ਦਾ ਇਲਾਜ ਦਾ ਤਰੀਕਾ ਫ਼ਲਸਫ਼ੇ ’ਤੇ ਆਧਾਰਿਤ ਹੈ ਕਿ ਲੋਹੇ ਨੂੰ ਲੋਹਾ ਹੀ ਕੱਟਦਾ ਹੈ, ਜ਼ਹਿਰ ਨੂੰ ਜ਼ਹਿਰ ਮਾਰਦੀ ਹੈ। ਜਿਨ੍ਹਾਂ ਡਾਕਟਰਾਂ ਨੇ ਇਸ ਸਿਧਾਂਤ ਨੂੰ ਲੈ ਕੇ ਪੈਥੀ ਦੀ ਵਰਤੋਂ ਕੀਤੀ, ਉਨ੍ਹਾਂ ਨੇ ਇਲਾਜ ਲਈ ਸੁੱਚੇ ਮੋਤੀ ਲੱਭ ਲਏ ਤੇ ਜਿਨ੍ਹਾਂ ਨੇ ਇਸ ਪੈਥੀ ਨੂੰ ਐਲੋਪੈਥੀ ਦਵਾਈ ਵਾਂਗ ਵਰਤਿਆ, ਉਨ੍ਹਾਂ ਡਾਕਟਰਾਂ ਨੇ ਮਰੀਜ਼ਾਂ ਦੀ ਸਿਹਤ ਨਾਲ ਖਿਲਵਾੜ ਹੀ ਕੀਤਾ ਹੈ। ਇਕ ਪਾਸੇ ਤਾਂ ਇਸ ਪੈਥੀ ਦੀਆਂ ਮਿੱਠੀਆਂ ਗੋਲੀਆਂ ਚੂਸੀ ਜਾਓ ਤੇ ਰੋਗ-ਮੁਕਤ ਹੋ ਜਾਓ ਨਾ ਕੋਈ ਗਿਲ੍ਹਾ, ਨਾ ਕੋਈ ਸ਼ਿਕਵਾ ਤੇ ਨਾ ਹੀ ਬਹੁਤੀ ਜੇਬ ਢਿੱਲੀ ਕਰਨੀ ਪੈਂਦੀ ਹੈ। ਦੂਜੇ ਪਾਸੇ, ਐਲੋਪੈਥੀ ਦੀਆਂ ਰੰਗ-ਬਰੰਗੀਆਂ ਗੋਲੀਆਂ ਤੇ ਕੌੜੇ ਸਿਰਪ ਦੇਖ ਕੇ ਕਲੇਜਾ ਬਾਹਰ ਨੂੰ ਆਉਂਦਾ ਹੈ। ਸਧਾਰਨ ਬੁਖ਼ਾਰ ਨੂੰ ਠੀਕ ਕਰਨ ਲਈ ਐਲੋਪੈਥਿਕ ਡਾਕਟਰ 400-500 ਰੁਪਏ ਖ਼ਰਚ ਕਰਵਾ ਦਿੰਦਾ ਹੈ। ਲੈਬੋਰਟਰੀ ਟੈਸਟਾਂ ਦੇ ਖ਼ਰਚੇ ਵੱਖਰੇ ਤੌਰ ’ਤੋਂ ਝੱਲਣੇ ਪੈਂਦੇ ਹਨ। ਇਸ ਦਾ ਮਤਲਬ ਇਹ ਨਹੀਂ ਕਿ ਅੰਗਰੇਜ਼ੀ ਦਵਾਈਆਂ ਮਾੜੀਆਂ ਹਨ ਪਰ ਜਦ ਟੀਕੇ ਦੀ ਗੱਲ ਆਉਂਦੀ ਹੈ ਤਾਂ ਵੱਡੇ-ਵੱਡੇ ਪਹਿਲਵਾਨ ਚਿੱਤ ਹੋ ਜਾਂਦੇ ਹਨ। ਐਲੋਪੈਥੀ (ਅੰਗਰੇਜ਼ੀ ਦਵਾਈਆਂ) ਇਲਾਜ ਵਿਚ ਚੀਰ-ਫਾੜ ਦੇ ਨਾਂ ਤੋਂ ਡਰਦੇ ਕਈ ਮਰੀਜ਼ ਸਾਰੀ ਉਮਰ ਬਿਮਾਰੀਆਂ ਨੂੰ ਢਾਹੁੰਦੇ ਰਹਿੰਦੇ ਹਨ। ਅਜਿਹੇ ਡਰੇ ਹੋਏ ਮਰੀਜ਼ਾਂ ਲਈ ਹੋਮਿਓਪੈਥੀ ਸਹਾਰਾ ਸਿੱਧ ਹੁੰਦੀ ਹੈ।

ਡਾਕਟਰ ਹੈਨੇਮਨ ਨੇ ਆਪਣੀ ਇਸ ਇਲਾਜ ਵਿਧਾ ਨਾਲ ਵੱਡੀਆਂ-ਵੱਡੀਆਂ ਬਿਮਾਰੀਆਂ ਨੂੰ ਛੋਟੀਆਂ-ਛੋਟੀਆਂ ਗੋਲੀਆਂ ਨਾਲ ਠੀਕ ਕਰਨ ਦਾ ਚਮਤਕਾਰ ਕਰ ਕੇ ਦਿਖਾਇਆ ਹੈ। ਇਨ੍ਹਾਂ ਗੋਲੀਆਂ ’ਚ ਰਚੀਮਿਚੀ ਦਵਾਈ ਦਾ ਮਜ਼ਾ ਹੀ ਵੱਖਰਾ ਹੈ। ਜਿੰਨੀਆਂ ਗੋਲੀਆਂ ਡਾਕਟਰ ਨੇ ਲੈਣ ਵਾਸਤੇ ਕਹੀਆਂ ਹਨ, ਓਨੀਆਂ ਹੀ ਗੋਲੀਆਂ ਮੂੰਹ ਵਿਚ ਪਾ ਲਓ ਤੇ ਚੂਸੀ ਜਾਓ। ਇਹ ਵੀ ਯਾਦ ਰੱਖੋ ਕਿ ਇਹ ਚੂਸਣੀਆਂ ਹਨ, ਨਾ ਕਿ ਨਿਗਲਣੀਆਂ ਹਨ, ਕਿਉਂਕਿ ਇਨ੍ਹਾਂ ਦਵਾਈਆਂ ਦਾ ਅਸਰ ਜੀਭ ਤੋਂ ਸ਼ੁਰੂ ਹੁੰਦਾ ਹੈ। ਕਿੰਨਾ ਸੌਖਾ, ਸਸਤਾ ਤੇ ਟਿਕਾਊ ਇਲਾਜ ਹੈ ਪਰ ਫਿਰ ਪਤਾ ਨਹੀਂ ਕਿਉਂ ਲੋਕ ਐਲੋਪੈਥੀ ਇਲਾਜ ਵੱਲ ਛੇਤੀ ਜਾਂਦੇ ਹਨ।

ਦੋ ਸਾਲ ਪਹਿਲਾਂ ਮੈਨੂੰ ਸਿਰਦਰਦ ਦੀ ਤਕਲੀਫ਼ ਹੋਈ। ਵੱਡੇ-ਵੱਡੇ ਮਾਹਿਰ ਡਾਕਟਰਾਂ ਨੂੰ ਵੀ ਮਰਜ਼ ਦੀ ਸਮਝ ਨਾ ਆਵੇ। ਡਾਕਟਰਾਂ ਨੇ ਕਮਿਸ਼ਨਾਂ ਵਾਲੇ ਮਹਿੰਗੇ ਟੈਸਟ ਵੀ ਕਰਵਾ ਲਏ। ਇੰਨੇ ਪੈਸੇ ਖ਼ਰਚਣ ਤੋਂ ਬਾਅਦ ਡਾਕਟਰ ਕਹਿਣ ਲੱਗਾ ਕਿ ਇਹ ਮਾਈਗਰੇਨ ਦਾ ਦਰਦ ਹੈ, ਠੀਕ ਨਹੀਂ ਹੋ ਸਕਣਾ ਇਸ ਨੂੰ ਸਿਰਫ਼ ਕੰਟਰੋਲ ਕੀਤਾ ਜਾ ਸਕਦਾ ਹੈ। ਮੈਨੂੰ ਆਪਣੇ ਆਪ ਨੂੰ ਠੀਕ ਰੱਖਣ ਲਈ ਮਿੱਠੀਆਂ ਗੋਲੀਆਂ ਵਾਲੇ ਡਾਕਟਰ ਦੀ ਯਾਦ ਆਈ। ਮੈਂ ਉਸ ਕੋਲ ਗਿਆ। ਇਹ ਗੱਲ ਬੜੀ ਅਜੀਬ ਹੈ ਕਿ ਇਲਾਜ ਸਿਰਦਰਦ ਦਾ ਹੋ ਰਿਹਾ ਸੀ ਪਰ ਡਾਕਟਰ ਨੇ ਬਿਮਾਰੀ ਦੀ ਪੜਤਾਲ ਲਈ ਸਾਰੇ ਘਰ ਦੀ ਹਿਸਟਰੀ ਪੁੱਛ ਕੇ ਮੈਨੂੰ ਦੋ ਘੰਟੇ ਕੈਬਿਨ ’ਚ ਬਿਠਾਈ ਰੱਖਿਆ ਜਿਵੇਂ, ਮੈਂ ਕੋਈ ਸਜ਼ਾ-ਯਾਫਤਾ ਕੈਦੀ ਹੋਵਾਂ। ਹੈਰਾਨੀ ਤਾਂ ਉਦੋਂ ਹੋਈ, ਜਦੋਂ ਅਸਰ ਪਹਿਲੇ ਦਿਨ ਹੀ ਸ਼ੁਰੂ ਹੋ ਗਿਆ। ਸਾਲਾਂਬੱਧੀ ਚੱਲਣ ਵਾਲੀ ਬਿਮਾਰੀ ਇਕ ਮਹੀਨੇ ਵਿਚ ਠੀਕ ਹੋ ਗਈ, ਜਿਸ ਦਾ ਅਸਰ ਦੇਖ ਕੇ ਸਭ ਨੂੰ ਹੈਰਾਨੀ ਹੋਈ ਕਿ ਸਿਰ ’ਤੇ ਰੁਮਾਲ ਬੰਨ੍ਹਣ ਵਾਲਾ ਇਹ ਵਿਅਕਤੀ ਹੁਣ ਸਿਰਦਰਦ ਹੋਣ ਦਾ ਰੌਲਾ ਨਹੀਂ ਪਾਉਂਦਾ।

ਆਮ ਲੋਕਾਂ ਦੇ ਮਨ ਵਿਚ ਇਸ ਇਲਾਜ ਸਬੰਧੀ ਬਹੁਤ ਸਾਰੇ ਭਰਮ-ਭੁਲੇਖੇ ਦੇਖ ਕੇ ਮੈਂ ਬੜਾ ਹੈਰਾਨ ਹੁੰਦਾ ਹੈ। ਕੋਈ ਕਹਿੰਦਾ ਹੈ ਕਿ ਇਹ ਦਵਾਈਆਂ ਲੇਟ ਅਸਰ ਕਰਦੀਆਂ ਹਨ, ਇਲਾਜ ਲੰਬਾ ਹੈ, ਪਰਹੇਜ਼ ਬਹੁਤ ਕਰਨੇ ਪੈਂਦੇ ਹਨ ਤੇ ਕੋਈ ਕਹਿੰਦਾ ਹੈ ਕਿ ਵੱਡੀਆਂ ਬਿਮਾਰੀਆਂ ਲਈ ਇਹ ਛੋਟੀਆਂ ਜਿਹੀਆਂ ਗੋਲੀਆਂ ਕਿਵੇਂ ਕਾਰਗਰ ਹੋ ਸਕਦੀਆਂ ਹਨ, ਕੋਈ ਕਹਿੰਦਾ ਹੈ ਕਿ ਵੱਖ-ਵੱਖ ਬਿਮਾਰੀਆਂ ਨੂੰ ਇਕੋ ਜਿਹੀਆਂ ਮਿੱਠੀਆਂ ਗੋਲੀਆਂ ਨਾਲ ਠੀਕ ਕਰਨਾ ਕਿੱਥੋਂ ਦੀ ਸਮਝਦਾਰੀ ਹੈ। ਇਨ੍ਹਾਂ ਨੂੰ ਕੌਣ ਸਮਝਾਏ ਕਿ ਮਿੱਠੀਆਂ ਗੋਲੀਆਂ ਕੇਵਲ ਵਾਹਕ ਜਾਂ ਜ਼ਰੀਆ ਹਨ, ਅਸਲ ਦਵਾਈਆਂ ਤਾਂ ਮਦਰ ਟਿੰਕਚਰ ਦੇ ਰੂਪ ਵਿਚ ਇਨ੍ਹਾਂ ਮਿੱਠੀਆਂ ਗੋਲੀਆਂ ’ਚ ਰਚੀ-ਮਿਚੀ ਹੁੰਦੀ ਹੈ। ਸੱਚ ਮੰਨੋ ਤਾਂ ਇਹ ਇਲਾਜ ਸਾਨੂੰ ਰੋਗਾਂ ਨਾਲ ਲੜਨ ਦੀ ਸ਼ਕਤੀ ਬਖ਼ਸ਼ਦਾ ਹੈ, ਜਿਸ ਨੂੰ ਡਾਕਟਰੀ ਭਾਸ਼ਾ ਵਿਚ ‘ਇਮਿਊਨ ਸਿਸਟਮ’ ਆਖਦੇ ਹਨ। ਭਾਵੇਂ ਇਹ ਇਲਾਜ ‘ਹਿੰਗ ਲੱਗੇ ਨਾ ਫਟਕੜੀ ਰੰਗ ਚੋਖਾ’ ਵਰਗਾ ਹੈ ਪਰ ਇਸ ਪੈਥੀ ਦੇ ਡਾਕਟਰਾਂ ਨੇ ਵੀ ਮਰੀਜ਼ਾਂ ਦੀਆਂ ਜੇਬਾਂ ’ਤੇ ਡਾਕੇ ਮਾਰਨੇ ਸ਼ੁਰੂ ਕਰ ਦਿੱਤੇ ਹਨ। ਸਸਤਾ ਅਖਵਾਉਣ ਵਾਲਾ ਇਲਾਜ ਅਮੀਰਾਂ ਦੇ ਘਰਾਂ ਦਾ ਸ਼ਿੰਗਾਰ ਬਣਦਾ ਜਾ ਰਿਹਾ ਹੈ।

ਇਸ ਸਬੰਧੀ ਮੈਂ ਆਪਣੇ ਡਾਕਟਰ ਨਾਲ ਗੱਲ ਕੀਤੀ ਤਾਂ ਉਸ ਨੇ ਕਿਹਾ ਕਿ ਸਾਡਾ ਕੰਮ ਦੂਜੇ ਡਾਕਟਰਾਂ ਨਾਲੋਂ ਔਖਾ ਹੈ। ਸਾਨੂੰ ਹਜ਼ਾਰਾਂ ਲੱਖਾਂ ਦਵਾਈਆਂ ਦੇ ਭੰਡਾਰ ਵਿਚੋਂ ਕੇਵਲ ਇਕ ਹੀ ਦਵਾਈ ਦੀ ਚੋਣ ਕਰਨੀ ਪੈਂਦੀ ਹੈ, ਜੋ ਮਰਜ਼ ਨੂੰ ਨਹੀਂ, ਸਗੋਂ ਮਰੀਜ਼ ਦੇ ਸਮੁੱਚੇ ਸਰੀਰ ਨੂੰ ਰੋਗ-ਮੁਕਤ ਕਰਦੀ ਹੈ। ਇਸ ਲਈ ਸਾਡੀਆਂ ਫੀਸਾਂ ਜ਼ਿਆਦਾ ਹਨ ਪਰ ਹਾਲੇ ਵੀ ਅਜਿਹੀਆਂ ਨੇਕ ਰੂਹਾਂ ਹਨ ਜੋ ਹਫ਼ਤੇ ਦੀ ਦਵਾਈ ਦੇ 10 ਜਾਂ 20 ਰੁਪਏ ਲੈ ਕੇ ਮਰੀਜ਼ਾਂ ਨੂੰ ਰੋਗ-ਮੁਕਤ ਕਰ ਰਹੀਆਂ ਹਨ। •

97798-84393



# ਆਉਂਦੀ ਕੁੜੀਏ ਜਾਂਦੀ ਕੁੜੀਏ...

**ਸੁਖਦੇਵ ਮਾਦਪੁਰੀ**

'ਆਉਂਦੀ ਕੁੜੀਏ ਜਾਂਦੀਏ ਕੁੜੀਏ' ਪੰਜਾਬੀ ਲੋਕ-ਕਾਵਿ ਦਾ ਲੋਪ ਹੋ ਰਿਹਾ ਵਲੱਖਣ ਕਾਵਿ ਰੂਪ ਹੈ ਜਿਸ ਨੂੰ ਵਿਆਹ ਦੇ ਅਵਸਰ ਤੇ ਮੇਲਣਾਂ, ਬੜੇ ਚਾਵਾਂ ਨਾਲ਼ ਗਾਉਂਦੀਆਂ ਹਨ। ਇਹ ਸਿੱਠਣੀਆਂ ਦਾ ਹੀ ਇੱਕ ਹੋਰ ਰੂਪ ਹੈ ਜੋ ਮਾਲਵੇ ਵਿਚ ਹੀ ਪ੍ਰਚੱਲਤ ਰਿਹਾ ਹੈ। ਇਹ ਉੱਚੀ ਸੁਰ ਤੇ ਸਮੂਹਕ ਰੂਪ ਵਿਚ, ਚਲਦਿਆਂ-ਚਲਦਿਆਂ ਗਾਏ ਜਾਣ ਵਾਲੇ ਹਾਸ-ਵਿਅੰਗ ਭਰਪੂਰ ਲੋਕ ਗੀਤ ਹਨ ਜਿਨ੍ਹਾਂ ਨੂੰ ਗਾ ਕੇ ਔਰਤਾਂ ਆਪਣੇ ਦਿਲਾਂ ਦੇ ਗੁਭ-ਗੁਭਾੜ ਹੀ ਨਹੀਂ ਕੱਢਦੀਆਂ ਬਲਕਿ ਸਮੁੱਚੇ ਵਾਤਾਵਰਣ ਵਿਚ ਹਾਸ-ਵਿਨੋਦ ਦਾ ਸੰਚਾਰ ਵੀ ਕਰਦੀਆਂ ਹਨ। ਇਨ੍ਹਾਂ ਗੀਤਾਂ ਵਿਚ ਪੌਣੀ ਸਦੀ ਪਹਿਲਾਂ ਦੇ ਪੇਂਡੂ ਪੰਜਾਬ ਦੇ ਇਤਿਹਾਸ ਦੇ ਅਵਿਸ਼ੇਸ਼ ਵਿਦਮਾਨ ਹਨ ਜਿਨ੍ਹਾਂ ਵਿੱਚੋਂ ਪੁਰਾਣੇ ਪੰਜਾਬ ਦੇ ਸਮਾਜਿਕ ਤੇ ਸੱਭਿਆਚਾਰਕ ਦ੍ਰਿਸ਼ ਸਾਫ਼ ਦਿਸ ਆਉਂਦੇ ਹਨ।

ਓਦੋਂ ਵਿਆਹ ਦਾ ਅਵਸਰ ਸਮੁੱਚੇ ਭਾਈਚਾਰੇ ਲਈ ਖ਼ੁਸ਼ੀਆਂ ਦਾ ਢੋਆ ਲੈ ਕੇ ਆਉਂਦਾ ਸੀ ਤੇ ਪੰਜਾਬ ਦਾ ਲੋਕ ਮਾਨਸ ਇਸ ਦੇ ਪਲ-ਪਲ ਨੂੰ ਮਾਣਦਾ ਹੋਇਆ ਆਪਣੇ ਪੱਬ ਧਰਤੀ 'ਤੇ ਨਹੀਂ ਸੀ ਲਾਉਂਦਾ। ਔਰਤਾਂ ਅੱਜ ਵਾਂਗ ਬਰਾਤ ਵਿਚ ਸ਼ਾਮਲ ਨਹੀਂ ਸੀ ਹੁੰਦੀਆਂ। ਓਧਰ ਧੂੜਾਂ ਪੁੱਟਦਿਆਂ ਬਰਾਤ ਨੇ ਤੁਰਨਾ ਇਧਰ ਵਿਆਹ ਵਾਲੇ ਘਰ ਨਾਨਕਾ ਮੇਲ਼ ਅਤੇ ਹੋਰ ਰਿਸ਼ਤੇਦਾਰੀਆਂ 'ਚੋਂ ਆਈਆਂ ਮੇਲਣਾਂ ਨੇ ਨੱਚ ਟੱਪ ਕੇ ਕੋਈ ਸਮਾਂ ਬੰਨ੍ਹ ਦੇਣਾ-ਕਿਧਰੇ ਛੱਜ ਕੁਟਣੇ, ਕਿਧਰੇ ਗਿੱਧੇ-ਫਤੂਹੇ ਨੇ ਮੱਘ ਪੈਣਾ ਤੇ ਕਿਧਰੇ ਜਾਗੋ ਕੱਢਣੀ।

ਘੋੜ੍ਹੂ ਪਾਉਂਦੀਆਂ ਚਾਵਾਂ ਮੱਤੀਆਂ ਮੇਲਣਾਂ ਨੇ ਜਦੋਂ ਵਿਆਹ ਵਾਲੇ ਘਰ ਤੋਂ ਸਵੇਰ-ਸ਼ਾਮ ਬਾਹਰ ਬੈਠਣ ਲਈ ਜਾਣਾ ਜਾਂ ਸ਼ਰੀਕੇ ਵਿਚ ਪਰੋਸੇ ਫੇਰਨ ਜਾਂ ਜਠੇਰਿਆਂ ਤੇ ਮੱਥਾ ਟਕਾਉਣ ਲਈ ਬਾਹਰ ਨਿਕਲਣਾ ਤਾਂ ਸਾਰੀਆਂ ਮੇਲਣਾਂ ਨੇ ਤੁਰਦਿਆਂ ਫਿਰਦਿਆਂ ਸਮੂਹਕ ਰੂਪ ਵਿਚ 'ਆਉਂਦੀ ਕੁੜੀਏ ਜਾਂਦੀਏ ਕੁੜੀਏ' ਨਾਮੀ ਗੀਤ ਲੰਮੀ ਹੇਕ ਨਾਲ ਗਾ ਕੇ ਆਪਣੀ ਹੋਂਦ ਦਾ ਅਹਿਸਾਸ ਕਰਵਾਉਣਾ! ਵਿਆਹੀਆਂ ਔਰਤਾਂ-ਮੁਟਿਆਰਾਂ ਘੱਗਰੇ ਪਾਉਂਦੀਆਂ ਸਨ ਤੇ ਅਲ੍ਹੜ ਮੁਟਿਆਰਾਂ ਫਬਵੇਂ ਰੰਗ-ਬਰੰਗੇ ਸੂਟਾਂ ਵਿਚ ਸਜੀਆਂ ਮਨੋਹਰ ਨਜ਼ਾਰਾ ਪੇਸ਼ ਕਰਦੀਆਂ ਹਨ। ਉਨ੍ਹਾਂ ਤੁਰਨ ਸਮੇਂ ਮੰਗਲਾ ਚਰਨ ਵਜੋਂ ਗੁਰੂਆਂ ਨੂੰ ਯਾਦ ਕਰਦਿਆਂ ਗੀਤ ਆਰੰਭ ਦੇਣੇ :

*ਆਉਂਦੀ ਕੁੜੀਏ ਜਾਂਦੀ ਕੁੜੀਏ*
*ਚੱਕ ਲਿਆ ਬਜ਼ਾਰ ਵਿੱਚੋਂ ਕਾਨਾ*
*ਭਗਤੀ ਦੋ ਕਰਗੇ*
*ਗੁਰੂ ਨਾਨਕ ਤੇ ਮਰਦਾਨੇ*
*ਭਗਤੀ ਦੋ ਕਰਗੇ...*

*ਕਿਸੇ ਗੋਬਿੰਦ ਦਾ ਜਸ ਗਾਉਣਾ :*
*ਆਉਂਦੀ ਕੁੜੀਏ ਜਾਂਦੀ ਕੁੜੀਏ*
*ਬਹਿ ਪਟੜੇ ਪਰ ਨਾਹ ਲੈ*
*ਭਜਨ ਕਰ ਗੋਬਿੰਦ ਦਾ*
*ਮੁੱਖੋਂ ਮੰਗੀਆਂ ਮੁਰਾਦਾਂ ਪਾ ਲੈ*
*ਭਜਨ ਕਰ ਗੋਬਿੰਦ ਦਾ...*

ਕਿਸੇ ਝਾਂਜਰਾਂ ਵਾਲੀ ਨੇ ਸ਼ਰੀਕੇ ਵਾਲਿਆਂ ਨੂੰ ਸੱਦਾ ਦੇਣਾ :

*ਆਉਂਦੀ ਕੁੜੀਏ ਜਾਂਦੀ ਕੁੜੀਏ*
*ਭਰ ਲਿਆ ਕਣਦ ਦੀ ਥਾਲ਼ੀ*
*ਭੋਗ ਪੈਂਦਾ ਖੰਡ ਪਾਠ ਦਾ*
*ਸੱਦਾ ਦੇਗੀ ਝਾਜਰਾਂ ਵਾਲੀ*
*ਭੋਗ ਪੈਂਦਾ ਖੰਡ ਪਾਠ ਦਾ...*

ਭਗਤੀ ਭਾਵਨਾ ਵਾਲੇ ਗੀਤਾਂ ਤੋਂ ਬਾਅਦ ਉਨ੍ਹਾਂ ਵੀਰ-ਪਿਆਰ ਦੀ ਭਾਵਨਾ ਵਾਲੇ ਗੀਤ ਆਰੰਭ ਦੇਣੇ। ਭੈਣ ਤਾਂ ਮਾਣ-ਤਾਣ ਦੀ ਭੁੱਖੀ ਹੈ :

*ਆਉਂਦੀ ਕੁੜੀਏ ਜਾਂਦੀ ਕੁੜੀਏ*
*ਚੱਕ ਲਿਆ ਬਜ਼ਾਰ ਵਿੱਚੋਂ ਝਾਵਾਂ*
*ਕਹਿ ਦਿਉ ਮੇਰੇ ਚੰਦ ਵੀਰ ਨੂੰ*
*ਮੇਰੀ ਆਮਨਾ ਰੱਖੇ ਤਾਂ ਆਵਾਂ*
*ਕਹਿ ਦਿਉ ਮੇਰੇ ਚੰਦ ਵੀਰ ਨੂੰ...*

ਭੈਣਾਂ ਤਾਂ ਵੀਰ ਦਾ ਪਿਆਰ ਲੋਚਦੀਆਂ ਹਨ, ਜੇ ਪਿਆਰ ਹੀ ਨਾ ਮਿਲੇ ਤਾਂ ਹਰਖਣਾਂ ਤਾਂ ਜਾਇਜ਼ ਹੀ ਹੈ :

ਆਉਂਦੀ ਕੁੜੀਏ ਜਾਂਦੀ ਕੁੜੀਏ
ਚੱਕ ਲਿਆ ਬਜ਼ਾਰ ਵਿੱਚੋਂ ਖੀਰਾ
ਹਰਖਾਂ ਨਾਲ ਮੈਂ ਭਰਗੀ
ਮੇਰਾ ਸਿਰ ਨਾ ਪਲੋਸਿਆ ਵੀਰਾ
ਹਰਖਾਂ ਨਾਲ ਮੈਂ ਭਰਗੀ...

ਕੋਈ ਭੈਣ ਨਹੀਂ ਚਾਹੁੰਦੀ ਕਿ ਉਹਦਾ ਭਰਾ ਉਹਦੇ ਨਾਲੋ ਨਾਤਾ ਤੋੜ ਲਵੇ :

ਆਉਂਦੀ ਕੁੜੀਏ ਜਾਂਦੀ ਕੁੜੀਏ
ਰਿਝਦੀ ਖੀਰ ਵਿਚ ਡੋਈ
ਟੁੱਟ ਕੇ ਨਾ ਬਹਿਜੀਂ ਵੀਰਨਾ
ਭੈਣਾਂ ਵਰਗਾ ਸਾਕ ਨਾ ਕੋਈ
ਟੁਟਕੇ ਨਾ ਬਹਿਜੀਂ ਵੀਰਨਾ...

ਭੈਣ ਵੀਰ ਦਾ ਮੁਖੜਾ ਤੱਕਦੇ ਸਾਰ ਹੀ ਖਿੜ ਜਾਂਦੀ ਹੈ। ਜਦੋਂ ਉਹ ਨਵੀਂ ਵਹੁਟੀ ਲੈ ਕੇ ਘਰ ਆਉਂਦਾ ਹੈ ਤਾਂ ਬਾਬਲ ਦਾ ਘਰ ਚਾਨਣ ਨਾਲ ਭਰ ਜਾਂਦਾ ਹੈ :

*ਆਉਂਦੀ ਕੁੜੀਏ ਜਾਂਦੀ ਕੁੜੀਏ*
*ਚਕ ਲਿਆਂ ਬਜ਼ਾਰ ਵਿੱਚੋਂ ਡੋਈ*
*ਵੀਰ ਘਰ ਆਉਂਦੇ ਨੂੰ*
*ਚੰਦ ਵਰਗੀ ਰੋਸ਼ਨੀ ਹੋਈ*
*ਵੀਰ ਘਰ ਆਉਂਦੇ ਨੂੰ...*

ਵੀਰਾਂ ਦੇ ਘਰ ਜਦੋਂ ਖ਼ੁਸ਼ੀਆਂ ਆਉਂਦੀਆਂ ਹਨ ਉਦੋਂ ਭੈਣਾਂ ਉਨ੍ਹਾਂ ਪਾਸੋਂ ਗਹਿਣੇ ਦੀ ਸੁਗਾਤ ਮੰਗਦੀਆਂ ਹਨ :

*ਆਉਂਦੀ ਕੁੜੀਏ ਜਾਂਦੀ ਕੁੜੀਏ*
*ਹਰੀਆਂ ਹਰੀਆਂ ਕਣਕਾਂ*
*ਉੱਤੇ ਉੱਡਣ ਭੰਬੀਰੀਆਂ*
*ਬੋਲੋ ਵੀਰੋ ਵੇ*
*ਭੈਣਾਂ ਮੰਗਣ ਜੰਜੀਰੀਆਂ...*

ਸਮਾਜਿਕ ਆਰਥਿਕ ਕਾਰਨਾਂ ਕਾਰਨ ਕਈ ਵੇਰ ਵੀਰ ਭੈਣਾਂ ਨਾਲੋਂ ਨਾਤਾ ਤੋੜ ਲੈਂਦੇ ਹਨ ਤਾਂ ਭੈਣ ਦਾ ਦੁੱਖ ਝਲਿਆ ਨੀ ਜਾਂਦਾ :

*ਆਉਂਦੀ ਕੁੜੀਏ ਜਾਂਦੀ ਕੁੜੀਏ*
*ਅੱਗੇ ਤਾਂ ਭੈਣਾਂ ਨੂੰ ਭਾਈ ਲੈਣ ਆਉ*
*ਹੁਣ ਕਿਉਂ ਆਉਂਦੇ ਨਾਈ*
*ਮੁਹੱਬਤਾਂ ਤੋੜ ਗਏ*
*ਭੈਣਾਂ ਨਾਲੋਂ ਭਾਈ*
*ਮੁਹੱਬਤਾਂ ਤੋੜ ਗਏ...*

ਪੰਜਾਬ ਵਿਚ ਚੱਲੀਆਂ ਸਮਾਜ ਸੁਧਾਰ ਲਹਿਰਾਂ-ਅਕਾਲੀ ਲਹਿਰ, ਸਿੰਘ ਸਭਾ ਲਹਿਰ, ਆਜ਼ਾਦੀ ਲਹਿਰ ਅਤੇ ਸੰਸਾਰ ਜੰਗਾਂ ਦੇ ਪ੍ਰਭਾਵ ਨੂੰ ਵੀ ਪੰਜਾਬ ਦੀ ਔਰਤ ਦੀ ਚੇਤਨਾ ਨੇ ਕਬੂਲਿਆ ਹੈ। ਇਨ੍ਹਾਂ ਲਹਿਰਾਂ ਦਾ ਗੀਤਾਂ ਵਿਚ ਜ਼ਿਕਰ, ਇਨ੍ਹਾਂ ਗੀਤਾਂ ਦੀ ਇਤਿਹਾਸਕ ਤੇ ਸਮਾਜਿਕ ਮਹੱਤਤਾ ਨੂੰ ਮੂਰਤੀਮਾਨ ਕਰਦਾ ਹੈ।

ਦੀਵਾਨ ਵਿਚ ਬੈਠੇ ਸਿੰਘ ਸਭੀਏ ਭਰਾ ਦੀ ਵਾਸ਼ਨਾ ਉਸ ਨੂੰ ਫੁੱਲਾਂ ਸਮਾਨ ਜਾਪਦੀ ਹੈ :

*ਆਉਂਦੀ ਕੁੜੀਏ ਜਾਂਦੀ ਕੁੜੀਏ*
*ਵਿਚ ਨਾ ਹੁੱਕੇ ਵਾਲਾ ਆਵੇ*
*ਸਭਾ ਦੇ ਵਿਚ ਰੰਗ ਵੀਰ ਦਾ*
*ਸਾਨੂੰ ਵਾਸ਼ਨਾ ਫੁੱਲਾਂ ਦੀ ਆਵੇ*
*ਸਭਾ ਦੇ ਵਿਚ ਰੰਗ ਵੀਰ ਦਾ*

ਆਜ਼ਾਦੀ ਲਹਿਰ ਬਾਰੇ ਵੀ ਪੰਜਾਬ ਦੀ ਮੁਟਿਆਰ ਚੇਤੰਨ ਹੈ :

*ਆਉਂਦੀ ਕੁੜੀਏ ਜਾਂਦੀ ਕੁੜੀਏ*
*ਸਿਰ 'ਤੇ ਟੋਕਰਾ ਨਰੰਗੀਆਂ ਦਾ*
*ਕਿੱਥੇ ਰੱਖਾਂ ਵੇ ਕਿੱਥੇ ਰੱਖਾਂ ਵੇ*
*ਰਾਜ ਫਰੰਗੀਆਂ ਦਾ*
*ਕਿੱਥੇ ਰੱਖਾਂ ਵੇ...*

ਸਮਾਜਕ ਅਤੇ ਰਾਜਸੀ ਚੇਤਨਾ ਵਾਲੇ ਗੀਤਾਂ ਤੋਂ ਇਲਾਵਾ ਮੇਲਣਾ ਹਾਸੇ-ਠੱਠੇ ਦਾ ਮਾਹੌਲ ਪੈਦਾ ਕਰਨ ਲਈ ਨਸੰਗ ਹੋ ਕੇ ਰੁਮਾਂਚਕ ਗੀਤ ਵੀ ਗਾਉਂਦੀਆਂ ਤੇ ਇਕ ਦੂਜੀ ਨਾਲ ਨੋਕ-ਝੋਕ ਵੀ ਕਰਦੀਆਂ ਹਨ :

*ਆਉਂਦੀ ਕੁੜੀਏ ਜਾਂਦੀ ਕੁੜੀਏ*
*ਚੱਕ ਲਿਆ ਬਜ਼ਾਰ ਵਿੱਚੋਂ ਥਾਲ਼ੀ*
*ਤੈਂ ਕੀ ਸ਼ੇਰ ਮਾਰਨਾ*
*ਤੇਰੇ ਬਾਪ ਨੇ ਬਿੱਲੀ ਨਾ ਮਾਰੀ*
*ਤੈਂ ਕੀ ਸ਼ੇਰ ਮਾਰਨਾ...*

ਜੋਬਨ ਮੱਤੀਆਂ ਸਰੂ ਕੱਦ ਸ਼ੌਕੀਨ ਮੇਲਣਾਂ ਦੇ ਬਣ-ਬਣ ਪੈਂਦੇ ਰੂਪ ਦੀ ਝਾਲ ਝੱਲੀ ਨਹੀਂ ਜਾਂਦੀ। ਵੇਖਣ ਵਾਲਿਆਂ ਦੀਆਂ ਅੱਖਾਂ ਚੁੰਧਿਆਂ ਜਾਂਦੀਆਂ ਹਨ। ਉਹ ਆਪਣੇ ਕਾਰਜ ਛੱਡ ਕੇ ਉਨ੍ਹਾਂ ਵੱਲ ਵੇਖਦੇ ਰਹਿੰਦੇ ਹਨ:

*ਆਉਂਦੀ ਕੁੜੀਏ ਜਾਂਦੀ ਕੁੜੀਏ*
*ਚੱਕ ਲਿਆ ਬਜ਼ਾਰ ਵਿੱਚੋਂ ਸ਼ੀਸ਼ੀ*
*ਘਗਰੇ ਦਾ ਫੇਰ ਦੇਖ ਕੇ*
*ਥਾਣੇਦਾਰ ਨੇ ਕਚਹਿਰੀ ਬੰਦ ਕੀਤੀ*
*ਘਗਰੇ ਦਾ ਫੇਰ ਦੇਖ ਕੇ...*

ਪੁਰਾਣੇ ਸਮਿਆਂ ਵਿਚ ਪੰਜਾਬੀ ਕਿਸਾਨਾਂ ਦੀ ਆਰਥਿਕ ਹਾਲਤ ਬਹੁਤੀ ਚੰਗੀ ਨਹੀਂ ਸੀ। ਆਰਥਿਕ ਮੰਦਹਾਲੀ ਕਾਰਨ ਉਹ ਆਪਣੀਆਂ ਧੀਆਂ ਦੇ ਵਿਆਹ ਤਾਂ ਨਿੱਕੀ ਉਮਰ ਵਿਚ ਕਰ ਦਿੰਦੇ ਸਨ। ਪਰੰਤੂ ਮੁਕਲਾਵਾ ਤੋਰਨ ਵਿਚ ਕਾਫ਼ੀ ਸਮਾਂ ਲੰਘਾ ਦਿੰਦੇ ਜਿਸ ਕਾਰਨ ਵਿਆਹੀਆਂ ਮੁਟਿਆਰਾਂ ਦੇ ਚਾਅ ਮਧੋਲੇ ਜਾਂਦੇ। ਉਨ੍ਹਾਂ ਦੀਆਂ ਦਬੀਆਂ ਭਾਵਨਾਵਾਂ ਨੂੰ ਮੇਲਣਾਂ ਵਿਅੰਗ ਦੇ ਰੂਪ ਵਿਚ ਪ੍ਰਗਟਾਉਂਦੀਆਂ :

*ਆਉਂਦੀ ਕੁੜੀਏ ਜਾਂਦੀ ਕੁੜੀਏ*
*ਚਕ ਲਿਆ ਬਜ਼ਾਰ ਵਿੱਚੋਂ ਚਾਂਦੀ*
*ਤੇਰੇ ਨਾਲੋਂ ਬਾਂਦਰੀ ਚੰਗੀ*
*ਜਿਹੜੀ ਨਿਤ ਮੁਕਲਾਵੇ ਜਾਂਦੀ*
*ਤੇਰੇ ਨਾਲੋਂ ਬਾਂਦਰੀ ਚੰਗੀ...*

ਰੁਮਾਂਚਕ ਗੀਤਾਂ ਤੋਂ ਇਲਾਵਾਂ ਮੇਲਣਾਂ ਹੋਰਨਾਂ ਵਿਸ਼ਿਆਂ 'ਤੇ ਵੀ ਹਾਸਾ ਪੈਦਾ ਕਰਨ ਵਾਲੇ ਗੀਤ ਗਾਉਂਦੀਆਂ। ਕਿਧਰੇ ਬੁੜ੍ਹੇ-ਬੁੜ੍ਹੀ ਦੀ ਦੁਰਦਸ਼ਾ ਦਾ ਵਰਨਣ ਹੈ, ਕਿਧਰੇ ਸੱਸਾਂ ਦੇ ਚਾਲੂ ਹੋਣ ਦਾ, ਕਿਧਰੇ ਹਾਣੀ ਨੂੰ ਕੇਸਾਂ ਤੋਂ ਫੜਨ ਦਾ :

*ਆਉਂਦੀ ਕੁੜੀਏ ਜਾਂਦੀ ਕੁੜੀਏ*
*ਚਕ ਲਿਆ ਬਜ਼ਾਰ ਵਿੱਚੋਂ ਪਾਵੇ*
*ਤੂੜੀ ਵਾਲੇ ਅੱਗ ਲੱਗ ਗੀ*
*ਬੁੜ੍ਹਾ-ਬੁੜ੍ਹੀ ਨੂੰ ਘੜੀਸੀ ਜਾਵੇ...*

ਸਹੁਰੇ ਜਾਂਦੀ ਧੀ ਦੀ ਵਿਲਕਣੀ ਮਾਂ ਦਾ ਹਿਰਦਾ ਵਲੂੰਧਰ ਦਿੰਦੀ ਹੈ :

*ਆਉਂਦੀ ਕੁੜੀਏ ਜਾਂਦੀ ਕੁੜੀਏ*
*ਸੱਚ ਦੇ ਬਚਨਾਂ ਦੀ ਆਰੀ*
*ਆਹ ਲੈ ਮਾਏਂ ਸਾਂਭ ਕੁੰਜੀਆਂ*
*ਧੀਆਂ ਕਰ ਚਲੀਆਂ ਸਰਦਾਰੀ*
*ਆਹ ਲੈ ਮਾਏਂ ਸਾਂਭ ਕੁੰਜੀਆਂ*

ਘਰਾਂ ਨੂੰ ਪਰਤਦੀਆਂ ਹੋਈਆਂ ਮੇਲਣਾਂ ਸਮਾਜ ਵਿਚ ਨੇਕੀ ਖੱਟਣ ਦਾ ਰਾਜ਼ ਵੀ ਸਮਝਾ ਜਾਂਦੀਆਂ ਹਨ :

*ਆਉਂਦੀ ਕੁੜੀਏ ਜਾਂਦੀ ਕੁੜੀਏ*
*ਮੁਰਕੀ ਚੁਰਕੀ ਕੰਨਾਂ ਦੇ ਵਾਲੇ*
*ਬਈ ਨੇਕੀ ਖੱਟ ਜਾਣਗੇ*
*ਮਿੱਠੀਆਂ ਜ਼ਬਾਨਾਂ ਵਾਲੇ*
*ਬੇਈ ਨੇਕੀ ਖੱਟ ਜਾਣਗੇ...*

ਵਿਆਹ ਸਮਾਗਮਾਂ ਵਿਚ ਆਈ ਤਬਦੀਲੀ ਕਾਰਨ ਅੱਜ ਕੱਲ੍ਹ ਵਿਆਹ ਵਿਚ ਸ਼ਰੀਕ ਹੋਈਆਂ ਮੇਲਣਾਂ ਨੂੰ ਇਹ ਗੀਤ ਗਾਉਣ ਦਾ ਅਵਸਰ ਹੀ ਪ੍ਰਾਪਤ ਨਹੀਂ ਹੁੰਦਾ ਜਿਸ ਕਰਕੇ ਇਨ੍ਹਾਂ ਦੀ ਸਿਰਜਣ ਪ੍ਰਕਿਰਿਆ ਵੀ ਸਮਾਪਤ ਹੋ ਗਈ ਹੈ। ਇਹ ਸੈਂਕੜਿਆਂ ਦੀ ਗਿਣਤੀ ਵਿਚ ਉਪਲੱਬਧ ਹਨ। ਇਨ੍ਹਾਂ ਨੂੰ ਸਾਂਭਣ ਦੀ ਫੌਰੀ ਲੋੜ ਹੈ। ਇਹ ਪੰਜਾਬੀ ਲੋਕ ਸਾਹਿਤ ਦਾ ਅਨਿਖੜਵਾਂ ਅੰਗ ਹਨ। •

94630-34472



### ਮੇਲਣਾਂ

*ਵਿਆਹ ਸਮਾਗਮਾਂ ਵਿਚ ਆਈ ਤਬਦੀਲੀ ਕਾਰਨ ਅੱਜ ਕੱਲ੍ਹ ਵਿਆਹ ਵਿਚ ਸ਼ਰੀਕ ਹੋਈਆਂ ਮੇਲਣਾਂ ਨੂੰ ਇਹ ਗੀਤ ਗਾਉਣ ਦਾ ਅਵਸਰ ਹੀ ਪ੍ਰਾਪਤ ਨਹੀਂ ਹੁੰਦਾ। ਇਸ ਕਰਕੇ ਇਨ੍ਹਾਂ ਦੀ ਸਿਰਜਣ ਪ੍ਰਕਿਰਿਆ ਵੀ ਸਮਾਪਤ ਹੋ ਗਈ ਹੈ। ਬੇਸ਼ੱਕ ਇਹ ਸੈਂਕੜਿਆਂ ਦੀ ਗਿਣਤੀ ਵਿਚ ਉਪਲੱਬਧ ਹਨ। ਇਨ੍ਹਾਂ ਨੂੰ ਸਾਂਭਣ ਦੀ ਫੌਰੀ ਲੋੜ ਹੈ।*






# ਤਿੜਕਣ ਲੱਗੇ ਜਦੋਂ ਪਤੀ- ਪਤਨੀ ਦਾ ਰਿਸ਼ਤਾ



**ਕੈਲਾਸ਼ ਚੰਦਰ ਸ਼ਰਮਾ**

ਮਨੁੱਖ ਇਕ ਅਜਿਹਾ ਜੀਵ ਹੈ ਜੋ ਸਵਰਗ-ਨਰਕ ਦੀਆਂ ਧਾਰਨਾਵਾਂ ਵਿਚ ਬੱਝਿਆ ਹੋਇਆ ਹੈ। ਇਸ ਧਰਤੀ ਉੱਪਰ ਰਹਿਣ ਵਾਲੇ ਜੀਵਾਂ ਨੂੰ ਜਦੋਂ ਆਪਣੇ ਕਾਰਜਾਂ ਵਿਚ ਖ਼ੁਸ਼ੀ ਅਤੇ ਅਨੰਦ ਮਿਲਦਾ ਹੈ ਤਾਂ ਉਨ੍ਹਾਂ ਦਾ ਜੀਵਨ ਸਵਰਗ ਦੀ ਨਿਆਈਂ ਹੈ ਅਤੇ ਜਦੋਂ ਵਿਅਕਤੀ ਆਪਣੇ ਜੀਵਨ ਵਿਚ ਡਰ, ਪਛਤਾਵਾ ਅਤੇ ਚਿੰਤਾ ਨਾਲ ਸਦਾ ਗ੍ਰਸਤ ਰਹਿੰਦਾ ਹੈ ਤਾਂ ਉਹ ਨਰਕ ਵਰਗਾ ਜੀਵਨ ਬਤੀਤ ਕਰਦਾ ਹੈ। ਰਿਸ਼ਤੇ ਜ਼ਿੰਦਗੀ ਦੇ ਖ਼ੂਬਸੂਰਤ ਪਲਾਂ ਦਾ ਅਨੰਦ ਮਾਣਨ ਲਈ ਅਹਿਮ ਰੋਲ ਅਦਾ ਕਰਦੇ ਹਨ ਭਾਵੇਂ ਇਹ ਜਨਮ ਤੋਂ ਜੁੜੇ ਹੋਣ ਜਾਂ ਆਪ ਹੀ ਜੋੜੇ ਹੋਣ। ਇਨ੍ਹਾਂ ਰਿਸ਼ਤਿਆਂ ਤੋਂ ਸਦੀਵੀ ਖ਼ੁਸ਼ੀ ਪ੍ਰਾਪਤ ਕਰਨ ਲਈ ਵਿਸ਼ਵਾਸ ਅਹਿਮ ਰੋਲ ਅਦਾ ਕਰਦਾ ਹੈ ਕਿਉਂਕਿ ਵਿਸ਼ਵਾਸ ਅਜਿਹੀ ਅਨਮੋਲ ਦਵਾਈ ਹੈ ਜੋ ਮਨਾਂ ਵਿਚ ਉਪਜੀ ਸ਼ੱਸ਼ੋਪੰਜ ਨੂੰ ਖ਼ਤਮ ਕਰ ਕੇ ਇਨ੍ਹਾਂ ਵਿਚ ਸਥਿਰਤਾ ਨੂੰ ਸ਼ਾਮਲ ਕਰਦਾ ਹੈ।

## ਨਫ਼ਰਤ

ਆਮ ਤੌਰ 'ਤੇ ਵੇਖਿਆ ਗਿਆ ਹੈ ਕਿ ਪਤੀ-ਪਤਨੀ ਦੇ ਰਿਸ਼ਤੇ ਉਦੋਂ ਤਿੜਕਣ ਲੱਗਦੇ ਹਨ ਜਦੋਂ ਦੋਵਾਂ ਵਿਚ 'ਉਹ' ਆ ਜਾਵੇ। 'ਉਹ' ਕੋਈ ਵੀ ਹੋ ਸਕਦਾ ਹੈ, ਲੜਕੇ ਦੇ ਮਾਂ-ਬਾਪ, ਭੈਣ-ਭਰਾ, ਲੜਕੀ ਦੇ ਮਾਂ-ਬਾਪ, ਭੈਣ-ਭਰਾ ਜਾਂ ਕੋਈ ਦੋਸਤ ਜਾਂ ਕੋਈ ਹੋਰ ਰਿਸ਼ਤੇਦਾਰ। ਜਿੱਥੇ ਪਤੀ-ਪਤਨੀ ਦੇ ਆਪਸੀ ਤਾਲਮੇਲ ਨੂੰ 'ਉਹ' ਪ੍ਰਭਾਵਿਤ ਨਾ ਕਰ ਸਕੇ ਉੱਥੇ ਦੋਵਾਂ ਦਾ ਰਿਸ਼ਤਾ ਸੋਨ-ਸੁਨਹਿਰੀ ਬਣਿਆ ਰਹਿੰਦਾ ਹੈ ਨਹੀਂ ਤਾਂ ਨਰਕ ਬਣ ਜਾਂਦਾ ਹੈ। 'ਉਹ' ਕੇਵਲ ਉਦੋਂ ਹੀ ਪਤੀ-ਪਤਨੀ ਦੇ ਰਿਸ਼ਤੇ ਨੂੰ ਪ੍ਰਭਾਵਿਤ ਕਰਦਾ ਹੈ ਜਦੋਂ ਪਤੀ-ਪਤਨੀ ਵਿਚ ਵਿਸ਼ਵਾਸ ਦੀ ਕਮੀ ਹੋਵੇ। ਕਹਿੰਦੇ ਹਨ ਕਿ ਇਕ ਵਾਰ ਕਿਸੇ ਲੜਕੀ ਨੇ ਬੇਟੇ ਨੂੰ ਜਨਮ ਦਿੱਤਾ। ਘਰ ਵਿਚ ਖ਼ੁਸ਼ੀਆਂ ਦੀ ਚਹਿਲ-ਪਹਿਲ ਸੀ। ਅਚਾਨਕ ਲੜਕੀ ਦੀ ਕਿਸੇ ਸਹੇਲੀ ਨੇ ਉਸ ਨੂੰ ਪੁੱਛਿਆ ਕਿ ਉਸ ਦੇ ਪਤੀ ਨੇ ਇਸ ਦੇ ਇਵਜ਼ ਵਿਚ ਉਸ ਨੂੰ ਕੀ ਤੋਹਫ਼ਾ ਦਿੱਤਾ ਹੈ। ਜਦੋਂ ਜਵਾਬ ਨਾਂਹ ਵਿਚ ਮਿਲਿਆ ਤਾਂ ਤੁਰੰਤ ਉਸ ਨੂੰ ਕਿਹਾ, 'ਇਸ ਦਾ ਅਰਥ ਹੈ ਕਿ ਤੇਰੇ ਪਤੀ ਦੀ ਨਜ਼ਰ ਵਿਚ ਤੇਰੀ ਕੋਈ ਕੀਮਤ ਨਹੀਂ।' ਇਸ ਗੱਲ ਨੇ ਲੜਕੀ ਦੇ ਮਨ ਵਿਚ ਪਤੀ ਪ੍ਰਤੀ ਨਫ਼ਰਤ ਪਾ ਦਿੱਤੀ ਤੇ ਆਖ਼ਰ ਉਨ੍ਹਾਂ ਦਾ ਹੱਸਦਾ-ਵੱਸਦਾ ਘਰ ਬਰਬਾਦ ਹੋ ਗਿਆ। ਜੇਕਰ ਪਤਨੀ ਸਮਝ ਜਾਂਦੀ ਕਿ ਬੱਚਾ ਕੇਵਲ ਉਸ ਦਾ ਜਾਂ ਉਸ ਦੇ ਪਤੀ ਦਾ ਹੀ ਨਹੀਂ ਬਲਕਿ ਦੋਵਾਂ ਦਾ ਹੈ।

## ਵਿਕਾਸ ਵਿਚ ਰੋੜਾ

ਪਤੀ-ਪਤਨੀ ਦੇ ਮਨ-ਮਟਾਵ ਦਾ ਸਭ ਤੋਂ ਜ਼ਿਆਦਾ ਅਸਰ ਉਨ੍ਹਾਂ ਦੇ ਬੱਚਿਆਂ ਦੇ ਪਾਲਣ-ਪੋਸ਼ਣ 'ਤੇ ਪੈਂਦਾ ਹੈ। ਅਕਸਰ ਅਸੀਂ ਸੋਚ ਲੈਂਦੇ ਹਾਂ ਕਿ ਬੱਚੇ ਨੂੰ ਕਿਸੇ ਗੱਲ ਦੀ ਸਮਝ ਨਹੀਂ ਹੁੰਦੀ ਪਰ ਬੱਚਾ ਕੇਵਲ ਬੋਲਦਾ ਨਹੀਂ ਸਮਝਦਾ ਸਭ ਕੁਝ ਹੈ। ਬੱਚੇ ਦੀ ਇਸ ਉਮਰ ਵਿਚ ਬੀਤੀਆਂ ਘਟਨਾਵਾਂ ਉਸ ਦੀਆਂ ਯਾਦਾਂ ਦਾ ਇਕ ਅਹਿਮ ਹਿੱਸਾ ਬਣ ਜਾਂਦੀਆਂ ਹਨ। ਪਰਿਵਾਰ ਵਿਚ ਬੋਲੀ ਜਾਂਦੀ ਮੰਦੀ ਭਾਸ਼ਾ ਤੇ ਮਾਰ ਕੁਟਾਈ ਦਾ ਅਸਰ ਬੱਚਿਆਂ ਉੱਪਰ ਅਜਿਹਾ ਪ੍ਰਭਾਵ ਛੱਡ ਜਾਂਦੇ ਹਨ ਜੋ ਬੱਚਿਆਂ ਦੀ ਸ਼ਖ਼ਸੀਅਤ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕਰਦੇ ਹਨ। ਅਕਸਰ ਬੱਚੇ ਘਰ ਵਿਚ ਜ਼ਿਆਦਾ ਸਮਾਂ ਆਪਣੇ ਮਾਂ-ਬਾਪ ਨਾਲ ਗੁਜ਼ਾਰਨਾ ਚਾਹੁੰਦੇ ਹਨ ਜਿਸ ਨਾਲ ਉਨ੍ਹਾਂ ਦੇ ਚਿਹਰਿਆਂ 'ਤੇ ਸਦਾ ਖ਼ੁਸ਼ੀ ਚਹਿਕਦੀ ਰਹਿੰਦੀ ਹੈ ਪਰ ਉਹ ਸਮਾਂ ਬਹੁਤ ਦੁਖਦਾਈ ਹੁੰਦਾ ਹੈ ਜਦੋਂ ਪਤੀ-ਪਤਨੀ ਇਕ-ਦੂਜੇ ਨਾਲ ਕਈ-ਕਈ ਦਿਨ ਗੱਲ ਹੀ ਨਹੀਂ ਕਰਦੇ ਜਾਂ ਗਾਲ੍ਹੀ-ਗਲੋਚ ਕਰਦੇ ਹਨ। ਇਸ ਨਾਲ ਬੱਚਿਆਂ ਅੰਦਰ ਡਰ ਅਤੇ ਸਹਿਮ ਪਸੇਰਾ ਕਰ ਲੈਂਦੇ ਹਨ ਜੋ ਉਨ੍ਹਾਂ ਦੀ ਸ਼ਖ਼ਸੀਅਤ ਦੇ ਸੰਤੁਲਿਤ ਵਿਕਾਸ ਵਿਚ ਰੋੜਾ ਬਣਦੇ ਹਨ ਅਤੇ ਘਰ ਨਰਕ ਬਣਦਿਆਂ ਦੇਰ ਨਹੀਂ ਲੱਗਦੀ। ਮਾਪਿਆਂ ਨੂੰ ਸਮਝਣਾ ਚਾਹੀਦਾ ਹੈ ਕਿ ਉਨ੍ਹਾਂ ਦੀ ਅਸਲ ਪੂੰਜੀ ਉਨ੍ਹਾਂ ਦੀ ਔਲਾਦ ਹੁੰਦੀ ਹੈ। ਇਸ ਲਈ ਜ਼ਰੂਰੀ ਹੈ ਕਿ ਇਕ-ਦੂਸਰੇ ਦੇ ਵਿਚਾਰਾਂ ਨੂੰ ਅਹਿਮੀਅਤ ਦੇਈਏ ਕਿਉਂਕਿ ਮਹੱਤਵ ਵਿਚ ਕੋਈ ਵੀ ਘੱਟ ਨਹੀਂ ਹੁੰਦਾ। ਕਦੇ ਵੀ ਆਪਣੀ ਨਰਾਜ਼ਗੀ ਨੂੰ ਲੰਬੇ ਸਮੇਂ ਤਕ ਨਾ ਚੱਲਣ ਦੇਈਏ। ਆਪਣੇ ਅੰਦਰ ਦੀ ਹਉਮੈ ਤੇ ਵਖਰੇਵੇਂ ਵਾਲੇ ਵਿਚਾਰਾਂ 'ਤੇ ਕਦੇ ਵੀ ਬੁਰਿਆਈ ਦੀ ਧੁੰਦ ਨਾ ਜੰਮਣ ਦਿਉ। •

80540-16816

### ਸੋਚਣ ਸ਼ਕਤੀ

*ਕੁਦਰਤ ਨੇ ਹਰ ਵਿਅਕਤੀ ਨੂੰ ਸੋਚਣ ਸ਼ਕਤੀ ਦਿੱਤੀ ਹੈ ਪਰ ਫ਼ਰਕ ਸੋਚਣ ਵਿਚ ਹੈ। ਆਪਣੀਆਂ ਪਰਿਵਾਰਕ ਜ਼ਿੰਮੇਵਾਰੀਆਂ ਨੂੰ ਬਾਖ਼ੂਬੀ ਨਿਭਾਓ। ਜੇਕਰ ਕਿਸੇ ਕੋਲੋਂ ਕੋਈ ਗ਼ਲਤੀ ਹੋ ਗਈ ਹੋਵੇ ਤਾਂ ਇਕ-ਦੂਸਰੇ ਨੂੰ ਬੁਰਾ-ਭਲਾ ਕਹਿਣ ਦੀ ਥਾਂ ਸੁਧਾਰਨ ਦੀ ਕੋਸ਼ਿਸ਼ ਕਰੋ। ਸ਼ੱਕ ਰੋਗ ਤੋਂ ਬਚਣ ਦੀ ਕੋਸ਼ਿਸ਼ ਕਰੋ। ਜੇ ਇਹ ਨੇੜੇ-ਤੇੜੇ ਵੀ ਫੜਕਣ ਲੱਗੇ ਤਾਂ ਮਨ ਵਿਚ ਜੋ ਹੈ ਸਾਫ਼-ਸਾਫ਼ ਕਹਿ ਦੇਣਾ ਚਾਹੀਦਾ ਹੈ ਕਿਉਂਕਿ ਸੱਚ ਬੋਲਣ 'ਤੇ ਫ਼ੈਸਲੇ ਹੁੰਦੇ ਹਨ ਪਰ ਝੂਠ ਬੋਲਣ ਨਾਲ ਫ਼ਾਸਲੇ ਵਧਦੇ ਹਨ। ਜੇਕਰ ਆਪਣੀ ਹਉਮੈ ਨੂੰ ਬਰਕਰਾਰ ਰੱਖਾਂਗੇ ਤਾਂ ਇਹ ਰਿਸ਼ਤਾ ਤਾਰ-ਤਾਰ ਹੁੰਦਿਆਂ ਵੀ ਦੇਰ ਨਹੀਂ ਲੱਗਦੀ। ਆਚਾਰੀਆ ਚਾਣਕਿਆ ਅਨੁਸਾਰ ਜਿਸ ਵਿਅਕਤੀ ਦਾ ਪਤਨੀ ਨਾਲ ਵਿਚਾਰਕ ਅਤੇ ਭਾਵਨਾਤਮਿਕ ਤਾਲਮੇਲ ਰਹਿੰਦਾ ਹੈ ਉਸ ਲਈ ਇਹ ਸੰਸਾਰ ਸਵਰਗ ਹੁੰਦਾ ਹੈ ਪਰ ਕਿਸੇ ਪੁਰਸ਼ ਦੇ ਜੀਵਨ 'ਚ ਪਤਨੀ ਹੋਣ ਤੋਂ ਬਾਅਦ ਵੀ ਉਸ ਤੋਂ ਕਿਸੇ ਤਰ੍ਹਾਂ ਦਾ ਸੁੱਖ ਤੇ ਸਹਿਯੋਗ ਨਾ ਮਿਲੇ ਤੇ ਜਿਸ ਔਰਤ ਦੇ ਜੀਵਨ 'ਚ ਪਤੀ ਹੋਣ ਤੋਂ ਬਾਅਦ ਵੀ ਉਸ ਤੋਂ ਕਿਸੇ ਤਰ੍ਹਾਂ ਦਾ ਸੁੱਖ ਅਤੇ ਸੁਰੱਖਿਆ ਨਾ ਮਿਲੇ ਤਾਂ ਅਜਿਹੇ ਲੋਕਾਂ ਦਾ ਜੀਵਨ ਬੇਕਾਰ ਹੁੰਦਾ ਹੈ। ਇਸ ਲਈ ਪਤੀ ਤੇ ਪਤਨੀ ਦਾ ਗੁਣਵਾਨ ਹੋਣਾ ਜ਼ਰੂਰੀ ਹੁੰਦਾ ਹੈ। ਦੋਵਾਂ ਨੂੰ ਆਪਣੇ ਹਿੱਸੇ ਦੀ ਜ਼ਿੰਮੇਵਾਰੀ ਦਾ ਗਿਆਨ ਹੋਣਾ ਚਾਹੀਦਾ ਹੈ। ਇਹ ਸੁੱਖ ਹਰ ਵਿਅਕਤੀ ਦੇ ਜੀਵਨ 'ਚ ਨਹੀਂ ਹੁੰਦਾ। ਇਸ ਲਈ ਸਮਝੌਤਾ ਕਰਨਾ ਸਿੱਖਣਾ ਚਾਹੀਦਾ ਹੈ।*



### ਅਵਿਸ਼ਵਾਸ

*ਜੇ ਕਿਸੇ ਕਾਰਨ ਇਨ੍ਹਾਂ ਵਿਚਲੀ ਭਰੋਸਗੀ ਖ਼ਤਮ ਹੋ ਜਾਵੇ ਜਾਂ ਸ਼ੰਕਾ ਆਪਣਾ ਪਸਾਰਾ ਕਰ ਲਵੇ ਤਾਂ ਜੀਵਨ ਨਰਕ ਵਾਂਗ ਮਹਿਸੂਸ ਹੋਣ ਲੱਗਦਾ ਹੈ ਕਿਉਂਕਿ ਅਵਿਸ਼ਵਾਸ ਉਸ ਹਲਕੇ ਜ਼ਹਿਰ ਸਮਾਨ ਹੁੰਦਾ ਹੈ ਜੋ ਦਿਮਾਗ਼ 'ਤੇ ਉਲਟ ਪ੍ਰਭਾਵ ਪਾ ਕੇ ਉਸ ਦੀ ਕੁਦਰਤੀ ਸ਼ਕਤੀ ਨੂੰ ਕਮਜ਼ੋਰ ਕਰਦਾ ਹੈ। ਜ਼ਿੰਦਗੀ ਵਿਚ ਹੰਢਾਏ ਜਾਣ ਵਾਲੇ ਰਿਸ਼ਤਿਆਂ ਵਿੱਚੋਂ ਇਕ ਅਹਿਮ ਰਿਸ਼ਤਾ ਹੁੰਦਾ ਹੈ ਪਤੀ-ਪਤਨੀ ਦਾ। ਇਕ-ਦੂਜੇ ਦੇ ਵਿਚਾਰਾਂ ਦੀ ਸਾਂਝ ਤੋਂ ਅਣਜਾਣ ਵੱਖੋ-ਵੱਖਰੇ ਸੰਸਕਾਰਾਂ ਦੇ ਪਾਲਣ-ਪੋਸ਼ਣ ਨਾਲ ਜਵਾਨ ਹੋਏ ਵਿਅਕਤੀਆਂ ਵਿਚ, ਬਿਨਾਂ ਕਿਸੇ ਲਿਖਤ-ਪੜ੍ਹਤ ਦੇ ਵਿਆਹ ਰੂਪੀ ਸਮਾਗਮ ਨਾਲ ਸਿਰਜਿਆ ਅਜਿਹਾ ਰਿਸ਼ਤਾ ਹੈ ਜੋ ਕਈ ਸਮਾਜਿਕ ਬੰਧਨਾਂ ਨਾਲ ਬੱਝਾ ਹੋਇਆ ਹੈ। ਸਮਾਜ ਨੇ ਪਤੀ ਅਤੇ ਪਤਨੀ ਦੋਵਾਂ ਲਈ ਹੱਕ ਅਤੇ ਜ਼ਿੰਮੇਵਾਰੀਆਂ ਨਿਸ਼ਚਤ ਕੀਤੀਆਂ ਹਨ।*

# ਜੁੱਤੀ ਖੱਲ ਦੀ ਮਰੋੜਾ ਨਹੀਂ ਝੱਲਦੀ

**ਜਸਪ੍ਰੀਤ ਕੌਰ ਸੰਘਾ**

ਸ਼ੈਕਸਪੀਅਰ ਦਾ ਕਥਨ ਹੈ, 'ਪਹਿਰਾਵਾ ਆਦਮੀ ਦੀ ਸ਼ਖ਼ਸੀਅਤ ਦਾ ਪ੍ਰਤੀਕ ਹੈ।' ਜੁੱਤੀ ਨਾਲ ਹੀ ਇਨਸਾਨ ਦਾ ਪਹਿਰਾਵਾ ਪੂਰਨ ਸਮਝਿਆ ਜਾਂਦਾ ਹੈ। ਇਹ ਇਨਸਾਨ ਦੇ ਪਹਿਰਾਵੇ ਦਾ ਜ਼ਰੂਰੀ ਹਿੱਸਾ ਹੈ। ਇਨਸਾਨ ਦੇ ਪੈਰ ਦੀ ਜੁੱਤੀ ਤੋਂ ਹੀ ਉਸ ਦੀ ਸੂਝ-ਬੂਝ ਅਤੇ ਸੁਭਾਅ ਦਾ ਅੰਦਾਜ਼ਾ ਲਗਾਇਆ ਜਾ ਸਕਦਾ ਹੈ। ਪੰਜਾਬਣ ਦੀ ਤੋਰ ਦੀ ਸਿਫ਼ਤ ਜਿੱਥੇ ਹੁੰਦੀ ਹੈ ਉੱਥੇ ਹੀ ਪੰਜਾਬੀ ਜੁੱਤੀ ਦੀ ਗੱਲ ਵੀ ਹੁੰਦੀ ਹੈ। ਲੋਕ ਗੀਤਾਂ ਵਿਚ ਇਸ ਦਾ ਵਰਨਣ ਬਾਖ਼ੂਬੀ ਮਿਲਦਾ ਹੈ :

*ਜੁੱਤੀ ਖੱਲ ਦੀ*
*ਮਰੋੜਾ ਨਹੀਂ ਝੱਲਦੀ*
*ਤੋਰ ਪੰਜਾਬਣ ਦੀ...*

*ਇਹ ਜੁੱਤੀਆ ਧੌੜੀ , ਸਾਬਰ* , ਕੁਰਮ ਆਦਿ ਚਮੜੇ ਤੋਂ ਤਿਆਰ ਕੀਤੀਆ ਜਾਂਦੀਆ ਹਨ। ਇਹ ਵੱਖ-ਵੱਖ ਨਾਂਵਾ ਤੋਂ ਪ੍ਰਚਲਿੱਤ ਹਨ। ਜਿਸ ਸ਼ਹਿਰ ਦੇ ਕਾਰੀਗਰ ਦਾ ਡਿਜ਼ਾਇਨ ਮਸ਼ਹੂਰ ਹੋ ਗਿਆ ਉਸੇ ਸ਼ਹਿਰ ਦੇ ਨਾਂ ਨਾਲ ਜੁੱਤੀ ਜਾਣੀ ਜਾਣ ਲੱਗੀ। ਜਿਵੇਂ ਜੋਧਪੁਰੀ ਜੁੱਤੀ, ਕਸੂਰੀ ਜੁੱਤੀ, ਨਾਰੋਵਾਲ ਦੀ ਜੁੱਤੀ ਆਦਿ। ਨਾਰੋਵਾਲ ਦੀ ਜੁੱਤੀ ਦੀ ਪ੍ਰਸ਼ੰਸ਼ਾ ਤਾਂ ਲੋਕ ਗੀਤਾਂ ਵਿਚ ਵੀ ਹੁੰਦੀ ਹੈ :

*ਜੁੱਤੀ ਨਾਰੋਵਾਲ ਦੀ*
*ਸਿਤਾਰਿਆਂ ਜੜ੍ਹਤ ਜੜੀ*
*ਤਾਂ ਮੈਂ ਜੀਵਾਂਗੀ ਸੱਜਣਾ*
*ਜੱਤੀ ਹੋਵੇ ਇਹੋ ਜਿਹੀ...*

ਜੁੱਤੀਆਂ ਦੀ ਖ਼ੂਬਸੂਰਤੀ ਨੂੰ ਵਧਾਉਣ ਲਈ ਇਨ੍ਹਾਂ 'ਤੇ ਮੋਤੀ, ਘੁੰਗਰੂ , ਸਿਤਾਰੇ ਆਦਿ ਵੀ ਲਗਾਏ ਜਾਂਦੇ ਹਨ। ਤਿੱਖੀ ਨੋਕ ਵਾਲੀ ਜੁੱਤੀ ਦੀ ਨੋਕ 'ਤੇ ਲੋਗੜੀ ਤੋਂ ਬਣਿਆ ਫੁੱਲ ਲਗਾਇਆ ਜਾਂਦਾ ਹੈ। ਮੁਟਿਆਰ ਅਕਸਰ ਆਪਣੇ ਮਾਹੀ ਨੂੰ ਜੁੱਤੀ ਨੂੰ ਘੁੰਗਰੂ ਲਗਾਕੇ ਦੇਣ ਦੀ ਮੰਗ ਕਰਦੀ ਹੋਈ ਆਖਦੀ ਹੈ :

*ਜੁੱਤੀ ਨੂੰ ਲਵਾ ਦੇ ਘੁੰਗਰੂ*
*ਜੇ ਤੂੰ ਮੇਰੀ ਚਾਲ ਦੇਖਣੀ...*

ਪੰਜਾਬ ਦਾ ਪ੍ਰਸਿੱਧ ਸ਼ਹਿਰ ਪਟਿਆਲਾ ਫੈਸ਼ਨ ਦਾ ਗੜ੍ਹ ਮੰਨਿਆ ਜਾਂਦਾ ਹੈ। ਪਟਿਆਲਾ ਸ਼ਾਹੀ ਪੱਗਾ, ਪਟਿਆਲਾ ਸ਼ਾਹੀ ਸਲਵਾਰਾ, ਪਰਾਂਦੇ, ਰੇਸ਼ਮੀ ਨਾਲਿਆ ਅਤੇ ਪੰਜਾਬੀ ਜੁੱਤੀਆਂ ਲਈ ਪਟਿਆਲਾ ਸ਼ਹਿਰ ਪ੍ਰਸਿੱਧ ਹੈ। ਇਸ ਦਾ ਵਰਨਣ ਲੋਕ ਗੀਤਾਂ ਵਿਚ ਇਸ ਤਰ੍ਹਾਂ ਮਿਲਦਾ ਹੈ । ਸਾਡੇ ਸਮਾਜ ਦੇ ਰਸਮਾਂ-ਰਿਵਾਜਾਂ ਵਿਚ ਵੀ ਜੁੱਤੀ ਦਾ ਮਹੱਤਵ ਦੇਖਣ ਨੂੰ ਮਿਲਦਾ ਹੈ। ਵਿਆਹ ਦੀ ਮਹੱਤਵਪੂਰਣ ਰਸਮ ਜੁੱਤੀ ਚੁੱਕਣ ਦੀ ਹੁੰਦੀ ਹੈ। ਵਿਆਹ ਦੇ ਮੌਕੇ ਤੇ ਆਨੰਦ ਕਾਰਜ ਦੀ ਰਸਮ ਸਮੇਂ ਸਾਲੀਆਂ ਵੱਲੋਂ ਜੀਜੇ ਦੀ ਜੁੱਤੀ ਚੁੱਕ ਕੇ ਲੁਕਾ ਦਿੱਤੀ ਜਾਂਦੀ ਹੈ। ਜੁੱਤੀ ਦੇ ਬਦਲੇ ਸਾਲੀਆਂ ਸ਼ਗਨ ਦੀ ਮੰਗ ਕਰਦੀਆਂ ਹਨ। ਇਸ ਰਸਮ ਨਾਲ ਵਿਆਹ ਦਾ ਮਾਹੌਲ ਹੋਰ ਖ਼ੁਸ਼ਗਵਾਰ ਹੋ ਜਾਂਦਾ ਹੈ। ਜੀਜੇ ਅਤੇ ਸਾਲੀਆਂ ਵਿਚਕਾਰ ਹਾਸਾ ਮਾਖੌਲ ਹੁੰਦਾ ਹੈ ਤੇ ਜੀਜੇ ਦੁਆਰਾ ਸਾਲੀਆਂ ਨੂੰ ਸ਼ਗਨ ਦਿੱਤੇ ਜਾਣ ਤੋਂ ਬਾਅਦ ਹੀ ਸਾਲੀਆਂ ਜੁੱਤੀ ਵਾਪਸ ਕਰਦੀਆਂ ਹਨ। ਮੁੰਡੇ ਦੇ ਵਿਆਹ 'ਤੇ ਜਦੋਂ ਘੋੜੀਆਂ ਗਾਈਆਂ ਜਾਂਦੀਆਂ ਹਨ ਤਾਂ ਮੁੰਡੇ ਦੇ ਜਾਮੇ, ਕਲਗੀ ਅਤੇ ਸਿਹਰੇ ਦੇ ਨਾਲ-ਨਾਲ ਉਸ ਦੀ ਜੁੱਤੀ ਦੀ ਵੀ ਪ੍ਰਸ਼ੰਸਾਂ ਕੀਤੀ ਜਾਂਦੀ ਹੈ। ਜਿਵੇਂ :

*ਜੁੱਤੀ ਤੇਰੀ ਵੇ ਮੱਲਾ ਸੋਹਣੀ*
*ਵਾਹਵਾ ਜੜੀ ਏ ਤਿਲੇ ਨਾਲ*
*ਕੇਹੀ ਸੋਹਣੀ ਤੇਰੀ ਚਾਲ*
*ਵੇ ਮਾਂ ਦਿਆ ਸੁਰਜਣਾ...*

ਜੁੱਤੀ ਦੇ ਆਧਾਰ 'ਤੇ ਹੀ ਵਿਅਕਤੀ ਦੀ ਆਰਥਿਕ ਸਥਿਤੀ ਦਾ ਅੰਦਾਜ਼ਾ ਵੀ ਲੱਗਾ ਲਿਆ ਜਾਂਦਾ ਹੈ। ਮਖ਼ਮਲ ਦੀ ਜੁੱਤੀ ਰੱਜਦੇ-ਪੁੱਜਦੇ ਘਰ ਦੀ ਨਿਸ਼ਾਨੀ ਮੰਨੀ ਜਾਂਦੀ ਹੈ। ਮਖ਼ਮਲ ਦੀ ਜੁੱਤੀ ਪਾਉਣਾ ਗ਼ਰੀਬ ਦੇ ਵੱਸ ਦੀ ਗੱਲ ਨਹੀਂ ਹੈ। ਇਸੇ ਲਈ ਤਾਂ ਮੁਟਿਆਰ ਆਪਣੇ ਮਾਹੀ ਨੂੰ ਨੌਕਰੀ ਕਰ ਕੇ ਪੈਸੇ ਕਮਾਉਣ ਲਈ ਆਖਦੀ ਹੈ ਤਾਂ ਕਿ ਉਹ ਮਖ਼ਮਲ ਦੀ ਜੁੱਤੀ ਖ਼ਰੀਦ ਸਕੇ :

*ਮਖ਼ਮਲ ਦੀ ਜੁੱਤੀ ਪੈਰਾਂ ਨੂੰ ਨਾ ਜੁੜਦੀ*
*ਚੰਮ ਦੀ ਜੁੱਤੀ ਸਾਡੇ ਪਾਵੇ ਛਾਲੇ*
*ਨੌਕਰ ਜਾਹ ਮੁੰਡਿਆ*
*ਕਮਾ ਲਿਆ ਡਾਲੇ...*

ਸੋਹਣੀ ਜੁੱਤੀ ਜਿੱਥੇ ਮੁਟਿਆਰ ਦੀ ਖ਼ੂਬਸੂਰਤੀ ਨੂੰ ਚਾਰ ਚੰਦ ਲਗਾਉਂਦੀ ਹੈ ਉੱਥੇ ਹੀ ਜੇਕਰ ਜੁੱਤੀ ਸਹੀ ਨਾਪ ਦੀ ਨਾ ਹੋਵੇ, ਪੈਰ ਵਿਚ ਤੰਗ ਹੋਵੇ ਤਾਂ ਅਜਿਹੀ ਜੁੱਤੀ ਤਕਲੀਫ਼ ਵੀ ਬਹੁਤ ਦਿੰਦੀ ਹੈ। ਅਜਿਹੀ ਜੁੱਤੀ ਪਾ ਕੇ ਤੁਰਨਾ ਬਹੁਤ ਹੀ ਤਕਲੀਫ਼ ਦੇਹ ਹੁੰਦਾ ਹੈ। ਲੋਕ ਗੀਤ ਵੀ ਅਜਿਹੀ ਸਥਿਤੀ ਦਾ ਵਰਨਣ ਬਾਖ਼ੂਬੀ ਕਰਦੇ ਹਨ :

*ਜੁੱਤੀ ਕਸੂਰੀ ਪੈਰੀਂ ਨਾ ਪੂਰੀ*
*ਹਾਏ ਰੱਬਾ ਵੇ ਸਾਨੂੰ ਤੁਰਨਾ ਪਿਆ*
*ਜਿਨ੍ਹਾਂ ਰਾਹਾਂ ਦੀ ਮੈਂ ਸਾਰ ਨਾ ਜਾਣਾ*
*ਉਨ੍ਹੀ ਰਾਹੀਂ ਵੇ ਸਾਨੂੰ ਤੁਰਨਾ ਪਿਅ...*

ਜਦੋਂ ਮੁਟਿਆਰਾਂ ਇਕੱਠੀਆਂ ਹੋ ਕੇ ਗਿੱਧਾ ਪਾਉਂਦੀਆਂ ਹਨ ਤਾਂ ਉਹ ਬੜ੍ਹੇ ਸ਼ੌਕ ਨਾਲ ਬੋਲੀ ਪਾਓਂਦੀਆਂ ਹਨ :

*ਤੇਰੀ ਮਾਂ ਬੜੀ ਕੁਪੱਤੀ*
*ਮੈਨੂੰ ਪਾਉਣ ਨਾ ਦੇਵੇ ਜੁੱਤੀ*
*ਮੈਂ ਵੀ ਜੁੱਤੀ ਪਾਉਣੀ ਆ*
*ਮੁੰਡਿਆ ਰਾਜੀ ਰਹਿ ਜਾਂ ਗੁੱਸੇ*
*ਮੈਂ ਤੇਰੀ ਮਾਂ ਖੜ੍ਹਕਾਉਣੀ ਆ...*

ਇਕ ਸਮਾਂ ਸੀ ਜਦੋਂ ਹਰ ਪਿੰਡ ਵਿਚ ਜੁੱਤੀਆਂ ਬਣਾਉਣ ਵਾਲੇ ਕਾਰੀਗਰ ਹੁੰਦੇ ਸਨ ਜੋ ਬੜੀ ਮਿਹਨਤ ਨਾਲ ਹੱਥੀ ਜੁੱਤੀਆਂ ਤਿਆਰ ਕਰਦੇ ਸਨ। ਇਹ ਜੁੱਤੀਆਂ ਵੇਖਣ ਨੂੰ ਜਿੰਨੀਆਂ ਸੋਹਣੀਆਂ ਹੁੰਦੀਆਂ ਸਨ ਉਨੀਆਂ ਹੀ ਮਜ਼ਬੂਤ ਹੁੰਦੀਆਂ ਸਨ ਪਰ ਅੱਜ ਦੇ ਮਸ਼ੀਨੀ ਯੁੱਗ ਵਿਚ ਜੁੱਤੀਆਂ ਬਣਾਉਣ ਦਾ ਕੰਮ ਮਸ਼ੀਨਾ ਰਾਹੀਂ ਹੋਣ ਲੱਗ ਪਿਆ ਹੈ। ਜਿਸ ਕਾਰਨ ਕਾਰੀਗਰਾਂ ਦਾ ਕੰਮ ਠੱਪ ਹੋ ਗਿਆ ਹੈ। ਬਾਜ਼ਾਰ ਵਿਚ ਅਨੇਕਾ ਚੱਪਲ, ਸੈਂਡਲ, ਸਲੀਪਰ ਆਦਿ ਵੇਖਣ ਨੂੰ ਮਿਲਦੇ ਹਨ ਪਰ ਜੋ ਸਰਦਾਰੀ ਪੰਜਾਬੀ ਜੁੱਤੀ ਦੀ ਹੈ ਉਹ ਕਿਸੇ ਹੋਰ ਦੀ ਨਹੀਂ ਹੋ ਸਕਦੀ। ਪੰਜਾਬੀਆਂ ਦੇ ਜੀਵਨ ਵਿਚ ਪੰਜਾਬੀ ਜੁੱਤੀ ਦੀ ਜਗ੍ਹਾ ਹੋਰ ਕੋਈ ਨਹੀਂ ਲੈ ਸਕਦਾ। •

99150 - 33176

### ਪੁਸ਼ਾਕ ਦਾ ਹਿੱਸਾ

*ਪੰਜਾਬੀ ਜੁੱਤੀ ਪਰੰਪਰਾਗਤ ਰੂਪ ਵਿਚ ਚਮੜੇ ਤੇ ਸੋਨੇ, ਚਾਂਦੀ ਦੇ ਧਾਗੇ ਨਾਲ ਕਢਾਈ ਕਰ ਕੇ ਬਣਾਈ ਜਾਂਦੀ ਸੀ। ਹਾਲਾਂਕਿ ਅੱਜ ਕੱਲ ਵੱਖ-ਵੱਖ ਤਰ੍ਹਾਂ ਦੀਆਂ ਜੁੱਤੀਆਂ ਉਪਲਬਧ ਹਨ। ਅੰਮ੍ਰਿਤਸਰ, ਪਟਿਆਲਾ ਇਲ ਦੇ ਵਪਾਰਕ ਕੇਂਦਰ ਹਨ। ਬਦਲਦੇ ਸਮੇਂ ਵਿਚ ਇਹ ਜੁੱਤੀ ਵਿਸ਼ੇਸ਼ ਤੌਰ 'ਤੇ ਵਿਆਹ ਵਿਚ, ਰਸਮੀ ਪੋਸ਼ਾਕ ਦਾ ਹਿੱਸਾ ਬਣੀ ਹੋਈ ਹੈ। ਬਿਨਾਂ ਕਢਾਈ ਵਾਲੀ ਜੁੱਤੀ ਪੰਜਾਬ ਵਿਚ ਪੁਰਸ਼ਾਂ ਅਤੇ ਔਰਤਾਂ ਵੱਲੋਂ ਹਰ ਰੋਜ਼ ਇਸਤੇਮਾਲ ਕੀਤੀ ਜਾਂਦੀ ਹੈ। ਇਸ ਨੂੰ ਅਸੀਂ ਅਸਾਨ ਭਾਸ਼ਾ 'ਚ ਜਲਸਾ ਕਹਿੰਦੇ ਹਾਂ। ਜੋ ਜ਼ਿਆਦਾ ਤਰ ਕਾਲੇ ਰੰਗ ਦਾ ਹੁੰਦੇ ਤੇ ਆਮ ਪਾਇਆ ਜਾਂਦਾ।*





# ਇਰਾਨੀ ਤੇਲ ਲੈ ਕੇ ਆ ਰਿਹਾ ਜਹਾਜ਼ ਭਾਰਤ ਦੀ ਬਜਾਏ ਇਰਾਨਡਵੱਲ ਮੁੜਿਆ

**ਨਵੀਂ ਦਿੱਲੀ, 3 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਇਰਾਨੀ ਕੱਚੇ ਤੇਲ ਨਾਲ ਲੱਦਿਆ ਇੱਕ ਅਮਰੀਕੀ ਪਾਬੰਦੀਆਂ ਵਾਲਾ ਟੈਂਕਰ ਭਾਰਤ ਜਾਣ ਦੀ ਬਜਾਏ ਅੱਧ ਰਸਤਿਓਂ ਚੀਨ ਵੱਲ ਮੁੜ ਗਿਆ। ਜੇਕਰ ਇਹ ਜਹਾਜ਼ ਭਾਰਤ ਪਹੁੰਚਦਾ, ਤਾਂ ਇਹ ਪਿਛਲੇ ਲਗਪਗ ਸੱਤ ਸਾਲਾਂ ਵਿੱਚ ਇਰਾਨ ਤੋਂ ਤੇਲ ਦੀ ਪਹਿਲੀ ਖੇਪ ਹੁੰਦੀ। 2002 ਵਿੱਚ ਬਣੇ ਅਤੇ 2025 ਵਿੱਚ ਅਮਰੀਕਾ ਵੱਲੋਂ ਪਾਬੰਦੀਸ਼ੁਦਾ ਕੀਤੇ ਗਏ 'ਪਿੰਗ ਸ਼ੁਨ' (Ping Shun) ਨਾਮਕ ਇਸ ਐਫਰਾਮੈਕਸ ਟੈਂਕਰ ਨੇ ਹੁਣ ਗੁਜਰਾਤ ਦੇ ਵਾਡੀਨਾਰ ਦੀ ਬਜਾਏ ਚੀਨ ਦੇ ਡੋਂਗਯਿੰਗ (Dongying) ਨੂੰ ਆਪਣੀ ਮੰਜ਼ਿਲ ਵਜੋਂ ਦਰਸਾਉਣਾ ਸ਼ੁਰੂ ਕਰ ਦਿੱਤਾ ਹੈ।

ਸ਼ਿਪ-ਟਰੈਕਿੰਗ ਫਰਮ ਕੇਪਲਰ (Kpler) ਦੇ ਅਨੁਸਾਰ, ਇਹ ਤਬਦੀਲੀ ਭੁਗਤਾਨ ਨਾਲ ਸਬੰਧਤ ਮੁੱਦਿਆਂ ਕਾਰਨ ਜਾਪਦੀ ਹੈ, ਕਿਉਂਕਿ ਵਿਕਰੇਤਾ ਹੁਣ 30-60 ਦਿਨਾਂ ਦੀ ਕ੍ਰੈਡਿਟ ਵਿੰਡੋ ਦੀ ਬਜਾਏ ਤੁਰੰਤ ਜਾਂ ਨਜ਼ਦੀਕੀ ਮਿਆਦ ਦੇ ਨਿਪਟਾਰੇ ਦੀ ਮੰਗ ਕਰ ਰਹੇ ਹਨ।



ਭਾਰਤੀ ਰਿਫਾਇਨਰ ਅਮਰੀਕਾ ਵੱਲੋਂ ਹਾਲ ਹੀ ਵਿੱਚ ਦਿੱਤੀ ਗਈ ਪਾਬੰਦੀਆਂ ਦੀ ਛੋਟ ਤੋਂ ਬਾਅਦ ਇਰਾਨੀ ਤੇਲ ਖਰੀਦਣ ਦੇ ਮੌਕੇ ਤਲਾਸ਼ ਰਹੇ ਸਨ, ਪਰ ਭੁਗਤਾਨ ਦੀਆਂ ਸ਼ਰਤਾਂ ਅਤੇ ਇਰਾਨ ਦਾ ਸਵਿਫਟ (SWIFT) ਸਿਸਟਮ ਤੋਂ ਬਾਹਰ ਹੋਣਾ ਇੱਕ ਵੱਡੀ ਚੁਣੌਤੀ ਬਣਿਆ ਹੋਇਆ ਹੈ। 'ਪਿੰਗ ਸ਼ੁਨ' ਵਿੱਚ ਲਗਪਗ 6,00,000 ਬੈਰਲ ਤੇਲ ਹੈ ਜੋ ਖਾਰਗ ਟਾਪੂ ਤੋਂ ਲੱਦਿਆ ਗਿਆ ਸੀ। ਭਾਵੇਂ ਅਮਰੀਕੀ ਛੋਟ 19 ਅਪਰੈਲ ਤੱਕ ਵੈਧ ਹੈ, ਪਰ ਅੰਤਰਰਾਸ਼ਟਰੀ ਬੈਂਕਿੰਗ ਨੈੱਟਵਰਕ ਤੱਕ ਪਹੁੰਚ ਨਾ ਹੋਣ ਕਾਰਨ ਭੁਗਤਾਨ ਕਿਵੇਂ ਕੀਤਾ ਜਾਵੇਗਾ, ਇਹ ਅਜੇ ਵੀ ਅਸਪੱਸ਼ਟ ਹੈ।

ਵਾਡੀਨਾਰ ਵਿੱਚ ਰੂਸੀ ਦਿੱਗਜ ਰੋਸਨੇਫਟ ਦੀ ਨਾਇਰਾ ਐਨਰਜੀ ਰਿਫਾਇਨਰੀ ਸਥਿਤ ਹੈ, ਜਿੱਥੇ ਇਹ ਤੇਲ ਉਤਰਨਾ ਸੀ। ਇਹ ਘਟਨਾ ਦਰਸਾਉਂਦੀ ਹੈ ਕਿ ਇਰਾਨੀ ਤੇਲ ਦੇ ਵਪਾਰ ਵਿੱਚ ਹੁਣ ਵਪਾਰਕ ਅਤੇ ਵਿੱਤੀ ਸ਼ਰਤਾਂ ਲੌਜਿਸਟਿਕਸ ਜਿੰਨੀਆਂ ਹੀ ਮਹੱਤਵਪੂਰਨ ਹੋ ਗਈਆਂ ਹਨ।

# ਲੱਗਦਾ ਹੈ ਕਿ ਰਾਘਵ ਚੱਢਾ ਨੇ ਸਮਝੌਤਾ ਕਰ ਲਿਆ ਹੈ: ਭਗਵੰਤ ਮਾਨ

**ਚੰਡੀਗੜ੍ਹ, 3 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਕਿਹਾ ਕਿ ਉਨ੍ਹਾਂ ਨੂੰ ਵਿਸ਼ਵਾਸ ਹੈ ਕਿ ਪਾਰਟੀ ਦੇ ਰਾਜ ਸਭਾ ਮੈਂਬਰ ਪਾਰਲੀਮੈਂਟ (ਰਾਘਵ ਚੱਢਾ) ਨੇ ਸਮਝੌਤਾ ਕਰ ਲਿਆ ਹੈ। ਮਾਨ ਅੱਜ ਸਵੇਰੇ ਚੱਢਾ ਵੱਲੋਂ ਜਾਰੀ ਕੀਤੇ ਬਿਆਨ ਸਬੰਧੀ ਪੁੱਛੇ ਗਏ ਇੱਕ ਸਵਾਲ ਦੇ ਜਵਾਬ ਇਹ ਟਿੱਪਣੀ ਕੀਤੀ।

ਪੰਜਾਬ ਦੇ ਮੁੱਖ ਮੰਤਰੀ ਨੇ ਕਿਹਾ, ÷ਜੇ ਉਹ ਉਨ੍ਹਾਂ ਅਹਿਮ ਮੁੱਦਿਆਂ 'ਤੇ ਵਾਕ-ਆਊਟ ਨਹੀਂ ਕਰਦੇ ਜਿੱਥੇ ਪਾਰਟੀ ਨੇ ਇੱਕ ਖਾਸ ਲਾਈਨ ਲਈ ਹੋਵੇ; ਪੱਛਮੀ ਬੰਗਾਲ ਵਿੱਚ ਵੋਟਾਂ ਕੱਟਣ ਵਿਰੁੱਧ ਬੋਲਣ ਲਈ ਤਿਆਰ ਨਹੀਂ ਹਨ; ਜਾਂ ਪਾਰਟੀ ਵਰਕਰਾਂ ਨੂੰ ਗ੍ਰਿਫਤਾਰ ਕਰਨ ਲਈ ਗੁਜਰਾਤ ਸਰਕਾਰ ਵਿਰੁੱਧ ਨਹੀਂ ਬੋਲਦੇ, ਤਾਂ ਕਾਰਵਾਈ ਕਰਨੀ ਹੀ ਪਵੇਗੀ। ਉਨ੍ਹਾਂ ਨੇ ਪਾਰਟੀ ਵ੍ਹਿਪ ਦੇ ਵਿਰੁੱਧ ਕਦਮ ਚੁੱਕਿਆ ਹੈ।÷ ਮਾਨ ਨੇ ਕਿਹਾ ਕਿ ਅਹਿਮ ਮੁੱਦੇ ਚੁੱਕਣ ਬਜਾਏ ਉਹ ਸਮੋਸੇ ਮਹਿੰਗੇ ਹੋਣ ਅਤੇ ਪੀਜ਼ਾ ਦੀ ਡਿਲੀਵਰੀ ਬਾਰੇ ਗੱਲ ਕਰ ਰਹੇ ਸਨ।

ਮਾਨ ਨੇ ਇਸ ਤੋਂ ਪਹਿਲਾਂ ਕਿਹਾ ਸੀ ਕਿ ਸਾਰੀਆਂ ਪਾਰਟੀਆਂ ਅਕਸਰ ਸੰਸਦ ਵਿੱਚ ਨੇਤਾ ਬਦਲਦੀਆਂ ਰਹਿੰਦੀਆਂ ਹਨ। ਉਨ੍ਹਾਂ ਕਿਹਾ,



÷2014-19 ਦੇ ਵਿਚਕਾਰ, ਪਹਿਲਾਂ ਡਾ. ਧਰਮਵੀਰ ਗਾਂਧੀ ਸਦਨ ਵਿੱਚ ਪਾਰਟੀ ਦੇ ਨੇਤਾ ਸਨ ਅਤੇ ਬਾਅਦ ਵਿੱਚ ਮੈਂ ਨੇਤਾ ਬਣਿਆ ਸੀ।÷

ਜ਼ਿਕਰਯੋਗ ਹੈ ਕਿ ਆਮ ਆਦਮੀ ਪਾਰਟੀ ਦੇ ਰਾਜ ਸਭਾ ਮੈਂਬਰ ਰਾਘਵ ਚੱਢਾ, ਜਿਸ ਨੂੰ ਕੱਲ੍ਹ ਉਪਰਲੇ ਸਦਨ ਵਿੱਚ ਪਾਰਟੀ ਦੇ ਉਪ-ਨੇਤਾ ਦੇ ਅਹੁਦੇ ਤੋਂ ਹਟਾ ਦਿੱਤਾ ਗਿਆ ਸੀ, ਨੇ 'ਆਪ' ਲੀਡਰਸ਼ਿਪ ਨੂੰ ਚੇਤਾਵਨੀ ਦਿੱਤੀ ਹੈ ਕਿ ਉਹ ਉਨ੍ਹਾਂ ਦੀ ਚੁੱਪ ਨੂੰ ਇਹ ਨਾ ਸਮਝਣ ਕਿ ਉਹ ਸਿਆਸੀ ਲੜਾਈ ਵਿੱਚ ਹਾਰ ਗਏ ਹਨ।

ਸੰਸਦ ਮੈਂਬਰ ਨੇ ਇੱਕ ਵੀਡੀਓ ਸੰਦੇਸ਼ ਵਿੱਚ ਕਿਹਾ ਹੈ, ÷ਜਦੋਂ ਸਮਾਂ ਆਵੇਗਾ ਤਾਂ ਮੈਂ ਸਭ ਕੁਝ ਸਪੱਸ਼ਟ ਕਰ ਦਿਆਂਗਾ।÷ ਰਾਘਵ ਚੱਢਾ ਪੰਜਾਬ ਵਿੱਚ 'ਆਪ' ਦੀ ਸਰਕਾਰ ਬਣਨ ਦੇ ਪਹਿਲੇ ਦੋ ਸਾਲਾਂ ਦੇ ਵਕਫ਼ੇ ਦੌਰਾਨ ਸਾਰੇ ਫੈਸਲੇ ਲੈ ਰਹੇ ਸਨ ਅਤੇ ਇੱਕ ਪਾਰਟੀ ਦੀ ਪ੍ਰਮੁੱਖ ਸ਼ਖਸੀਅਤ ਜਾਂਦੇ ਸਨ, ਪਰ ਉਨ੍ਹਾਂ ਦੀ ਥਾ ਪੰਜਾਬ ਤੋਂ 'ਆਪ' ਦੇ ਦੂਜੇ ਸੰਸਦ ਮੈਂਬਰ ਅਸ਼ੋਕ ਕੁਮਾਰ ਮਿੱਤਲ ਨੂੰ ਪਾਰਟੀ ਦਾ ਉਪ-ਨੇਤਾ ਬਣਾਇਆ ਗਿਆ ਹੈ।

ਇੱਕ ਵੀਡੀਓ ਸੰਦੇਸ਼ ਵਿੱਚ ਚੱਢਾ ਨੇ ਸਵਾਲ ਕੀਤਾ ਕਿ 'ਆਪ' ਨੇ ਰਾਜ ਸਭਾ ਸਕੱਤਰੇਤ ਨੂੰ ਉਨ੍ਹਾਂ ਨੂੰ ਸੰਸਦ ਵਿੱਚ ਬੋਲਣ ਦੀ ਇਜਾਜ਼ਤ ਨਾ ਦੇਣ ਲਈ ਕਿਉਂ ਕਿਹਾ। ਉਨ੍ਹਾਂ ਪੁੱਛਿਆ, ÷ਮੈਂ ਹਮੇਸ਼ਾ ਉਹ ਮੁੱਦੇ ਉਠਾਏ ਜੋ ਆਮ ਆਦਮੀ ਨਾਲ ਸਬੰਧਤ ਸਨ ਅਤੇ ਸੰਸਦ ਵਿੱਚ ਨਹੀਂ ਉਠਾਏ ਜਾ ਰਹੇ ਸਨ। ਕੀ ਇਹ ਮੁੱਦੇ ਚੁੱਕਣਾ ਪਾਪ ਹੈ? ਆਮ ਆਦਮੀ ਪਾਰਟੀ ਅਜਿਹਾ ਕਿਉਂ ਕਰੇਗੀ? ਮੈਂ ਹਵਾਈ ਅੱਡਿਆਂ 'ਤੇ ਵਿਕਣ ਵਾਲੇ ਮਹਿੰਗੇ ਖਾਣੇ, ਗਿੱਗ ਵਰਕਰਾਂ, ਮਿਲਾਵਟੀ ਖਾਣੇ ਅਤੇ ਬੈਂਕਾਂ ਵੱਲੋਂ ਲਗਾਏ ਜਾਣ ਵਾਲੇ ਗੁਪਤ ਚਾਰਜਾਂ ਬਾਰੇ ਗੱਲ ਕਰ ਰਿਹਾ ਸੀ। ਫਿਰ 'ਆਪ' ਕਿਉਂ ਨਹੀਂ ਚਾਹੁੰਦੀ ਕਿ ਮੈਂ ਬੋਲਾਂ?÷

ਉਨ੍ਹਾਂ ਚੇਤਾਵਨੀ ਦਿੱਤੀ ਕਿ ਉਹ ਉਸ ਨਦੀ ਵਰਗੇ ਹਨ ਜੋ ਸਹੀ ਸਮਾਂ ਆਉਣ 'ਤੇ ਹੜ੍ਹ ਦਾ ਰੂਪ ਲੈ ਲੈਂਦੀ ਹੈ। ਇਹ ਵੀਡੀਓ ਚੱਢਾ ਅਤੇ 'ਆਪ' ਵਿਚਕਾਰ ਸਬੰਧ ਟੁੱਟਣ ਦੇ ਸੰਕੇਤ ਵਜੋਂ ਦੇਖੀ ਜਾ ਰਹੀ ਹੈ। 'ਆਪ' ਦੇ ਸਫਾਂ ਵਿੱਚ ਉਨ੍ਹਾਂ ਦੀ ਭਾਜਪਾ ਨਾਲ ਕਥਿਤ ਨੇੜਤਾ ਨੂੰ ਲੈ ਕੇ ਬੇਚੈਨੀ ਹੈ ਅਤੇ ਇਹ ਚਿੰਤਾ ਵੀ ਹੈ ਕਿ ਕੁਝ ਮਹੀਨਿਆਂ ਵਿੱਚ ਹੋਣ ਵਾਲੀਆਂ ਪੰਜਾਬ ਚੋਣਾਂ ਵਿੱਚ ਕੇਂਦਰ ਦੀ ਸੱਤਾਧਾਰੀ ਪਾਰਟੀ ਵੱਲੋਂ ਉਨ੍ਹਾਂ ਦੀ ਵਰਤੋਂ ਕੀਤੀ ਜਾ ਸਕਦੀ ਹੈ। 2022 ਦੀਆਂ ਪੰਜਾਬ ਚੋਣਾਂ ਵਿੱਚ 'ਆਪ' ਨੂੰ ਸਫਲਤਾ ਦਿਵਾਉਣ ਦਾ ਸਿਹਰਾ ਕਾਫੀ ਹੱਦ ਤੱਕ ਚੱਢਾ ਨੂੰ ਦਿੱਤਾ ਗਿਆ ਸੀ, ਜਦੋਂ ਪਾਰਟੀ ਨੇ 117 ਵਿੱਚੋਂ 92 ਸੀਟਾਂ ਜਿੱਤੀਆਂ ਸਨ। 2023 ਦੇ ਅੰਤ ਤੱਕ ਸਰਕਾਰ ਵਿੱਚ ਉਨ੍ਹਾਂ ਦਾ ਪੂਰਾ ਦਬਦਬਾ ਰਿਹਾ ਸੀ।

ਹਾਲਾਂਕਿ ਦਿੱਲੀ ਚੋਣਾਂ ਦੀ ਦੌੜ ਦੌਰਾਨ ਅਤੇ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ ਦੀ ਦਿੱਲੀ ਸ਼ਰਾਬ ਘੁਟਾਲੇ ਵਿੱਚ ਗ੍ਰਿਫਤਾਰੀ (ਕੇਜਰੀਵਾਲ ਨੂੰ ਉਦੋਂ ਤੋਂ ਇਸ ਕੇਸ ਵਿੱਚੋਂ ਡਿਸਚਾਰਜ ਕਰ ਦਿੱਤਾ ਗਿਆ ਹੈ) ਦੇ ਦਿਨਾਂ ਦੌਰਾਨ ਸਿਆਸੀ ਦ੍ਰਿਸ਼ ਤੋਂ ਉਨ੍ਹਾਂ ਦੀ ਅਚਾਨਕ ਗੈਰ-ਹਾਜ਼ਰੀ ਪਾਰਟੀ ਲੀਡਰਸ਼ਿਪ ਨੂੰ ਰਾਸ ਨਹੀਂ ਆਈ।

ਚੱਢਾ ਨੇ ਉਦੋਂ ਦਾਅਵਾ ਕੀਤਾ ਸੀ ਕਿ ਉਹ ਅੱਖਾਂ ਦੀ ਬਿਮਾਰੀ ਦੇ ਇਲਾਜ ਲਈ ਯੂਕੇ ਵਿੱਚ ਸਨ। ਭਾਵੇਂ ਉਹ ਕੁਝ ਮਹੀਨਿਆਂ ਬਾਅਦ ਭਾਰਤ ਪਰਤ ਆਏ ਸਨ, ਪਰ ਲੱਗਦਾ ਹੈ ਕਿ ਉਨ੍ਹਾਂ ਨੇ ਪਾਰਟੀ ਲੀਡਰਸ਼ਿਪ ਦਾ ਭਰੋਸਾ ਗੁਆ ਦਿੱਤਾ ਸੀ ਅਤੇ ਉਹ ਕਾਫੀ ਹੱਦ ਤੱਕ ਅਲੱਗ-ਥਲੱਗ ਹੋ ਗਏ ਸਨ।

ਕਿਸੇ ਸਮੇਂ ਚੰਡੀਗੜ੍ਹ ਦੇ ਸੈਕਟਰ 2 ਦੀ ਆਲੀਸ਼ਾਨ ਕੋਠੀ ਨੰਬਰ 50 ਵਿੱਚ ਰਾਘਵ ਚੱਢਾ ਦਾ ਦਬਦਬਾ ਸੀ, ਜਿੱਥੇ ਪੁਲੀਸ ਅਤੇ ਸਿਵਲ ਅਧਿਕਾਰੀਆਂ, ਕਾਰੋਬਾਰੀਆਂ, ਮੰਤਰੀਆਂ, ਵਿਧਾਇਕਾਂ ਅਤੇ ਪਾਰਟੀ ਨੇਤਾਵਾਂ ਦੀਆਂ ਉਨ੍ਹਾਂ ਨੂੰ ਮਿਲਣ ਲਈ ਲੰਬੀਆਂ ਕਤਾਰਾਂ ਲੱਗੀਆਂ ਰਹਿੰਦੀਆਂ ਸਨ, ਪਰ ਪਿਛਲੇ ਸਾਲ ਸੰਸਦ ਮੈਂਬਰ ਨੂੰ ਘਰ ਖਾਲੀ ਕਰਨ ਲਈ ਵੀ ਮਜਬੂਰ ਹੋਣਾ ਪਿਆ ਸੀ।

# ਕਿਸਾਨਾਂ ਲਈ ਮੁਫ਼ਤ ਬਿਜਲੀ ਬੰਦ ਕਰਨ ਦਾ ਸੁਝਾਅ

## ਬਿਜਲੀ ਸਬਸਿਡੀ ਦੀ ਥਾਂ ਕੈਸ਼ ਇਨਸੈਂਟਿਵ ਦੇਣ ਦੀ ਵਕਾਲਤ; ਚੰਡੀਗੜ੍ਹ ਵਿੱਚ ਨੀਤੀ ਆਯੋਗ ਤੇ ਮਾਹਿਰਾਂ ਦੀ ਚਰਚਾ

**ਚੰਡੀਗੜ੍ਹ, 3 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ 'ਚ ਜ਼ਮੀਨੀ ਪਾਣੀ ਬਚਾਉਣ ਲਈ ਖੇਤੀ ਖੇਤਰ ਨੂੰ ਮੁਫ਼ਤ ਬਿਜਲੀ ਦੇਣ ਦੀ ਥਾਂ ਕਿਸਾਨਾਂ ਨੂੰ ਪ੍ਰਤੀ ਹੈਕਟੇਅਰ ਦੇ ਲਿਹਾਜ਼ ਨਾਲ ਸਿੱਧਾ ਕੈਸ਼ ਇਨਸੈਂਟਿਵ ਦੇਣਾ ਚਾਹੀਦਾ ਹੈ ਜਿਸ ਨਾਲ ਜ਼ਮੀਨੀ ਪਾਣੀ ਦੀ ਜ਼ਿਆਦਾ ਨਿਕਾਸੀ ਨੂੰ ਠੱਲ੍ਹ ਪਵੇਗੀ। ਫ਼ਸਲੀ ਵਿਭਿੰਨਤਾ ਲਈ ਕੰਟਰੈਕਟ ਫਾਰਮਿੰਗ ਵੱਲ ਕਦਮ ਵਧਾਉਣੇ ਪੈਣਗੇ ਕਿਉਂਕਿ ਪੁਰਾਣੇ ਕਦਮ ਨਾਕਾਫ਼ੀ ਹਨ। ਫ਼ਸਲੀ ਚੱਕਰ ਅਤੇ ਬਾਜ਼ਾਰੀ ਫ਼ਸਲ (ਨਕਦੀ ਫ਼ਸਲਾਂ) ਵਿਚਕਾਰ ਸੰਤੁਲਨ ਬਣਾਉਣਾ ਹੋਵੇਗਾ ਜਿਸ ਨਾਲ ਦੂਜੀ ਹਰੀ ਕ੍ਰਾਂਤੀ ਦੀ ਸੰਭਾਵਨਾ ਹੈ।




ਚੰਡੀਗੜ੍ਹ ਸਿਟੀਜ਼ਨਜ਼ ਫਾਊਂਡੇਸ਼ਨ ਵੱਲੋਂ ਇੱਥੇ ਕਰਿੱਡ 'ਚ ਕਰਵਾਏ ਸਮਾਗਮਾਂ 'ਚ ਨੀਤੀ ਨਿਰਮਾਤਾਵਾਂ, ਸਿੱਖਿਆ ਸ਼ਾਸਤਰੀਆਂ ਅਤੇ ਖੇਤੀ ਖੇਤਰ ਦੇ ਮਾਹਿਰਾਂ ਨੇ ਖੇਤੀ ਦੇ ਮੌਜੂਦਾ ਸੰਕਟ ਦੇ ਹੱਲ ਲਈ ਉਪਰੋਕਤ ਸੁਝਾਅ ਪੇਸ਼ ਕੀਤੇ। 'ਪੰਜਾਬ ਅਤੇ ਹਰਿਆਣਾ ਵਿੱਚ ਉੱਚ ਆਮਦਨ ਅਤੇ ਟਿਕਾਊ ਖੇਤੀਬਾੜੀ ਲਈ ਵਿਭਿੰਨਤਾ ਨੂੰ ਉਤਸ਼ਾਹਿਤ ਕਰਨਾ' ਵਿਸ਼ੇ 'ਤੇ ਉੱਚ-ਪੱਧਰੀ ਗੱਲਬਾਤ ਦੌਰਾਨ ਟਿਕਾਊ ਖੇਤੀਬਾੜੀ ਅਤੇ ਕਿਸਾਨਾਂ ਦੀ ਆਮਦਨ ਵਧਾਉਣ ਦੇ ਤਰੀਕਿਆਂ 'ਤੇ ਫੋਕਸ ਕੀਤਾ ਗਿਆ।

ਮਾਹਿਰਾਂ ਨੇ ਪੰਜਾਬ ਸਰਕਾਰ ਨੂੰ ਫ਼ਸਲੀ ਬੀਮਾ ਨੀਤੀ ਲਈ ਵੀ ਅਪੀਲ ਕੀਤੀ ਕਿਉਂਕਿ ਕੁਦਰਤੀ ਮਾਰਾਂ ਅਤੇ ਜਲਵਾਯੂ ਤਬਦੀਲੀ ਨੇ ਫ਼ਸਲਾਂ ਨੂੰ ਢਾਹ ਲਾਈ ਹੈ। ਮੁੱਖ ਬੁਲਾਰੇ ਤੇ ਨੀਤੀ ਆਯੋਗ ਦੇ ਮੈਂਬਰ ਡਾ. ਰਮੇਸ਼ ਚੰਦ ਨੇ ਕਿਹਾ ਕਿ ਹੁਣ ਤੱਕ ਫ਼ਸਲੀ ਵਿਭਿੰਨਤਾ ਲਈ ਉਠਾਏ ਗਏ ਕਦਮਾਂ ਦੇ ਢੁਕਵੇਂ ਨਤੀਜੇ ਸਾਹਮਣੇ ਨਹੀਂ ਆਏ ਜਿਸ ਕਰਕੇ ਕਿਸਾਨੀ ਨੂੰ ਚੰਗੇ ਮੁਨਾਫ਼ੇ ਲਈ ਬਾਗ਼ਬਾਨੀ ਵੱਲ ਵਧਣਾ ਹੋਵੇਗਾ। ਪਾਣੀ ਦੀ ਵਧੇਰੇ ਖਪਤ ਵਾਲੇ ਕਣਕ ਝੋਨੇ ਦੇ ਫ਼ਸਲੀ ਚੱਕਰ 'ਚੋਂ ਬਾਹਰ ਨਿਕਲਣਾ ਹੋਵੇਗਾ। ਉਨ੍ਹਾਂ ਕਿਹਾ ਕਿ ਕਿਸਾਨ ਝੋਨੇ ਦੀ ਖੇਤੀ ਛੱਡਣ ਲਈ ਉਪਰਾਲੇ ਸ਼ੁਰੂ ਕਰਨ ਕਿਉਂਕਿ ਸਰ੍ਹੋਂ, ਕਪਾਹ ਅਤੇ ਮੱਕੀ ਦੀ ਫ਼ਸਲ 'ਚ ਵੀ ਵੱਡੀ ਸੰਭਾਵਨਾ ਹੈ।

ਇੱਕ ਦਹਾਕੇ ਵਿੱਚ ਝੋਨੇ ਹੇਠ ਦਸ ਫੀਸਦ ਰਕਬਾ ਹੋਰ ਫ਼ਸਲਾਂ ਵਿੱਚ ਤਬਦੀਲ ਕਰਨ ਦੀ ਸੂਰਤ 'ਚ ਖੇਤੀ ਖੇਤਰ ਨੂੰ 3.4 ਫੀਸਦ ਸਾਲਾਨਾ ਵਿਕਾਸ ਵੱਲ ਲੈ ਜਾਵੇਗਾ। ਫ਼ਲ ਅਤੇ ਸਬਜ਼ੀਆਂ ਦੀ ਕਾਸ਼ਤ ਜ਼ੋਨ ਬਣਾਏ ਜਾਣ ਦੀ ਲੋੜ ਹੈ। ਹਰਿਆਣਾ ਦੀ ਤਰ੍ਹਾਂ 'ਕੀਮਤ ਸਥਿਰਤਾ ਫ਼ੰਡ' ਪੰਜਾਬ 'ਚ ਸਥਾਪਿਤ ਕੀਤਾ ਜਾਣਾ ਚਾਹੀਦਾ ਹੈ।

# ਆੜ੍ਹਤੀਏ ਹਰਿਆਣਾ 'ਚ ਆੜ੍ਹਤ ਕਰ ਲੈਣ : ਮੁੱਖ ਮੰਤਰੀ

## ਆੜ੍ਹਤੀਆਂ ਨੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸੈਣੀ ਨਾਲ ਕੀਤੀ ਸੀ ਮੀਟਿੰਗ

**ਚੰਡੀਗੜ੍ਹ, 3 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਹੜਤਾਲੀ ਆੜ੍ਹਤੀਆਂ ਨੂੰ ਸਿੱਧਾ ਆਖ ਦਿੱਤਾ ਹੈ ਕਿ ਜੇ ਹਰਿਆਣਾ ਦੇ ਮੁੱਖ ਮੰਤਰੀ ਕੋਲ ਜਾ ਕੇ ਹੀ ਪੰਜਾਬ ਦੀ ਚਿੰਤਾ ਕਰਨੀ ਹੈ ਤਾਂ ਪੰਜਾਬ ਦੇ ਆੜ੍ਹਤੀਏ ਹਰਿਆਣਾ 'ਚ ਆੜ੍ਹਤ ਕਰ ਲੈਣ।

ਉਨ੍ਹਾਂ ਕਿਹਾ ਕਿ ਆੜ੍ਹਤੀਏ ਹਰ ਮਾਮਲੇ 'ਚ ਹਰਿਆਣਾ ਨੂੰ ਖਿੱਚ ਲਿਆਉਂਦੇ ਹਨ ਜਦੋਂ ਕਿ ਹਰਿਆਣਾ 'ਚ ਸੰਗਰੂਰ ਜ਼ਿਲ੍ਹੇ ਦੇ ਬਰਾਬਰ ਹੀ ਪੈਦਾਵਾਰ ਹੁੰਦੀ ਹੈ। ਉਨ੍ਹਾਂ ਸਵਾਲ ਕੀਤਾ ਕਿ ਹਰਿਆਣਾ 'ਚ ਤਾਂ ਬਿਜਲੀ ਮੁਆਫ਼ੀ ਵੀ ਨਹੀਂ ਹੈ। ਮੁੱਖ ਮੰਤਰੀ ਨੇ ਕਿਹਾ ਕਿ ਆੜ੍ਹਤੀਆਂ ਦੀ ਆੜ੍ਹਤ ਦਾ ਮਾਮਲਾ ਉਹ ਕੇਂਦਰ ਕੋਲ ਤਿੰਨ ਚਾਰ ਵਾਰ ਉਠਾ ਚੁੱਕੇ ਹਨ।



ਦੱਸਣਯੋਗ ਹੈ ਕਿ ਫੈਡਰੇਸ਼ਨ ਆਫ਼ ਆੜ੍ਹਤੀਆਂ ਐਸੋਸੀਏਸ਼ਨ ਆਫ਼ ਪੰਜਾਬ ਦੀ ਅਗਵਾਈ 'ਚ ਪਹਿਲੀ ਅਪਰੈਲ ਤੋਂ ਪੰਜਾਬ ਦੇ ਆੜ੍ਹਤੀਆਂ ਨੇ ਢਾਈ ਫ਼ੀਸਦੀ ਆੜ੍ਹਤ ਦੀ ਮੰਗ ਨੂੰ ਲੈ ਕੇ ਹੜਤਾਲ ਕੀਤੀ ਹੋਈ ਹੈ। ਪੰਜਾਬ ਦੇ ਮੁੱਖ ਮੰਤਰੀ ਨਾਲ ਮਸਲਾ ਨਜਿੱਠਣ ਲਈ ਮੀਟਿੰਗ ਕਰਨ ਤੋਂ ਬਾਅਦ ਆੜ੍ਹਤੀਆਂ ਨੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਾਲ ਮੀਟਿੰਗ ਕੀਤੀ ਸੀ ਤਾਂ ਜੋ ਕੇਂਦਰ ਤੱਕ ਪਹੁੰਚ ਬਣਾਈ ਜਾ ਸਕੇ। ਮੁੱਖ ਮੰਤਰੀ ਸੈਣੀ ਨੇ ਆੜ੍ਹਤੀਆਂ ਦੀ ਆਓ ਭਗਤ ਕੀਤੀ ਅਤੇ ਸਿਆਸੀ ਚੋਗ਼ਾ ਵੀ ਪਾਇਆ ਸੀ।

ਮੁੱਖ ਮੰਤਰੀ ਭਗਵੰਤ ਮਾਨ ਨੂੰ ਜਦੋਂ ਸੈਣੀ ਕੋਲ ਆੜ੍ਹਤੀਆਂ ਵੱਲੋਂ ਜ਼ਾਹਿਰ ਕੀਤੇ ਫ਼ਿਕਰਾਂ ਬਾਰੇ ਪੁੱਛਿਆ ਗਿਆ ਤਾਂ ਮੁੱਖ ਮੰਤਰੀ ਨੇ ਕਿਹਾ ਕਿ ਚੰਗਾ ਹੁੰਦਾ ਆੜ੍ਹਤੀਏ ਹਰਿਆਣਾ ਦੇ ਮੁੱਖ ਮੰਤਰੀ ਕੋਲ ਚਿੰਤਾ ਕਰਨ ਦੀ ਥਾਂ ਮੁੱਦੇ ਉਠਾਉਂਦੇ।

ਮੁੱਖ ਮੰਤਰੀ ਨੇ ਕਿਹਾ ਕਿ ਉਹ ਵੀ ਜਲਦ ਹਰਿਆਣਾ 'ਚ ਆਪਣੇ ਸਿਆਸੀ ਪ੍ਰੋਗਰਾਮ ਉਲੀਕ ਰਹੇ ਹਨ।

# ਕੈਨੇਡਾ ਦੀ ਤਰ੍ਹਾਂ ਪੰਜਾਬ 'ਚ ਵੀ ਖਾਲਿਸਤਾਨੀ ਪ੍ਰਚਾਰ 'ਤੇ ਤੁਰੰਤ ਪਾਬੰਦੀ ਲੱਗੇ : ਹੈਪੀ ਕੁਮਾਰ ਸਾਕਿਆ



**ਭੁੱਚੋ ਮੰਡੀ, 3 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਵ ਸੈਨਾ ਲੋਆਇਣ ਪੰਜਾਬ ਯੂਥ ਵਾਇਸ ਪ੍ਰਧਾਨ ਹੈਪੀ ਕੁਮਾਰ ਸਾਕਿਆ ਨੇ ਕੜੇ ਸ਼ਬਦਾਂ ਵਿੱਚ ਕਿਹਾ ਕਿ ਪੰਜਾਬ ਦੀ ਪਵਿੱਤਰ ਧਰਤੀ 'ਤੇ ਕਿਸੇ ਵੀ ਤਰ੍ਹਾਂ ਦੀ ਖਾਲਿਸਤਾਨੀ ਸੋਚ ਜਾਂ ਪ੍ਰਚਾਰ ਨੂੰ ਕਿਸੇ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਇਹ ਤੱਤ ਪੰਜਾਬ ਦੀ ਸ਼ਾਂਤੀ, ਭਾਈਚਾਰੇ ਅਤੇ ਏਕਤਾ ਨੂੰ ਤੋੜਨ ਦੀ ਸਾਜ਼ਿਸ਼ ਕਰ ਰਹੇ ਹਨ, ਜਿਸ ਨੂੰ ਸਿਵ ਸੈਨਾ ਲੋਆਇਣ ਕਦੇ ਕਾਮਯਾਬ ਨਹੀਂ ਹੋਣ ਦੇਵੇਗੀ।

ਉਨ੍ਹਾਂ ਦ੍ਰਿੜਤਾ ਨਾਲ ਮੰਗ ਕੀਤੀ ਕਿ ਕੈਨੇਡਾ ਦੀ ਤਰ੍ਹਾਂ ਪੰਜਾਬ ਵਿੱਚ ਵੀ ਖਾਲਿਸਤਾਨੀ ਪ੍ਰਚਾਰ 'ਤੇ ਤੁਰੰਤ ਪੂਰਨ ਪਾਬੰਦੀ ਲਗਾਈ ਜਾਵੇ ਅਤੇ ਅਜਿਹੇ ਗੈਰ-ਕਾਨੂੰਨੀ ਤੱਤਾਂ ਖ਼ਿਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ।

ਹੈਪੀ ਕੁਮਾਰ ਸਾਕਿਆ ਨੇ ਕਿਹਾ ਕਿ ਪੰਜਾਬ ਦੀ ਧਰਤੀ ਨੇ ਹਮੇਸ਼ਾਂ ਪਿਆਰ, ਅਮਨ ਅਤੇ ਭਾਈਚਾਰੇ ਦਾ ਸੰਦੇਸ਼ ਦਿੱਤਾ ਹੈ, ਪਰ ਕੁਝ ਗਲਤ ਤਾਕਤਾਂ ਇਸ ਨੂੰ ਖਰਾਬ ਕਰਨ ਦੀ ਕੋਸ਼ਿਸ਼ ਕਰ ਰਹੀਆਂ ਹਨ। ਉਨ੍ਹਾਂ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸਰਕਾਰ ਨੇ ਸਮੇਂ ਸਿਰ ਕੜੇ ਕਦਮ ਨਾ ਚੁੱਕੇ ਤਾਂ ਸਿਵ ਸੈਨਾ ਲੋਆਇਣ ਸੜਕਾਂ 'ਤੇ ਉਤਰ ਕੇ ਵਿਰੋਧ ਕਰਨ ਲਈ ਮਜਬੂਰ ਹੋਵੇਗੀ।

ਉਨ੍ਹਾਂ ਨੌਜਵਾਨਾਂ ਨੂੰ ਸੰਦੇਸ਼ ਦਿੱਤਾ ਕਿ ਉਹ ਅਜਿਹੀਆਂ ਗਲਤ ਤਾਕਤਾਂ ਤੋਂ ਸਾਵਧਾਨ ਰਹਿਣ ਅਤੇ ਆਪਣੇ ਭਵਿੱਖ ਨੂੰ ਸਿੱਖਿਆ, ਰੋਜ਼ਗਾਰ ਅਤੇ ਦੇਸ਼ ਦੀ ਤਰੱਕੀ ਨਾਲ ਜੋੜਣ।

ਉਨ੍ਹਾਂ ਕਿਹਾ ਕਿ ਪੰਜਾਬ ਦੀ ਏਕਤਾ ਅਤੇ ਅਖੰਡਤਾ ਨਾਲ ਖੇਡਣ ਵਾਲਿਆਂ ਨੂੰ ਕਦੇ ਵੀ ਬਖ਼ਸ਼ਿਆ ਨਹੀਂ ਜਾਵੇਗਾ

# ਅਸ਼ੀਰਵਾਦ ਸਕੀਮ ਤਹਿਤ 2694 ਲਾਭਪਾਤਰੀਆਂ ਲਈ 13.74 ਕਰੋੜ ਜਾਰੀ: ਡਾ. ਬਲਜੀਤ ਕੌਰ

**ਚੰਡੀਗੜ੍ਹ, 3 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਮਾਜ ਦੇ ਪੱਛੜੇ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੀਆਂ ਲੜਕੀਆਂ ਦੇ ਵਿਆਹ ਸਮੇਂ ਪਰਿਵਾਰਾਂ ਨੂੰ ਆਰਥਿਕ ਸਹਾਰਾ ਦੇਣ ਲਈ ਅਸ਼ੀਰਵਾਦ ਸਕੀਮ ਤਹਿਤ ਵਿੱਤੀ ਸਾਲ 2025-26 ਦੌਰਾਨ 2694 ਲਾਭਪਾਤਰੀਆਂ ਨੂੰ 13.74 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ।

ਉਨ੍ਹਾਂ ਕਿਹਾ ਕਿ ਇਹ ਸਹਾਇਤਾ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਲਈ ਧੀਆਂ ਦੇ ਵਿਆਹ ਸਮੇਂ ਵੱਡੀ ਰਾਹਤ ਸਾਬਤ ਹੋ ਰਹੀ ਹੈ ਅਤੇ ਸਰਕਾਰ ਇਹ ਯਕੀਨੀ ਬਣਾ ਰਹੀ ਹੈ ਕਿ ਕੋਈ ਵੀ ਯੋਗ ਪਰਿਵਾਰ ਇਸ ਸਹੂਲਤ ਤੋਂ ਵਾਂਝਾ ਨਾ ਰਹੇ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਡਾ. ਬਲਜੀਤ ਕੌਰ ਨੇ ਦੱਸਿਆ ਕਿ ਅਸ਼ੀਰਵਾਦ ਸਕੀਮ ਤਹਿਤ ਜ਼ਿਲ੍ਹਾ ਬਰਨਾਲਾ, ਬਠਿੰਡਾ, ਫਰੀਦਕੋਟ, ਫਿਰੋਜ਼ਪੁਰ, ਸ੍ਰੀ ਫਤਹਿਗੜ੍ਹ ਸਾਹਿਬ, ਗੁਰਦਾਸਪੁਰ, ਹੁਸ਼ਿਆਰਪੁਰ, ਲੁਧਿਆਣਾ, ਮਾਨਸਾ, ਮੋਗਾ, ਪਟਿਆਲਾ, ਪਠਾਨਕੋਟ, ਰੂਪਨਗਰ, ਐਸ.ਏ.ਐਸ. ਨਗਰ, ਐਸ.ਬੀ.ਐਸ. ਨਗਰ, ਸੰਗਰੂਰ, ਮਾਲੇਰਕੋਟਲਾ ਅਤੇ ਤਰਨਤਾਰਨ ਜ਼ਿਲ੍ਹਿਆਂ ਦੇ ਲਾਭਪਾਤਰੀਆਂ ਨੂੰ ਇਹ ਵਿੱਤੀ ਸਹਾਇਤਾ ਮੁਹੱਈਆ ਕਰਵਾਈ ਗਈ ਹੈ। ਸਮਾਜਿਕ ਨਿਆਂ ਮੰਤਰੀ ਨੇ ਦੱਸਿਆ ਕਿ ਇਸ ਰਾਸ਼ੀ ਨਾਲ ਜ਼ਿਲ੍ਹਾ ਬਰਨਾਲਾ ਦੇ 70, ਬਠਿੰਡਾ ਦੇ 253, ਫਰੀਦਕੋਟ ਦੇ 13, ਫਿਰੋਜ਼ਪੁਰ ਦੇ 38, ਸ੍ਰੀ ਫਤਹਿਗੜ੍ਹ ਸਾਹਿਬ ਦੇ 72, ਗੁਰਦਾਸਪੁਰ ਦੇ 211, ਹੁਸ਼ਿਆਰਪੁਰ ਦੇ 267, ਲੁਧਿਆਣਾ ਦੇ 134 ਅਤੇ ਮਾਨਸਾ ਦੇ 275 ਲਾਭਪਾਤਰੀਆਂ ਨੂੰ ਵਿੱਤੀ ਲਾਭ ਦਿੱਤਾ ਗਿਆ ਹੈ। ਇਸੇ ਤਰ੍ਹਾਂ ਜ਼ਿਲ੍ਹਾ ਮੋਗਾ ਦੇ 43, ਪਟਿਆਲਾ ਦੇ 129, ਪਠਾਨਕੋਟ ਦੇ 212, ਰੂਪਨਗਰ ਦੇ 336, ਐਸ.ਏ.ਐਸ. ਨਗਰ ਦੇ 163, ਐਸ.ਬੀ.ਐਸ. ਨਗਰ ਦੇ 29, ਸੰਗਰੂਰ ਦੇ 79, ਮਾਲੇਰਕੋਟਲਾ ਦੇ 171 ਅਤੇ ਤਰਨਤਾਰਨ ਦੇ 199 ਲਾਭਪਾਤਰੀਆਂ ਨੂੰ ਵੀ ਲਾਭ ਦਿੱਤਾ ਗਿਆ ਹੈ।

# ਪੰਚਕੂਲਾ ਦੀ ਅਦਾਲਤ ਨੇ ਹੁੱਡਾ ਅਤੇ ਏ.ਜੇ.ਐਲ. ਵਿਰੁੱਧ ਈ.ਡੀ. ਦਾ ਕੇਸ ਕੀਤਾ ਬੰਦ

**ਚੰਡੀਗੜ੍ਹ, 3 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਚਕੂਲਾ ਦੀ ਅਦਾਲਤ ਨੇ ਸਾਬਕਾ ਮੁੱਖ ਮੰਤਰੀ ਭੁਪਿੰਦਰ ਸਿੰਘ ਹੁੱਡਾ ਅਤੇ ਮੈਸਰਜ਼ ਐਸੋਸੀਏਟਡ ਜਰਨਲਜ਼ ਲਿਮਟਿਡ (ਏ ਜੇ ਐੱਲ) ਕੰਪਨੀ ਵਿਰੁੱਧ ਪੁਰਾਣੇ ਰੇਟਾਂ 'ਤੇ ਪਲਾਟ ਅਲਾਟ ਕਰਨ ਦੇ ਮਾਮਲੇ ਵਿੱਚ ਈ ਡੀ ਦੇ ਕੇਸ ਨੂੰ ਅੱਜ ਬੰਦ ਕਰ ਦਿੱਤਾ ਹੈ। ਪੀ ਐੱਮ ਐੱਲ ਏ ਅਦਾਲਤ ਦੇ ਵਿਸ਼ੇਸ਼ ਜੱਜ ਰਾਜੀਵ ਗੋਇਲ ਨੇ ਈ ਡੀ ਦੀ ਸ਼ਿਕਾਇਤ ਇਸ ਲਈ ਬੰਦ ਕਰ ਦਿੱਤੀ, ਕਿਉਂਕਿ ਹਾਈ ਕੋਰਟ ਪਹਿਲਾਂ ਹੀ ਸੀ ਬੀ ਆਈ ਵੱਲੋਂ ਚਲਾਏ ਜਾ ਰਹੇ ਮੁੱਖ ਕੇਸ ਵਿੱਚ ਹੁੱਡਾ ਅਤੇ ਏ ਜੇ ਐੱਲ ਕੰਪਨੀ ਨੂੰ ਬਰੀ ਕਰ ਚੁੱਕਿਆ ਸੀ।

ਹੁੱਡਾ ਦੇ ਵਕੀਲ ਐੱਸ.ਪੀ.ਐੱਸ. ਪਰਮਾਰ ਨੇ ਕਿਹਾ, ਪੰਚਕੂਲਾ ਦੀ ਮਾਨਯੋਗ ਪੀ ਐੱਮ ਐੱਲ ਏ ਅਦਾਲਤ ਨੇ ਈ ਡੀ ਦਾ ਕੇਸ ਇਸ ਲਈ ਬੰਦ ਕਰ ਦਿੱਤਾ ਕਿਉਂਕਿ ਮੁੱਖ ਕੇਸ ਦਾ ਫੈਸਲਾ ਪਹਿਲਾਂ ਹੀ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਲਿਆ ਜਾ ਚੁੱਕਾ ਹੈ, ਜਿਸ ਵਿੱਚ ਏ ਜੇ ਐੱਲ ਅਤੇ ਭੁਪਿੰਦਰ ਸਿੰਘ ਹੁੱਡਾ ਨੂੰ 25 ਫਰਵਰੀ 2026 ਦੇ ਹੁਕਮਾਂ ਰਾਹੀਂ ਦੋਸ਼ਮੁਕਤ ਕੀਤਾ ਗਿਆ ਸੀ। ਵਿਜੇ ਮਦਨਲਾਲ ਚੌਧਰੀ ਕੇਸ ਵਿੱਚ ਸੁਪਰੀਮ ਕੋਰਟ ਦੇ ਫੈਸਲੇ ਦਾ ਹਵਾਲਾ ਦਿੰਦੇ ਹੋਏ ਪੰਚਕੂਲਾ ਦੀ ਅਦਾਲਤ ਨੇ ਇਹ ਕੇਸ ਬੰਦ ਕਰ ਦਿੱਤਾ, ਕਿਉਂਕਿ ਜਦੋਂ ਮੁੱਖ ਅਪਰਾਧ ਵਿੱਚੋਂ ਹੀ ਮੁਲਜ਼ਮ ਬਰੀ ਹੋ ਜਾਣ ਤਾਂ ਈ ਡੀ ਦੀ ਸ਼ਿਕਾਇਤ ਦਾ ਕੋਈ ਆਧਾਰ ਨਹੀਂ ਰਹਿ ਜਾਂਦਾ। ਵਿਜੇ ਮਦਨਲਾਲ ਚੌਧਰੀ ਕੇਸ ਵਿੱਚ ਸੁਪਰੀਮ ਕੋਰਟ ਨੇ ਸਪਸ਼ਟ ਕੀਤਾ ਸੀ ਕਿ ਜੇਕਰ ਕੋਈ ਵਿਅਕਤੀ ਮੁੱਖ ਅਪਰਾਧ ਵਿੱਚੋਂ ਬਰੀ ਹੋ ਜਾਂਦਾ ਹੈ ਜਾਂ ਅਦਾਲਤ ਉਸ ਵਿਰੁੱਧ ਕੇਸ ਰੱਦ ਕਰ ਦਿੰਦੀ ਹੈ ਤਾਂ ਉਸ ਉੱਤੇ ਮਨੀ-ਲਾਂਡਰਿੰਗ ਦਾ ਕੋਈ ਕੇਸ ਨਹੀਂ ਬਣ ਸਕਦਾ।



ਪੰਚਕੂਲਾ ਦੇ ਸੈਕਟਰ 6 ਵਿੱਚ ਪਲਾਟ ਨੰਬਰ ਸੀ-17, ਏ ਜੇ ਐੱਲ ਕੰਪਨੀ ਨੂੰ ਅਖ਼ਬਾਰ ਸ਼ੁਰੂ ਕਰਨ ਲਈ 91 ਰੁਪਏ ਪ੍ਰਤੀ ਵਰਗ ਮੀਟਰ ਦੀ ਸਸਤੀ ਦਰ 'ਤੇ ਅਲਾਟ ਕੀਤਾ ਗਿਆ ਸੀ ਪਰ ਦੋ ਸਾਲਾਂ ਵਿੱਚ ਉਸਾਰੀ ਨਾ ਹੋਣ ਕਾਰਨ ਇਹ ਪਲਾਟ ਵਾਪਸ ਲੈ ਲਿਆ ਗਿਆ ਸੀ ਅਤੇ ਇਸ ਸਬੰਧੀ ਸਾਰੀਆਂ ਅਪੀਲਾਂ ਦਾ ਫੈਸਲਾ 10 ਅਕਤੂਬਰ 1996 ਤੱਕ ਹੋ ਚੁੱਕਾ ਸੀ।

# ਸ਼ਿਵ ਸੈਨਾ ਹਿੰਦੁਸਤਾਨ ਪੰਜਾਬ ਰਾਜ ਦੇ ਸੀਨੀਅਰ ਅਹੁਦੇਦਾਰਾਂ ਦੀ ਮੀਟਿੰਗ 5 ਨੂੰ

**ਪਟਿਆਲਾ, 3 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਿਵ ਸੈਨਾ ਹਿੰਦੁਸਤਾਨ ਪੰਜਾਬ ਰਾਜ ਦੇ ਸੀਨੀਅਰ ਅਹੁਦੇਦਾਰਾਂ ਦੀ ਇੱਕ ਮੀਟਿੰਗ ਰਾਸ਼ਟਰੀ ਪ੍ਰਧਾਨ ਸ਼੍ਰੀ ਪਵਨ ਗੁਪਤਾ ਵੱਲੋਂ 5 ਅਪ੍ਰੈਲ ਨੂੰ ਪਟਿਆਲਾ ਵਿੱਚ ਬੁਲਾਈ ਗਈ ਹੈ। ਇਸ ਮੀਟਿੰਗ ਵਿੱਚ ਪੰਜਾਬ ਦੇ ਸਾਰੇ ਰਾਸ਼ਟਰੀ ਅਹੁਦੇਦਾਰ ਅਤੇ ਸੀਨੀਅਰ ਅਹੁਦੇਦਾਰ ਮੌਜੂਦ ਰਹਿਣਗੇ।

ਇਸ ਮੀਟਿੰਗ ਬਾਰੇ ਜਾਣਕਾਰੀ ਦਿੰਦੇ ਹੋਏ ਪਾਰਟੀ ਦੇ ਸੀਨੀਅਰ ਉਪ ਪ੍ਰਧਾਨ, ਸ਼ਮਾਕਾਂਤ ਪਾਂਡੇ ਨੇ ਦੱਸਿਆ ਕਿ ਮੀਟਿੰਗ ਦੀ ਪ੍ਰਧਾਨਗੀ ਪਾਰਟੀ ਦੇ ਮਾਣਯੋਗ ਰਾਸ਼ਟਰੀ ਪ੍ਰਧਾਨ ਸ਼੍ਰੀ ਪਵਨ ਗੁਪਤਾ ਕਰਨਗੇ। ਇਹ ਮੀਟਿੰਗ ਰਾਜਪੁਰਾ ਰੋਡ ਸਥਿਤ ਐਸਕੇਐਮ ਭਵਨ ਪਟਿਆਲਾ ਵਿਖੇ ਹੋਵੇਗੀ।



ਮੀਟਿੰਗ ਦਾ ਏਜੰਡਾ ਸਾਰੇ ਪਾਰਟੀ ਅਹੁਦੇਦਾਰਾਂ ਨੂੰ ਭੇਜਿਆ ਗਿਆ ਹੈ। ਇਹ ਮੀਟਿੰਗ ਪੰਜਾਬ ਦੀ ਸਥਿਤੀ ਨੂੰ ਦੇਖਦੇ ਹੋਏ ਬਹੁਤ ਮਹੱਤਵਪੂਰਨ ਹੋਣ ਜਾ ਰਹੀ ਹੈ।

ਇਸ ਮਹੱਤਵਪੂਰਨ ਪਾਰਟੀ ਮੀਟਿੰਗ ਵਿੱਚ, ਸੰਗਠਨ ਦੇ ਰਾਸ਼ਟਰੀ ਅਤੇ ਰਾਜ ਪੱਧਰੀ ਅਹੁਦੇਦਾਰਾਂ ਨਾਲ ਪੰਜਾਬ ਨਾਲ ਸਬੰਧਤ ਮੁੱਦਿਆਂ 'ਤੇ ਚਰਚਾ ਕਰਕੇ ਇੱਕ ਵਿਆਪਕ ਰਣਨੀਤੀ ਤਿਆਰ ਕੀਤੀ ਜਾਵੇਗੀ।

ਪਾਰਟੀ ਦੀ ਇਸ ਮਹੱਤਵਪੂਰਨ ਮੀਟਿੰਗ ਦੀ ਅਗਵਾਈ ਰਾਸ਼ਟਰੀ ਪ੍ਰਧਾਨ ਸ਼੍ਰੀ ਪਵਨ ਗੁਪਤਾ ਕਰਨਗੇ।

# ਪੰਜਾਬ ਸਰਕਾਰ ਨੇ ਰਿਕਾਰਡ ਮਾਲੀਏ, 1,300 ਕਰੋੜ ਰੁਪਏ ਦੇ ਸੜਕੀ ਕੰਮਾਂ ਅਤੇ ਵਿਆਪਕ ਨਾਗਰਿਕ ਸੁਧਾਰਾਂ ਨਾਲ ਸ਼ਹਿਰੀ ਬੁਨਿਆਦੀ ਢਾਂਚੇ ਦੇ ਵਿਕਾਸ ਵਿੱਚ ਲਿਆਂਦੀ ਤੇਜ਼ੀ

**ਚੰਡੀਗੜ੍ਹ, 3 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸਥਾਨਕ ਸਰਕਾਰਾਂ, ਉਦਯੋਗ ਅਤੇ ਵਣਜ, ਨਿਵੇਸ਼ ਪ੍ਰੋਤਸਾਹਨ ਅਤੇ ਬਿਜਲੀ ਮੰਤਰੀ ਸੰਜੀਵ ਅਰੋੜਾ ਨੇ ਅੱਜ ਸ਼ਹਿਰੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ, ਬਿਹਤਰ ਢੰਗ ਨਾਲ ਸੇਵਾ ਪ੍ਰਦਾਨ ਕਰਨ ਅਤੇ ਸੂਬੇ ਦੇ ਨਾਗਰਿਕਾਂ ਦੇ ਜੀਵਨ ਨੂੰ ਬਿਹਤਰ ਬਣਾਉਣ ਦੇ ਉਦੇਸ਼ ਨਾਲ ਵਿਆਪਕ ਪਹਿਲਕਦਮੀਆਂ ਅਤੇ ਸੁਧਾਰਾਂ ਦਾ ਐਲਾਨ ਕੀਤਾ। ਲੋਕਾਂ ਨੂੰ ਰਾਹਤ ਪ੍ਰਦਾਨ ਕਰਨ ਸਬੰਧੀ ਉਪਾਵਾਂ 'ਤੇ ਚਾਨਣਾ ਪਾਉਂਦਿਆਂ ਮੰਤਰੀ ਨੇ ਦੱਸਿਆ ਕਿ ਸੁਧਾਰ ਟਰੱਸਟਾਂ ਲਈ ਯਕਮੁਸ਼ਤ ਨਿਪਟਾਰਾ (ਓਟੀਐਸ) ਯੋਜਨਾ 30 ਅਪ੍ਰੈਲ, 2026 ਤੱਕ ਮੁੜ ਸ਼ੁਰੂ ਕੀਤੀ ਗਈ ਹੈ ਜਿਸ ਤਹਿਤ ਨਾਨ-ਕੰਸਟ੍ਰੱਕਸ਼ਨ ਫੀਸ (ਐਨਸੀਐਫ) 'ਤੇ ਲਗਭਗ 50 ਫੀਸਦ ਦੀ ਛੋਟ ਦਿੱਤੀ ਜਾ ਰਹੀ ਹੈ ਜਿਸ ਨਾਲ ਜਾਇਦਾਦ ਮਾਲਕਾਂ ਨੂੰ ਵੱਡੀ ਵਿੱਤੀ ਰਾਹਤ ਮਿਲੇਗੀ।




ਇੱਕ ਵੱਡੀ ਪ੍ਰਾਪਤੀ ਹਾਸਲ ਕਰਦਿਆਂ ਵਿੱਤੀ ਸਾਲ 2025-26 ਲਈ ਹਾਊਸ ਟੈਕਸ ਦੀ ਵਸੂਲੀ 600 ਕਰੋੜ ਰੁਪਏ ਤੱਕ ਪਹੁੰਚ ਗਿਆ ਹੈ ਜੋ ਕਿ ਵਿੱਤੀ ਸਾਲ 2024-25 ਵਿੱਚ 500 ਕਰੋੜ ਰੁਪਏ ਸੀ। ਇਹ ਵਾਧਾ ਸ਼ਹਿਰੀ ਸਥਾਨਕ ਇਕਾਈਆਂ ਦੀ ਬਿਹਤਰ ਕੁਸ਼ਲਤਾ, ਪਾਰਦਰਸ਼ਤਾ ਅਤੇ ਪਾਲਣਾ ਨੂੰ ਦਰਸਾਉਂਦਾ ਹੈ। ਸ਼ਹਿਰੀ ਬੁਨਿਆਦੀ ਢਾਂਚੇ ਨੂੰ ਹੁਲਾਰਾ ਦਿੰਦਿਆਂ ਮੰਤਰੀ ਨੇ ਕਿਹਾ ਕਿ ਨਗਰ ਨਿਗਮਾਂ ਅਤੇ ਕੌਂਸਲਾਂ ਵਿੱਚ 1,300 ਕਰੋੜ ਰੁਪਏ ਦੀ ਲਾਗਤ ਨਾਲ 2,120 ਕਿਲੋਮੀਟਰ ਸੜਕਾਂ ਦਾ ਨਿਰਮਾਣ ਕੀਤਾ ਜਾ ਰਿਹਾ ਹੈ ਜਿਨ੍ਹਾਂ ਨੂੰ ਮਈ 2026 ਦੇ ਅੰਤ ਤੱਕ ਮੁਕੰਮਲ ਕਰਨ ਦਾ ਟੀਚਾ ਰੱਖਿਆ ਗਿਆ ਹੈ। ਸਥਾਈ ਮੁਰੰਮਤ ਲਈ ਨਵੀਨਤਮ ਤਕਨਾਲੋਜੀ ਦੀ ਵਰਤੋਂ ਕਰਦਿਆਂ ਮਾਨਸੂਨ ਤੋਂ ਪਹਿਲਾਂ ਸੜਕਾਂ 'ਤੇ ਟੋਇਆਂ ਦੀ ਪੂਰੀ ਤਰ੍ਹਾਂ ਮੁਰੰਮਤ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।

ਵਪਾਰ ਕਰਨ ਵਿੱਚ ਆਸਾਨੀ ਨੂੰ ਉਤਸ਼ਾਹਿਤ ਕਰਨ ਲਈ ਬਿਲਡਿੰਗ ਪਲਾਨ ਸਬੰਧੀ ਪ੍ਰਵਾਨਗੀ ਪ੍ਰਕਿਰਿਆ ਨੂੰ ਸਰਲ ਬਣਾਇਆ ਗਿਆ ਹੈ। ਫਾਈਲਾਂ ਹੁਣ ਦੋ ਵਾਰ ਦੀ ਬਜਾਏ ਸਿਰਫ਼ ਇੱਕ ਵਾਰ ਕਮਿਸ਼ਨਰ ਕੋਲ ਜਮ੍ਹਾਂ ਕਰਵਾਈਆਂ ਜਾਣਗੀਆਂ, ਜਿਸ ਨਾਲ ਪ੍ਰਕਿਰਿਆ ਦੇ ਸਮੇਂ ਵਿੱਚ ਕਾਫ਼ੀ ਕਮੀ ਆਵੇਗੀ। ਇਸ ਤੋਂ ਇਲਾਵਾ, ਐਸਟੀਪੀ ਪ੍ਰਵਾਨਗੀਆਂ ਹੁਣ ਸਿਰਫ਼ ਅੱਧੇ ਏਕੜ ਅਤੇ ਇਸ ਤੋਂ ਵੱਧ ਖੇਤਰ ਵਾਲੇ ਪਲਾਟਾਂ ਲਈ ਲੋੜੀਂਦੀਆਂ ਹੋਣਗੀਆਂ ਜਦੋਂਕਿ ਪਹਿਲਾਂ ਇਹ ਪ੍ਰਵਾਨਗੀ 500 ਵਰਗ ਗਜ਼ ਤੱਕ ਲੋੜੀਂਦੀ ਸੀ। ਪ੍ਰਵਾਨਗੀਆਂ ਵਿੱਚ ਹੋਰ ਤੇਜ਼ੀ ਲਿਆਉਣ ਲਈ, ਜ਼ਿਲ੍ਹਾ ਅਤੇ ਮੁੱਖ ਦਫ਼ਤਰ ਪੱਧਰ 'ਤੇ ਇੱਕ ਸਿੰਗਲ-ਵਿੰਡੋ ਕਮੇਟੀ ਸਿਸਟਮ ਸ਼ੁਰੂ ਕੀਤਾ ਗਿਆ ਹੈ। ਇਸ ਸਿਸਟਮ ਤਹਿਤ ਸਾਰੇ ਸਬੰਧਤ ਅਧਿਕਾਰੀ ਇੱਕੋ ਵਾਰ ਪ੍ਰਵਾਨਗੀਆਂ ਦੇ ਸਕਣਗੇ, ਜਿਸ ਨਾਲ ਸਮੇਂ ਦੀ ਬੱਚਤ ਹੋਵੇਗੀ।

ਐਮਰਜੈਂਸੀ ਰਿਸਪਾਂਸ ਸਿਸਟਮ ਨੂੰ ਮਜ਼ਬੂਤ ਕਰਦਿਆਂ ਸਰਕਾਰ ਵੱਲੋਂ 131 ਕਰੋੜ ਰੁਪਏ ਦੇ ਨਿਵੇਸ਼ ਨਾਲ ਫਾਇਰ ਸਰਵਿਸਿਜ਼ ਦਾ ਆਧੁਨਿਕੀਕਰਨ ਕੀਤਾ ਜਾ ਰਿਹਾ ਹੈ, ਜਿਸ ਵਿੱਚ ਉੱਨਤ ਫਾਇਰ ਟੈਂਡਰਾਂ ਦੀ ਖਰੀਦ ਅਤੇ ਸੂਬੇ ਭਰ ਵਿੱਚ 13 ਨਵੇਂ ਫਾਇਰ ਸਟੇਸ਼ਨਾਂ ਦੀ ਸਥਾਪਨਾ ਸ਼ਾਮਲ ਹੈ। ਮੰਤਰੀ ਨੇ ਇਹ ਵੀ ਦੱਸਿਆ ਕਿ ਮੁਕੰਮਲ ਸੀਵਰੇਜ ਨੈੱਟਵਰਕ ਦੀ ਸਫਾਈ ਪਹਿਲ ਦੇ ਆਧਾਰ 'ਤੇ ਕੀਤੀ ਜਾ ਰਹੀ ਹੈ ਅਤੇ ਮਾਨਸੂਨ ਦੀ ਸ਼ੁਰੂਆਤ ਤੋਂ ਪਹਿਲਾਂ ਇਸਨੂੰ ਪੂਰਾ ਕਰ ਲਿਆ ਜਾਵੇਗਾ। ਜਿੱਥੇ ਵੀ ਸੰਭਵ ਹੋਵੇ, ਉਥੇ 9 ਵਿਸ਼ੇਸ਼ ਵੈਂਡਰਜ਼ ਰਾਹੀਂ ਸੁਪਰ ਸਕਸ਼ਨ ਮਸ਼ੀਨਾਂ ਤਾਇਨਾਤ ਕੀਤੀਆਂ ਜਾ ਰਹੀਆਂ ਹਨ।

ਇਸ ਤੋਂ ਇਲਾਵਾ, ਵਿੱਤੀ ਸਾਲ 2025-26 ਲਈ ਸੂਬੇ ਭਰ ਵਿੱਚ 450 ਕਰੋੜ ਰੁਪਏ ਦੇ ਸੀਵਰੇਜ ਪ੍ਰਾਜੈਕਟ ਪਹਿਲਾਂ ਹੀ ਅਲਾਟ ਕੀਤੇ ਜਾ ਚੁੱਕੇ ਹਨ ਅਤੇ ਇਹਨਾਂ ਨੂੰ ਮੌਜੂਦਾ ਵਿੱਤੀ ਸਾਲ ਵਿੱਚ ਪੂਰੇ ਕਰਨ ਦਾ ਟੀਚਾ ਰੱਖਿਆ ਗਿਆ ਹੈ। ਇਸ ਤੋਂ ਇਲਾਵਾ ਮੌਜੂਦਾ ਤਿਮਾਹੀ ਵਿੱਚ 700 ਕਰੋੜ ਰੁਪਏ ਦੇ ਪ੍ਰਾਜੈਕਟ ਅਲਾਟ ਕੀਤੇ ਜਾਣਗੇ।

ਜਲ ਪ੍ਰਬੰਧਨ 'ਤੇ, ਵਿੱਤੀ ਸਾਲ 2025-26 ਵਿੱਚ ਸਤਹੀ ਜਲ ਪ੍ਰਾਜੈਕਟਾਂ ਲਈ 700 ਕਰੋੜ ਰੁਪਏ ਦੇ ਕੰਮ ਅਲਾਟ ਕੀਤੇ ਗਏ ਸਨ, ਜਿਸਦਾ ਉਦੇਸ਼ ਭੂਮੀਗਤ ਪਾਣੀ ਦੀ ਸੰਭਾਲ ਅਤੇ ਸਾਫ਼ ਪੀਣ ਵਾਲੇ ਪਾਣੀ ਦੀ ਸਪਲਾਈ ਨੂੰ ਯਕੀਨੀ ਬਣਾਉਣਾ ਸੀ। ਇਸ ਤੋਂ ਇਲਾਵਾ ਮੌਜੂਦਾ ਤਿਮਾਹੀ ਵਿੱਚ ਲਗਭਗ 800 ਕਰੋੜ ਰੁਪਏ ਦੇ 30 ਵਾਟਰ ਟ੍ਰੀਟਮੈਂਟ ਪਲਾਂਟ ਵੀ ਅਲਾਟ ਕੀਤੇ ਜਾਣਗੇ।

ਸਰਕਾਰ ਦੀ ਵਚਨਬੱਧਤਾ 'ਤੇ ਜ਼ੋਰ ਦਿੰਦਿਆਂ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਕਿਹਾ, ਪੰਜਾਬ ਸ਼ਹਿਰੀ ਤਬਦੀਲੀ ਦੇ ਨਵੇਂ ਪੜਾਅ ਦਾ ਸਾਖੀ ਬਣ ਰਿਹਾ ਹੈ। ਵੱਡੇ ਪੱਧਰ 'ਤੇ ਬੁਨਿਆਦੀ ਢਾਂਚੇ ਦੇ ਵਿਕਾਸ ਤੋਂ ਲੈ ਕੇ ਪ੍ਰਵਾਨਗੀਆਂ ਨੂੰ ਸਰਲ ਬਣਾਉਣ ਅਤੇ ਨਾਗਰਿਕ ਸੇਵਾਵਾਂ ਨੂੰ ਬਿਹਤਰ ਬਣਾਉਣ ਤੱਕ ਹਰ ਪਹਿਲ ਸਾਡੇ ਨਾਗਰਿਕਾਂ ਲਈ ਬਿਹਤਰ ਸਹੂਲਤਾਂ, ਤੇਜ਼ ਸੇਵਾਵਾਂ ਅਤੇ ਜੀਵਨ ਦੀ ਉੱਚ ਗੁਣਵੱਤਾ ਪ੍ਰਦਾਨ ਕਰਨ 'ਤੇ ਕੇਂਦ੍ਰਿਤ ਹੈ।

# ਅੰਮ੍ਰਿਤਸਰ 'ਚ ਆਈ ਈ ਡੀ ਸਮੇਤ 1 ਗ੍ਰਿਫਤਾਰ; ISI ਨਾਲ ਜੁੜੇ ਹੋਣ ਦਾ ਸ਼ੱਕ

**ਅੰਮ੍ਰਿਤਸਰ, 3 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਅੰਮ੍ਰਿਤਸਰ ਦਿਹਾਤੀ ਪੁਲੀਸ ਨੇ ਸ਼ੁੱਕਰਵਾਰ ਨੂੰ ਇੱਕ ਵੱਡੀ ਅਤਿਵਾਦੀ ਸਾਜ਼ਿਸ਼ ਨੂੰ ਨਾਕਾਮ ਕਰਦਿਆਂ ਪਾਕਿਸਤਾਨ ਦੀ ਇੰਟਰ-ਸਰਵਿਸਿਜ਼ ਇੰਟੈਲੀਜੈਂਸ ਦੇ ਇਸ਼ਾਰੇ 'ਤੇ ਪੰਜਾਬ ਵਿੱਚ ਅਤਿਵਾਦੀ ਗਤੀਵਿਧੀਆਂ ਨੂੰ ਅੰਜਾਮ ਦੇਣ ਵਾਲੇ ਸ਼ੱਕੀ ਨੂੰ ਗ੍ਰਿਫਤਾਰ ਕੀਤਾ ਹੈ। ਉਸ ਦੇ ਕਬਜ਼ੇ ਵਿੱਚੋਂ ਇੱਕ ਸ਼ਕਤੀਸ਼ਾਲੀ ਇੰਪ੍ਰੋਵਾਈਜ਼ਡ ਐਕਸਪਲੋਸਿਵ ਡਿਵਾਈਸ (954) ਬਰਾਮਦ ਕੀਤਾ ਗਿਆ ਹੈ ਅਤੇ ਮਾਮਲਾ ਦਰਜ ਕਰ ਲਿਆ ਗਿਆ ਹੈ। ਪੁਲੀਸ ਸੂਤਰਾਂ ਅਨੁਸਾਰ ਮੁਲਜ਼ਮ ਦੇ ਨੈੱਟਵਰਕ ਅਤੇ ਹੈਂਡਲਰਾਂ ਦਾ ਪਰਦਾਫਾਸ਼ ਕਰਨ ਲਈ ਉਸ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਕੇਂਦਰੀ ਖੁਫੀਆ ਏਜੰਸੀਆਂ ਵੱਲੋਂ ਵੀ ਸ਼ੱਕੀ ਤੋਂ ਪੁੱਛਗਿੱਛ ਕੀਤੇ ਜਾਣ ਦੀ ਉਮੀਦ ਹੈ। ਮੁੱਢਲੀ ਜਾਂਚ ਵਿੱਚ ਮੁਲਜ਼ਮ ਦੇ ਫ਼ੋਨ ਵਿੱਚ ਕਈ ਪਾਕਿਸਤਾਨੀ ਮੋਬਾਈਲ ਨੰਬਰਾਂ ਦੀ ਮੌਜੂਦਗੀ ਦਾ ਪਤਾ ਲੱਗਾ ਹੈ। ਪੁਲੀਸ ਸੂਤਰਾਂ ਨੇ ਦੱਸਿਆ ਕਿ ਮੁਲਜ਼ਮ ਇੰਟਰਨੈੱਟ ਆਧਾਰਿਤ ਕਾਲਿੰਗ ਪਲੇਟਫਾਰਮਾਂ ਰਾਹੀਂ ਪਾਕਿਸਤਾਨ ਫ਼ੋਨ ਕਰਦਾ ਸੀ। ਖਾਸ ਖੁਫੀਆ ਜਾਣਕਾਰੀ 'ਤੇ ਕਾਰਵਾਈ ਕਰਦੇ ਹੋਏ, ਪੁਲੀਸ ਨੇ ਮੁਲਜ਼ਮ ਨੂੰ ਉਦੋਂ ਰੋਕਿਆ ਜਦੋਂ ਉਹ ਕਥਿਤ ਤੌਰ 'ਤੇ ਆਈਈਡੀ (954) ਨੂੰ ਕਿਤੇ ਰੱਖਣ ਜਾ ਰਿਹਾ ਸੀ। ਇਸ 954 ਉਸ ਨੇ ਕਥਿਤ ਤੌਰ 'ਤੇ ਰਮਦਾਸ ਇਲਾਕੇ ਤੋਂ ਚੁੱਕਿਆ ਸੀ। ਸ਼ੱਕ ਹੈ ਕਿ ਇਹ ਡਿਵਾਈਸ ਪਾਕਿਸਤਾਨ ਸਥਿਤ ਹੈਂਡਲਰਾਂ ਦੁਆਰਾ ਡਰੋਨ ਦੀ ਵਰਤੋਂ ਕਰਕੇ ਭਾਰਤੀ ਖੇਤਰ ਵਿੱਚ ਸੁੱਟਿਆ ਗਿਆ ਸੀ। ਪੁਲਿਸ ਇਸ ਗੱਲ ਦੀ ਵੀ ਜਾਂਚ ਕਰ ਰਹੀ ਹੈ ਕਿ ਗ੍ਰਿਫਤਾਰ ਕੀਤੇ ਗਏ ਵਿਅਕਤੀ ਦਾ ਭਿੰਡੀ ਸੈਦਾ ਪੁਲੀਸ ਸਟੇਸ਼ਨ 'ਤੇ ਹੋਏ ਹਾਲੀਆ ਗਰਨੇਡ ਹਮਲੇ ਨਾਲ ਕੋਈ ਸਬੰਧ ਹੈ ਜਾਂ ਨਹੀਂ। ਜਨਵਰੀ ਤੋਂ ਲੈ ਕੇ ਹੁਣ ਤੱਕ ਪੰਜਾਬ ਪੁਲੀਸ ਨੇ ਆਰਡੀਐਕਸ (♣4✓) ਨਾਲ ਭਰੇ ਲਗਪਗ ਪੰਜ ਆਈਈਡੀ ਬਰਾਮਦ ਕੀਤੇ ਹਨ। ਜਿੱਥੇ ਸਟੇਟ ਸਪੈਸ਼ਲ ਅਪਰੇਸ਼ਨ ਸੈੱਲ ਨੇ 10 ਫਰਵਰੀ, 11 ਫਰਵਰੀ ਅਤੇ 28 ਫਰਵਰੀ ਨੂੰ ਸਰਹੱਦੀ ਰਾਜ ਦੇ ਵੱਖ-ਵੱਖ ਹਿੱਸਿਆਂ ਤੋਂ ਤਿੰਨ ਸ਼ਕਤੀਸ਼ਾਲੀ ਆਈਈਡੀ ਜ਼ਬਤ ਕੀਤੇ ਹਨ, ਉੱਥੇ ਹੀ ਅੰਮ੍ਰਿਤਸਰ ਦਿਹਾਤੀ ਪੁਲੀਸ ਨੂੰ 20-21 ਫਰਵਰੀ ਦੀ ਦਰਮਿਆਨੀ ਰਾਤ ਨੂੰ ਰਈਆ ਪੁਲੀਸ ਚੌਂਕੀ ਦੇ ਪਿਛਲੇ ਪਾਸੇ ਤੋਂ ਆਈਈਡੀ ਵਾਲਾ ਬੈਗ ਮਿਲਿਆ ਸੀ।

# ਸਕੂਲੀ ਬੱਚਿਆਂ ਦੇ ਪੋਸ਼ਣ 'ਤੇ ਸਰਕਾਰ ਦਾ ਖਾਸ ਧਿਆਨ; ਪੀਐਮ ਪੋਸ਼ਨ ਸ਼ਕਤੀ ਨਿਰਮਾਣ ਯੋਜਨਾ ਲਈ 747 ਕਰੋੜ ਦਾ ਬਜਟ

**ਚੰਡੀਗੜ੍ਹ, 3 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਸਰਕਾਰ ਨੇ ਸਕੂਲੀ ਬੱਚਿਆਂ ਦੇ ਪੋਸ਼ਣ ਨੂੰ ਪ੍ਰੋਤਸਾਹਨ ਦੇਣ ਦੇ ਉਦੇਸ਼ ਨਾਲ ਪ੍ਰਧਾਨ ਮੰਤਰੀ ਪੋਸ਼ਣ ਸ਼ਕਤੀ ਨਿਰਮਾਣ ਯੋਜਨਾ ਤਹਿਤ ਸਾਲ 2026-27 ਲਈ 747 ਕਰੋੜ ਰੁਪਏ ਦੇ ਬਜਟ ਨੂੰ ਮੰਜੂਰੀ ਪ੍ਰਦਾਨ ਕੀਤੀ ਹੈ। ਰਾਜ ਦੇ ਸਕੂਲੀ ਬੱਚਿਆਂ ਨੂੰ ਪੋਸ਼ਣ ਸਹਾਇਤਾ ਪ੍ਰਦਾਨ ਕਰਨ ਦੇ ਉਦੇਸ਼ ਨਾਲ ਸੰਚਾਲਿਤ ਕੀਤੀ ਜਾ ਰਹੀ ਹੈ ਇਹ ਇੱਕ ਪ੍ਰਮੁੱਖ ਯੋਜਨਾ ਹੈ। ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਦੀ ਅਗਵਾਈ ਹੇਠ ਅੱਜ ਇੱਥੇ ਹੋਈ ਰਾਜ ਪੱਧਰੀ ਸੰਚਾਲਨ ਅਤੇ ਨਿਗਰਾਨੀ ਕਮੇਟੀ (ਐਸਐਲਐਸਐਮਸੀ) ਦੀ ਉੱਚ ਪੱਧਰੀ ਮੀਟਿੰਗ ਵਿੱਚ ਇਸ ਦੀ ਮੰਜੂਰੀ ਪ੍ਰਦਾਨ ਕੀਤੀ ਗਈ। ਮੀਟਿੰਗ ਵਿੱਚ ਯੋਜਨਾ ਦੇ ਮੌਜੂਦਾ ਲਾਗੂ ਕਰਨ, ਵਿੱਤੀ ਪ੍ਰਗਤੀ ਅਤੇ ਅਗਾਮੀ ਸਾਲ ਦੀ ਕਾਰਜਯੋਜਨਾ ਦੀ ਵੀ ਵਿਆਪਕ ਸਮੀਖਿਆ ਕੀਤੀ ਗਈ।ਮੰਜੂਰ ਬਜਟ ਵਿੱਚ ਕੇਂਦਰ ਸਰਕਾਰ ਦਾ 222 ਕਰੋੜ ਰੁਪਏ ਅਤੇ ਸੂਬਾ ਸਰਕਾਰ ਦਾ 525 ਕਰੋੜ ਰੁਪਏ ਦਾ ਹਿੱਸਾ ਹੈ। ਮੁੱਖ ਸਕੱਤਰ ਸ੍ਰੀ ਰਸਤੋਗੀ ਨੇ ਸਾਰੇ ਜਿਲ੍ਹਿਆਂ ਵਿੱਚ ਗੁਣਵੱਤਾ, ਸਵੱਛਤਾ ਅਤੇ ਪੋਸ਼ਣ ਮਾਨਕਾਂ ਦਾ ਸਖਤੀ ਨਾਲ ਪਾਲਣ ਯਕੀਨੀ ਕਰਨ ਦੇ ਨਿਰਦੇਸ਼ ਦਿੰਦੇ ਹੋਏ ਕਿਹਾ ਕਿ ਭੋਜਨ ਦੀ ਗੁਣਵੱਤਾ ਵਿੱਖ ਕਿਸੇ ਵੀ ਤਰ੍ਹਾ ਦਾ ਸਮਝੌਤਾ ਸਵੀਕਾਰ ਨਹੀ ਕੀਤਾ ਜਾਵੇਗਾ। ਉਨ੍ਹਾਂ ਨ ਅਧਿਕਾਰੀਆਂ ਨੂੰ ਜਿਲ੍ਹਾ ਅਤੇ ਸਕੂਲ ਪੱਧਰ 'ਤੇ ਨਿਗਰਾਨੀ ਸਿਸਟਮ ਨੂੰ ਹੋਰ ਮਜਬੂਤ ਕਰਨ ਦੇ ਵੀ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਕਿਹਾ ਕਿ ਬੱਚਿਆਂ ਨੂੰ ਦਿੱਤਾ ਜਾਣ ਵਾਲਾ ਭੋਜਨ ਪੌਸ਼ਟਿਕ, ਸਵਾਦ ਅਤੇ ਨਿਰਧਾਰਿਤ ਮਾਨਕਾਂ ਦੇ ਅਨੁਰੂਪ ਹੋਣ, ਇਸ ਦੇ ਲਈ ਨਿਯਮਤ ਨਿਰੀਖਣ ਦੇ ਨਾਲ-ਨਾਲ ਵਿਦਿਆਰਥੀਆਂ ਤੋਂ ਵੀ ਫੀਡਬੈਕ ਲਿਆ ਜਾਵੇ। ਮੀਟਿੰਗ ਵਿੱਚ ਰਕਮ ਦੇ ਪ੍ਰਭਾਵੀ ਵਰਤੋ ਅਤੇ ਸਮੇਂ 'ਤੇ ਕਿਸਤ ਜਾਰੀ ਕਰਨ ਸਬੰਧੀ ਉਪਾਆਂ 'ਤੇ ਵੀ ਚਰਚਾ ਕੀਤੀ ਗਈ। ਮੀਟਿੰਗ ਵਿੱਚ ਮੁੱਢਲੀ ਸਿਖਿਆ ਨਿਦੇਸ਼ਕ ਸੁਸ੍ਰੀ ਮਨੀਤਾ ਮਲਿਕ ਨੇ ਦਸਿਆ ਕਿ ਅਗਾਮੀ ਵਿੱਤ ਸਾਲ ਵਿੱਚ ਬਾਲ ਵਾਟਿਕਾ ਤੋਂ ਲੈ ਕੇ ਉੱਚ ਪ੍ਰਾਥਮਿਕ ਕਲਾਸਾਂ ਤੱਕ ਦੇ 14.8 ਲੱਖ ਤੋਂ ਵੱਧ ਬੱਚਿਆਂ ਨੂੰ ਯੋਜਨਾ ਦੇ ਤਹਿਤ ਸ਼ਾਮਿਲ ਕੀਤੇ ਜਾਣ ਦਾ ਪ੍ਰਸਤਾਵ ਹੈ। ਇਹ ਯੋਜਨਾ ਸਕੂਲੀ ਬੱਚਿਆਂ ਨੂੰ ਭੋਜਨ ਉਪਲਬਧ ਕਰਵਾਉਣ, ਸਰਕਾਰੀ ਸਕੂਲਾਂ ਵਿੱਚ ਮੌਜੂਦਗੀ ਵਧਾਉਣ ਅਤੇ ਵਿਦਿਆਰਥੀਆਂ ਦੀ ਨਾਮਜਦਗੀ ਬਣਾਏ ਰੱਖਣ ਵਿੱਚ ਮਹੱਤਵਪੂਰਣ ਭੂਮਿਕਾ ਨਿਭਾਉਂਦੀ ਹੈ।

ਕਮੇਟੀ ਨੇ ਵਿਦਿਆਰਥੀਆਂ ਨੂੰ ਉਪਲਬਧ ਕਰਾਏ ਜਾ ਰਹੇ ਭੋਜਨ ਮੈਨਯੂ ਅਤੇ ਪੋਸ਼ਣ ਸਬੰਧੀ ਦਖਲਅੰਦਾਜੀ ਦੀ ਵੀ ਸਮੀਖਿਆ ਕੀਤੀ, ਜਿਨ੍ਹਾਂ ਵਿੱਚ ਦੁੱਧ, ਪ੍ਰੋਟੀਨ ਯੁਕਤ ਭੋਜਨ ਪਦਾਰਥ, ਮੂੰਗਫਲੀ ਪਿੰਨੀ ਅਤੇ ਖੀਰ ਵਰਗੇ ਪੂਰਕ ਪੋਸ਼ਣ ਤੱਤ ਸ਼ਾਮਿਲ ਹਨ।

# ਅੱਖਾਂ ਦੀ ਰੌਸ਼ਨੀ ਬਰਕਰਾਰ ਰੱਖਣ ਲਈ ਜ਼ਰੂਰ ਖਾਓ ਚੀਕੂ, ਜਾਣੋ ਹੋਰ ਵੀ ਬੇਮਿਸਾਲ ਫ਼ਾਇਦੇ

ਚੀਕੂ ਇਕ ਸੁਆਦ ਅਤੇ ਗੁਣਾਂ ਨਾਲ ਭਰਪੂਰ ਫ਼ਲ ਹੈ। ਮਾਹਿਰਾਂ ਮੁਤਾਬਕ ਰੋਜ਼ਾਨਾ ਚੀਕੂ ਦੀ ਵਰਤੋਂ ਕਰਨ ਨਾਲ ਸਿਹਤ ਦੇ ਨਾਲ-ਨਾਲ ਖ਼ੂਬਸੂਰਤੀ ਵੀ ਬਰਕਰਾਰ ਰਹਿੰਦੀ ਹੈ। ਇਸ 'ਚ ਐਂਟੀ-ਆਕਸੀਡੈਂਟ, ਐਂਟੀ-ਵਾਇਰਲ, ਐਂਟੀ-ਬੈਕਟੀਰੀਅਲ ਗੁਣ ਮੌਜੂਦ ਹੁੰਦੇ ਹਨ। ਅਜਿਹੇ 'ਚ ਇਸ ਦੀ ਵਰਤੋਂ ਨਾਲ ਮਾਸਪੇਸ਼ੀਆਂ ਅਤੇ ਹੱਡੀਆਂ ਮਜ਼ਬੂਤ ਹੋਣ ਨਾਲ ਕੈਂਸਰ ਵਰਗੀ ਗੰਭੀਰ ਬੀਮਾਰੀ ਦੀ ਲਪੇਟ 'ਚ ਆਉਣ ਦਾ ਖ਼ਤਰਾ ਘੱਟ ਰਹਿੰਦਾ ਹੈ। ਚੱਲੋ ਅੱਜ ਅਸੀਂ ਤੁਹਾਨੂੰ ਇਸ ਬਿਹਤਰੀਨ ਫ਼ਲ ਨਾਲ ਮਿਲਣ ਵਾਲੇ ਲਾਜਵਾਬ ਫ਼ਾਇਦਿਆਂ ਦੇ ਬਾਰੇ 'ਚ ਦੱਸਦੇ ਹਾਂ।

**ਕੈਂਸਰ ਤੋਂ ਬਚਾਅ**

ਇਸ 'ਚ ਵਿਟਾਮਿਨ ਏ ਅਤੇ ਬੀ, ਆਇਰਨ, ਕੈਲਸ਼ੀਅਮ, ਫ਼ਾਈਬਰ, ਐਂਟੀ-ਆਕਸੀਡੈਂਟ ਗੁਣ ਹੁੰਦੇ ਹਨ। ਇਸ ਦੀ ਵਰਤੋਂ ਕਰਨ ਨਾਲ ਸਰੀਰ 'ਚ ਕੈਂਸਰ ਕੋਸ਼ਿਕਾਵਾਂ ਪੈਦਾ ਹੋਣ ਤੋਂ ਰੁਕਦੀਆਂ ਹਨ। ਅਜਿਹੇ 'ਚ ਖ਼ਾਸ ਤੌਰ 'ਤੇ ਫ਼ੇਫੜਿਆਂ ਅਤੇ ਮੂੰਹ ਦਾ ਕੈਂਸਰ ਹੋਣ ਤੋਂ ਬਚਾਅ ਰਹਿੰਦਾ ਹੈ।

**ਗੁਰਦੇ ਦੀ ਪੱਥਰੀ ਤੋਂ ਦਿਵਾਏ ਨਿਜ਼ਾਤ**

ਗੁਰਦੇ ਦੀ ਪੱਥਰੀ ਤੋਂ ਪ੍ਰੇਸ਼ਾਨ ਲੋਕਾਂ ਨੂੰ ਚੀਕੂ ਦੇ ਬੀਜਾਂ ਨੂੰ ਪੀਸ ਕੇ ਖਾਣਾ ਚਾਹੀਦਾ ਹੈ। ਇਸ ਦੀ ਵਰਤੋਂ ਨਾਲ ਪੱਥਰੀ ਪੇਸ਼ਾਬ ਰਾਹੀਂ ਬਾਹਰ ਨਿਕਲ ਜਾਵੇਗੀ। ਨਾਲ ਹੀ ਗੁਰਦੇ ਨਾਲ ਜੁੜੀਆਂ ਹੋਰ ਪ੍ਰੇਸ਼ਾਨੀਆਂ ਤੋਂ ਬਚਾਅ ਰਹੇਗਾ।

**ਅੱਖਾਂ ਲਈ ਫ਼ਾਇਦੇਮੰਦ**

ਚੀਕੂ 'ਚ ਵਿਟਾਮਿਨ ਏ ਹੋਣ ਨਾਲ ਅੱਖਾਂ ਦੀ ਰੌਸ਼ਨੀ ਵਧਣ ਦੇ ਨਾਲ-ਨਾਲ ਇਸ ਨਾਲ ਜੁੜੀਆਂ ਬੀਮਾਰੀਆਂ ਹੋਣ ਤੋਂ ਬਚਾਅ ਰਹਿੰਦਾ ਹੈ। ਅਜਿਹੇ 'ਚ ਬੱਚੇ ਹੋਣ ਜਾਂ ਵੱਡੇ ਹਰ ਕਿਸੇ ਨੂੰ ਆਪਣੀ ਖ਼ੁਰਾਕ 'ਚ ਚੀਕੂ ਜ਼ਰੂਰ ਸ਼ਾਮਲ ਕਰਨਾ ਚਾਹੀਦਾ ਹੈ।



**ਮਜ਼ਬੂਤ ਹੱਡੀਆਂ**

ਕੈਲਸ਼ੀਅਮ ਨਾਲ ਭਰਪੂਰ ਚੀਕੂ ਦੀ ਵਰਤੋਂ ਕਰਨ ਨਾਲ ਮਾਸਪੇਸ਼ੀਆਂ ਅਤੇ ਹੱਡੀਆਂ 'ਚ ਮਜ਼ਬੂਤੀ ਆਉਂਦੀ ਹੈ। ਇਸ ਦੀ ਵਰਤੋਂ ਕਰਨ ਨਾਲ ਉਮਰ ਵਧਣ 'ਤੇ ਜੋੜਾਂ ਦੇ ਦਰਦ ਤੋਂ ਰਾਹਤ ਮਿਲਦੀ ਹੈ।

**ਤਣਾਅ ਘਟਾਏ**

ਭੱਜ-ਦੌੜ ਭਰੀ ਜ਼ਿੰਦਗੀ ਦੇ ਕਾਰਨ ਅੱਜ ਹਰ ਦੂਜਾ ਵਿਅਕਤੀ ਤਣਾਅ ਨਾਲ ਜੂਝ ਰਿਹਾ ਹੈ। ਅਜਿਹੇ 'ਚ ਐਂਟੀ-ਆਕਸੀਡੈਂਟ ਗੁਣਾਂ ਨਾਲ ਭਰਪੂਰ ਚੀਕੂ ਦੀ ਵਰਤੋਂ ਕਰਨ ਨਾਲ ਦਿਮਾਗ ਸ਼ਾਂਤ ਹੁੰਦਾ ਹੈ। ਨਾਲ ਹੀ ਚੰਗੀ ਨੀਂਦ ਆਉਣ 'ਚ ਮਦਦ ਮਿਲਦੀ ਹੈ।

**ਕਬਜ਼ ਤੋਂ ਨਿਜ਼ਾਤ ਦਿਵਾਏ**

ਕਬਜ਼ ਤੋਂ ਪ੍ਰੇਸ਼ਾਨ ਲੋਕਾਂ ਲਈ ਚੀਕੂ ਦੀ ਵਰਤੋਂ ਕਰਨੀ ਲਾਭਕਾਰੀ ਹੈ। ਇਹ ਪਾਚਨ ਤੰਤਰ ਨੂੰ ਠੀਕ ਕਰਕੇ ਕਬਜ਼ ਦੀ ਸਮੱਸਿਆ ਅਤੇ ਇੰਫ਼ੈਕਸ਼ਨ ਨਾਲ ਲੜਨ 'ਚ ਮਦਦ ਕਰਦਾ ਹੈ।

**ਵਾਲ਼ਾਂ ਲਈ ਲਾਹੇਵੰਦ**

ਸਿਹਤ ਦੇ ਨਾਲ ਇਹ ਵਾਲਾਂ ਲਈ ਵੀ ਬੇਹੱਦ ਫ਼ਾਇਦੇਮੰਦ ਮੰਨਿਆ ਜਾਂਦਾ ਹੈ। ਚੀਕੂ ਦੇ ਬੀਜਾਂ ਨਾਲ ਤਿਆਰ ਤੇਲ ਵਾਲ਼ਾਂ ਦਾ ਰੁੱਖਾਪਨ ਦੂਰ ਕਰਕੇ ਉਨ੍ਹਾਂ ਨੂੰ ਮੁਲਾਇਮ ਅਤੇ ਚਮਕਦਾਰ ਬਣਾਉਣ 'ਚ ਮਦਦ ਕਰਦਾ ਹੈ। ਨਾਲ ਹੀ ਵਾਲ਼ਾਂ 'ਚ ਲੰਬੇ ਸਮੇਂ ਤੱਕ ਨਮੀ ਬਰਕਰਾਰ ਰਹਿੰਦੀ ਹੈ।

**ਚਮੜੀ ਬਣਾਏ ਚਮਕਦਾਰ**

ਇਸ ਦਾ ਪੈਕ ਬਣਾ ਕੇ ਚਿਹਰੇ 'ਤੇ ਲਗਾਉਣ ਨਾਲ ਚਮੜੀ ਡੂੰਘਾਈ ਤੋਂ ਸਾਫ਼ ਹੁੰਦੀ ਹੈ। ਚਿਹਰੇ 'ਤੇ ਪਏ ਦਾਗ-ਧੱਬੇ, ਛਾਈਆਂ, ਕਾਲੇ-ਘੇਰੇ ਅਤੇ ਰੁਖਾਪਨ ਦੂਰ ਹੁੰਦਾ ਹੈ। ਅਜਿਹੇ 'ਚ ਚਿਹਰਾ ਸਾਫ਼, ਨਿਖਰਿਆ, ਚਮਕਦਾਰ, ਮੁਲਾਇਮ ਅਤੇ ਜਵਾਨ ਨਜ਼ਰ ਆਉਂਦਾ ਹੈ। ਇਸ ਦਾ ਫ਼ੇਸਪੈਕ ਬਣਾਉਣ ਲਈ ਚੀਕੂ ਨੂੰ ਮੈਸ਼ ਕਰਕੇ ਚਿਹਰੇ 'ਤੇ ਲਗਾਓ। ਜੇਕਰ ਤੁਸੀਂ ਉੱਪਰ ਬਿਆਨ ਕੀਤੇ ਕਿਸੇ ਵੀ ਮਸਲੇ ਤੋਂ ਪਰੇਸ਼ਾਨ ਹੋ ਜਾਂ ਕਿਸੇ ਗੁਪਤ ਰੋਗ ਤੋਂ ਪੀੜਤ ਹੋ ਤਾਂ ਇੱਕ ਵਾਰ ਸੂਰਜਵੰਸ਼ੀ ਦਵਾਖ਼ਾਨੇ ਨਾਲ ਜ਼ਰੂਰ ਸੰਪਰਕ ਕਰੋ। ਸੂਰਜਵੰਸ਼ੀ ਦਵਾਖ਼ਾਨਾ ਉੱਤਰੀ ਅਮਰੀਕਾ ਵਿੱਚ ਪਿੱਛਲੇ 25 ਸਾਲਾਂ ਤੋਂ ਲਗਾਤਾਰ ਸੇਵਾ ਨਿਭਾਉਂਦਾ ਆ ਰਿਹਾ ਹੈ। ਮੈਡੀਕਲ ਸਾਇੰਸ ਵਲੋਂ ਸਾਰੀ ਦੁਨੀਆ 'ਚ ਇਹ ਗੱਲ ਪੂਰੀ ਤਰ੍ਹਾਂ ਸਥਾਪਤ ਕੀਤੀ ਜਾ ਚੁੱਕੀ ਹੈ ਕਿ ਪਿਛਲੇ 100 ਸਾਲਾਂ ਵਿੱਚ ਮੈਡੀਕਲ ਸਾਇੰਸ ਨੇ ਬਹੁਤ ਤਰੱਕੀ ਕਰ ਲਈ ਹੈ ਪਰ ਧਿਆਨ ਦੇਣ ਦੀ ਗੱਲ ਇਹ ਹੈ ਕਿ ਫ਼ਿਰ ਵੀ ਮਰਦਾਂ ਵਿੱਚ ਇਰੈਕਟਾਇਲ ਡਿਸਫ਼ੰਕਸ਼ਨ ਭਾਵ ਮਰਦਾਨਾ ਕਮਜ਼ੋਰੀ, ਸ਼ੀਘਰ ਪਤਨ, ਸ਼ੂਗਰ, ਗਠੀਆ ਤੇ ਗੀੜ੍ਹ ਦੀ ਹੱਡੀ ਦੀਆਂ ਬੀਮਾਰੀਆਂ ਨੂੰ ਅੰਗ੍ਰੇਜ਼ੀ ਦਵਾਈਆਂ ਨਾਲ ਸਿਰਫ਼ ਕੁਝ ਹੱਦ ਤਕ ਕੰਟਰੋਲ ਹੀ ਕੀਤਾ ਜਾ ਰਿਹਾ ਹੈ। ਇਨ੍ਹਾਂ ਬੀਮਾਰੀਆਂ ਨੂੰ ਹਮੇਸ਼ਾ ਲਈ ਖਤਮ ਕਰ ਕੇ ਮਰੀਜ਼ ਨੂੰ ਸਿਹਤਮੰਦ ਨਹੀਂ ਬਣਾਇਆ ਜਾ ਰਿਹਾ। ਮਰਦਾਂ ਨੂੰ ਇੰਦਰੀ ਵਰਧਕ ਨੁਸਖ਼ਾ ਚਾਹੀਦਾ ਹੋਵੇ ਤਾਂ ਉਹ ਸਾਡੇ ਕੋਲੋਂ 150 ਡੌਲਰ ਵਾਲੀ ਸਪੈਸ਼ਲ ਮਸ਼ੀਨ ਬਾਰੇ ਪੁੱਛਣਾ ਬਿਲਕੁਲ ਨਾ ਭੁੱਲਣ। ਮਰਦਾਨਾ ਤਾਕਤ ਦਾ ਫ਼ੌਲਾਦੀ ਨੁਸਖ਼ਾ ਖ਼ਰੀਦਣ 'ਤੇ ਮਸ਼ੀਨ ਬਿਲਕੁਲ ਮੁਫ਼ਤ ਹਾਸਿਲ ਕਰੋ। ਕੁਝ ਸਮੇਂ ਦੇ ਇਲਾਜ ਤੋਂ ਬਾਅਦ ਹੀ ਰੋਗੀ ਤੰਦਰੁਸਤ ਹੋ ਜਾਂਦੇ ਹਨ ਅਤੇ ਫ਼ਿਰ ਸਾਰੀ ਉਮਰ ਉਹ ਬਿਨਾਂ ਦਵਾਈਆਂ ਦੇ ਆਪਣਾ ਗ੍ਰਹਿਸਥ ਜੀਵਨ ਜੀ ਸਕਦੇ ਹਨ। ਸਪਰਮ ਕਾਊਂਟ ਘੱਟ ਹੋਵੇ ਤਾਂ ਵੀ ਸਾਡੇ ਕੋਲ ਸ਼ਰਤੀਆ ਇਲਾਜ ਮੌਜੂਦ ਹੈ। ਵਧੇਰੇ ਜਾਣਕਾਰੀ ਲਈ ਅੱਜ ਹੀ ਖ਼ਾਨਦਾਨੀ ਹਕੀਮ ਕੇ.ਬੀ. ਸਿੰਘ ਨਾਲ 416-992-5489 'ਤੇ ਸੰਪਰਕ ਕਰੋ ਜਾਂ ਇਸ ਅਖ਼ਬਾਰ ਵਿੱਚ ਲੱਗਾ ਸੂਰਜਵੰਸ਼ੀ ਦਵਾਖ਼ਾਨੇ ਦਾ ਇਸ਼ਤਿਹਾਰ ਦੇਖੋ।

# ਸ਼ੂਗਰ ਦੇ ਮਰੀਜ਼ਾਂ ਲਈ ਵਰਦਾਨ ਹੈ ਅਮਰੂਦ, ਜ਼ਰੂਰ ਕਰੋ ਖ਼ੁਰਾਕ 'ਚ ਸ਼ਾਮਲ



ਅਮਰੂਦ ਵਿਟਾਮਿਨ-ਸੀ ਦਾ ਉਚਿਤ ਸਰੋਤ ਹੈ। ਇਸ ਤੋਂ ਇਲਾਵਾ ਇਸ 'ਚ ਪ੍ਰੋਟੀਨ, ਕੈਲਸੀਅਮ, ਆਇਰਨ, ਐਂਟੀ-ਆਕਸੀਡੈਂਟ, ਐਂਟੀ-ਬੈਕਟਰੀਅਲ ਗੁਣ ਹੁੰਦੇ ਹਨ। ਅਜਿਹੇ 'ਚ ਇਸ ਦੀ ਵਰਤੋਂ ਕਰਨ ਨਾਲ ਸਰੀਰ ਨੂੰ ਸਾਰੇ ਜ਼ਰੂਰੀ ਤੱਤ ਮਿਲਣ ਦੇ ਨਾਲ ਇਮਿਊਨਿਟੀ ਵਧਾਉਣ 'ਚ ਸਹਾਇਤਾ ਮਿਲਦੀ ਹੈ। ਇਸ ਦੇ ਨਾਲ ਹੀ () ਨੇ ਆਪਣੇ ਅਧਿਕਾਰਤ ਟਵਿਟਰ ਅਕਾਊਟ 'ਤੇ ਅਮਰੂਦ ਤੋਂ ਮਿਲਣ ਵਾਲੇ ਫਾਇਦਿਆਂ ਬਾਰੇ ਦੱਸਿਆ ਹੈ। ਗੱਲ ਜੇ ਅਸੀਂ ਇਸ 'ਚ ਮੌਜੂਦ ਪੌਸਟਿਕ ਤੱਤਾਂ ਦੀ ਕਰੀਏ ਤਾਂ 100 ਗ੍ਰਾਮ ਅਮਰੂਦ 'ਚ 8.59 ਗ੍ਰਾਮ ਫਾਈਬਰ, 45 ਕੈਲੋਰੀ, 0.32 ਗ੍ਰਾਮ ਫੈਟ, 1.4 ਗ੍ਰਾਮ ਪ੍ਰੋਟੀਨ, 45 ਕੈਲੋਰੀ ਅਤੇ 5 ਗ੍ਰਾਮ ਕਾਰਬ ਹੁੰਦਾ ਹੈ। ਇਸ ਲਈ ਤੰਦਰੁਸਤ ਅਤੇ ਠੀਕ ਰਹਿਣ ਲਈ ਇਸ ਨੂੰ ਆਪਣੀ ਰੋਜਾਨਾ ਦੀ ਖੁਰਾਕ 'ਚ ਜਰੂਰ ਸ਼ਾਮਲ ਕਰਨਾ ਚਾਹੀਦਾ ਹੈ। ਆਓ ਅੱਜ ਅਸੀਂ ਤੁਹਾਨੂੰ ਇਸ ਦੇ ਫਇਦਿਆਂ ਬਾਰੇ ਦੱਸਦੇ ਹਾਂ ਪਰ ਇਸ ਤੋਂ ਪਹਿਲਾਂ ਜਾਣਦੇ ਹਾਂ ਇਸ ਦੀ ਵਰਤੋਂ ਦਾ ਤਰੀਕਾ

ਇੰਝ ਕਰੋ ਖੁਰਾਕ 'ਚ ਸਾਮਲ

ਇਸ ਨੂੰ ਫਲਾਂ ਦਾ ਸਲਾਦ ਬਣਾ ਕੇ ਖਾਧਾ ਜਾ ਸਕਦਾ ਹੈ।

ਇਸ ਦੀ ਚਟਨੀ ਬਣਾ ਕੇ ਵੀ ਖਾਧੀ ਜਾ ਸਕਦੀ ਹੈ।

ਇਸ ਦਾ ਜੂਸ ਕੱਢ ਕੇ ਪੀਓ।

ਅਮਰੂਦ ਨੂੰ ਕੱਟ ਕੇ ਲੂਣ ਲਗਾ ਕੇ ਖਾ ਸਕਦੇ ਹੋ।

ਅਮਰੂਦ ਤੋਂ ਮਿਲਣ ਵਾਲੇ ਫਾਇਦੇ

ਇਸ 'ਚ ਕੈਲਸੀਅਮ, ਪੋਟਾਸੀਅਮ, ਫਾਈਬਰ, ਆਇਰਨ ਹੁੰਦਾ ਹੈ।

ਇਸ ਦੀ ਵਰਤੋਂ ਨਾਲ ਪ੍ਰੋਸਟੇਟ ਕੈਂਸਰ ਹੋਣ ਦਾ ਖਤਰਾ ਘੱਟ ਜਾਂਦਾ ਹੈ।

ਅਮਰੂਦ ਦੀ ਵਰਤੋਂ ਨਾਲ ਬਲੱਡ ਪ੍ਰੈਸਰ ਠੀਕ ਰਹਿੰਦਾ ਹੈ

ਸਾਹ ਨਾਲ ਜੁੜੀ ਕੋਈ ਵੀ ਸਮੱਸਿਆ ਹੋਣ 'ਤੇ ਇਸ ਦੀ ਵਰਤੋਂ ਕਰਨੀ ਬਿਹਤਰ ਆਪਸ਼ਨ ਹੈ।

ਇਹ ਪਾਚਨ ਸਕਤੀ ਨੂੰ ਮਜਬੂਤ ਕਰਨ 'ਚ ਸਹਾਇਤਾ ਕਰਦਾ ਹੈ। ਭਾਰ ਘੱਟ ਕਰਨ 'ਚ ਵੀ ਇਸ ਦੀ ਵਰਤੋਂ ਕਰਨੀ ਠੀਕ ਰਹੇਗੀ।

ਸ਼ੂਗਰ ਨੂੰ ਕੰਟਰੋਲ ਕਰਨ 'ਚ ਅਮਰੂਦ ਬਹੁਤ ਫਾਇਦੇਮੰਦ ਹੈ।

ਪੌਸਟਿਕ ਤੱਤਾਂ ਨਾਲ ਭਰਪੂਰ ਅਮਰੂਦ ਦੀ ਵਰਤੋਂ ਕਰਨ ਨਾਲ ਇਮਿਊਨਿਟੀ ਲੈਵਲ ਬੂਸਟ ਕਰਨ 'ਚ ਮਦਦ ਮਿਲਦੀ ਹੈ।

ਅਮਰੂਦ ਖਾਣ ਦੇ ਹੋਰ ਫਾਇਦੇ

ਸ਼ੂਗਰ 'ਚ ਲਾਹੇਵੰਦ

ਇਸ 'ਚ ਖੰਡ ਦੀ ਘੱਟ ਮਾਤਰਾ ਹੋਣ ਕਾਰਨ ਸੂਗਰ ਕੰਟਰੋਲ ਰਹਿਣ ਦੇ ਨਾਲ ਹੀ ਇਸ ਦੇ ਹੋਣ ਦਾ ਖਤਰਾ ਵੀ ਘੱਟ ਹੁੰਦਾ ਹੈ। ਇਕ ਖੋਜ ਦੇ ਅਨੁਸਾਰ ਇਸ ਦੀ ਸਹੀ ਮਾਤਰਾ 'ਚ ਵਰਤੋਂ ਕਰਨ ਨਾਲ ਬਲੱਡ ਸੂਗਰ ਲੈਵਲ ਨੂੰ ਕੰਟਰੋਲ 'ਚ ਰੱਖਣ 'ਚ ਮਦਦ ਮਿਲਦੀ ਹੈ।

ਕੈਂਸਰ ਤੋਂ ਬਚਾਏ

ਅਮਰੂਦ ਖਾਣ 'ਚ ਸਵਾਦ ਹੋਣ ਦੇ ਨਾਲ ਸਰੀਰ ਨੂੰ ਕੈਂਸਰ ਵਰਗੀਆਂ ਗੰਭੀਰ ਬਿਮਾਰੀਆਂ ਦਾ ਸਕਿਾਰ ਹੋਣ ਤੋਂ ਬਚਾਉਂਦਾ ਹੈ। ਇਕ ਖੋਜ ਦੇ ਅਨੁਸਾਰ ਅਮਰੂਦ 'ਚ ਮੌਜੂਦ ਐਂਟੀ-ਆਕਸੀਡੈਂਟ, ਐਂਟੀ-ਬੈਕਟਰੀਅਲ, ਐਂਟੀ-ਵਾਇਰਲ ਅਤੇ ਐਂਟੀ-ਕੈਸਰ ਗੁਣ ਕੈਂਸਰ ਸੈੱਲਾਂ ਨੂੰ ਸਰੀਰ 'ਚ ਵੱਧਣ ਤੋਂ ਰੋਕਦੇ ਹਨ। ਇਹ ਸਰੀਰ 'ਚ ਫ੍ਰੀ ਰੈਡੀਕਲਸ ਦੀ ਗਿਣਤੀ ਨੂੰ ਘਟਾ ਕੇ ਸੈੱਲਾਂ ਦੇ ਨੁਕਸਾਨ ਤੋਂ ਬਚਾਉਂਦਾ ਹੈ। ਅਜਿਹੇ 'ਚ ਕੈਂਸਰ ਹੋਣ ਦੀ ਸੰਭਾਵਨਾ ਕਈ ਗੁਣਾਂ ਘੱਟ ਜਾਂਦੀ ਹੈ।

ਬਲੱਡ ਪ੍ਰੈਸ਼ਰ ਰਹੇ ਕੰਟਰੋਲ

ਇਸ 'ਚ ਵਿਟਾਮਿਨ-ਸੀ, ਫਾਈਬਰ, ਪੋਟਾਸੀਅਮ ਅਤੇ ਐਂਟੀ-ਆਕਸੀਡੈਂਟ ਗੁਣ ਹੁੰਦੇ ਹਨ। ਅਜਿਹੇ 'ਚ ਬਲੱਡ ਪ੍ਰੈਸਰ ਦੇ ਮਰੀਜਾਂ ਨੂੰ ਇਸ ਨੂੰ ਆਪਣੀ ਰੋਜਾਨਾ ਦੀ ਖੁਰਾਕ 'ਚ ਸਾਮਲ ਕਰਨਾ ਚਾਹੀਦਾ ਹੈ।

ਇਮਿਊਨਿਟੀ ਵਧਾਏ

ਐਂਟੀ-ਆਕਸੀਡੈਂਟ, ਐਂਟੀ-ਬੈਕਟਰੀਅਲ ਗੁਣਾਂ ਨਾਲ ਭਰਪੂਰ ਅਮਰੂਦ ਇਮਿਊਨਿਟੀ ਵਧਾਉਣ 'ਚ ਮਦਦ ਕਰਦਾ ਹੈ। ਇਸ ਨਾਲ ਠੰਡ, ਜੁਕਾਮ ਅਤੇ ਹੋਰ ਮੌਸਮੀ ਬੀਮਾਰੀਆਂ ਹੋਣ ਦਾ ਖਤਰਾ ਘੱਟ ਰਹਿੰਦਾ ਹੈ। ਅੱਖਾਂ ਲਈ ਫਾਇਦੇਮੰਦ ਇਸ 'ਚ ਵਿਟਾਮਿਨ ਏ ਹੋਣ ਨਾਲ ਅੱਖਾਂ ਲਈ ਵੀ ਫਾਇਦੇਮੰਦ ਹੁੰਦਾ ਹੈ। ਅਜਿਹੇ 'ਚ ਇਸ ਦੀ ਵਰਤੋਂ ਕਰਨ ਨਾਲ ਅੱਖਾਂ ਦੀ ਰੌਸਨੀ ਵਧਣ ਦੇ ਨਾਲ ਇਸ ਨਾਲ ਜੁੜੀਆਂ ਸਮੱਸਿਆਵਾਂ ਹੋਣ ਦਾ ਖਤਰਾ ਘੱਟ ਰਹਿੰਦਾ ਹੈ।

ਜੇਕਰ ਤੁਸੀਂ ਉੱਪਰ ਬਿਆਨ ਕੀਤੇ ਕਿਸੇ ਵੀ ਮਸਲੇ ਤੋਂ ਪਰੇਸ਼ਾਨ ਹੋ ਜਾਂ ਕਿਸੇ ਗੁਪਤ ਰੋਗ ਤੋਂ ਪੀੜਤ ਹੋ ਤਾਂ ਇੱਕ ਵਾਰ ਸੂਰਜਵੰਸ਼ੀ ਦਵਾਖ਼ਾਨੇ ਨਾਲ ਜ਼ਰੂਰ ਸੰਪਰਕ ਕਰੋ। ਸੂਰਜਵੰਸ਼ੀ ਦਵਾਖ਼ਾਨਾ ਉੱਤਰੀ ਅਮਰੀਕਾ ਵਿੱਚ ਪਿੱਛਲੇ 25 ਸਾਲਾਂ ਤੋਂ ਲਗਾਤਾਰ ਸੇਵਾ ਨਿਭਾਉਂਦਾ ਆ ਰਿਹਾ ਹੈ। ਮੈਡੀਕਲ ਸਾਇੰਸ ਵਲੋਂ ਸਾਰੀ ਦੁਨੀਆ 'ਚ ਇਹ ਗੱਲ ਪੂਰੀ ਤਰ੍ਹਾਂ ਸਥਾਪਤ ਕੀਤੀ ਜਾ ਚੁੱਕੀ ਹੈ ਕਿ ਪਿਛਲੇ 100 ਸਾਲਾਂ ਵਿੱਚ ਮੈਡੀਕਲ ਸਾਇੰਸ ਨੇ ਬਹੁਤ ਤਰੱਕੀ ਕਰ ਲਈ ਹੈ ਪਰ ਧਿਆਨ ਦੇਣ ਦੀ ਗੱਲ ਇਹ ਹੈ ਕਿ ਫ਼ਿਰ ਵੀ ਮਰਦਾਂ ਵਿੱਚ ਇਰੈਕਟਾਇਲ ਡਿਸਫ਼ੰਕਸ਼ਨ ਭਾਵ ਮਰਦਾਨਾ ਕਮਜ਼ੋਰੀ, ਸ਼ੀਘਰ ਪਤਨ, ਸ਼ੂਗਰ, ਗਠੀਆ ਤੇ ਗੀੜ੍ਹ ਦੀ ਹੱਡੀ ਦੀਆਂ ਬੀਮਾਰੀਆਂ ਨੂੰ ਅੰਗ੍ਰੇਜ਼ੀ ਦਵਾਈਆਂ ਨਾਲ ਸਿਰਫ਼ ਕੁਝ ਹੱਦ ਤਕ ਕੰਟਰੋਲ ਹੀ ਕੀਤਾ ਜਾ ਰਿਹਾ ਹੈ। ਇਨ੍ਹਾਂ ਬੀਮਾਰੀਆਂ ਨੂੰ ਹਮੇਸ਼ਾ ਲਈ ਖਤਮ ਕਰ ਕੇ ਮਰੀਜ਼ ਨੂੰ ਸਿਹਤਮੰਦ ਨਹੀਂ ਬਣਾਇਆ ਜਾ ਰਿਹਾ। ਮਰਦਾਂ ਨੂੰ ਇੰਦਰੀ ਵਰਧਕ ਨੁਸਖ਼ਾ ਚਾਹੀਦਾ ਹੋਵੇ ਤਾਂ ਉਹ ਸਾਡੇ ਕੋਲੋਂ 150 ਡੌਲਰ ਵਾਲੀ ਸਪੈਸ਼ਲ ਮਸ਼ੀਨ ਬਾਰੇ ਪੁੱਛਣਾ ਬਿਲਕੁਲ ਨਾ ਭੁੱਲਣ। ਮਰਦਾਨਾ ਤਾਕਤ ਦਾ ਫ਼ੌਲਾਦੀ ਨੁਸਖ਼ਾ ਖ਼ਰੀਦਣ 'ਤੇ ਮਸ਼ੀਨ ਬਿਲਕੁਲ ਮੁਫ਼ਤ ਹਾਸਿਲ ਕਰੋ। ਕੁਝ ਸਮੇਂ ਦੇ ਇਲਾਜ ਤੋਂ ਬਾਅਦ ਹੀ ਰੋਗੀ ਤੰਦਰੁਸਤ ਹੋ ਜਾਂਦੇ ਹਨ ਅਤੇ ਫ਼ਿਰ ਸਾਰੀ ਉਮਰ ਉਹ ਬਿਨਾਂ ਦਵਾਈਆਂ ਦੇ ਆਪਣਾ ਗ੍ਰਹਿਸਥ ਜੀਵਨ ਜੀ ਸਕਦੇ ਹਨ। ਸਪਰਮ ਕਾਊਂਟ ਘੱਟ ਹੋਵੇ ਤਾਂ ਵੀ ਸਾਡੇ ਕੋਲ ਸ਼ਰਤੀਆ ਇਲਾਜ ਮੌਜੂਦ ਹੈ। ਵਧੇਰੇ ਜਾਣਕਾਰੀ ਲਈ ਅੱਜ ਹੀ ਖ਼ਾਨਦਾਨੀ ਹਕੀਮ ਕੇ.ਬੀ. ਸਿੰਘ ਨਾਲ 416-992-5489 'ਤੇ ਸੰਪਰਕ ਕਰੋ ਜਾਂ ਇਸ ਅਖ਼ਬਾਰ ਵਿੱਚ ਲੱਗਾ ਸੂਰਜਵੰਸ਼ੀ ਦਵਾਖ਼ਾਨੇ ਦਾ ਇਸ਼ਤਿਹਾਰ ਦੇਖੋ।

# ਜ਼ੀਰੇ ਦੇ ਪਾਣੀ ਸਣੇ ਇਹ ਘਰੇਲੂ ਨੁਸਖੇ ਦਿਵਾਉਂਦੇ ਨੇ ਕਬਜ਼ ਤੋਂ ਨਿਜ਼ਾਤ





ਅੱਜ ਕੱਲ੍ਹ ਢਿੱਡ ਨਾਲ ਜੁੜੀਆਂ ਸਮੱਸਿਆਵਾਂ ਬਹੁਤ ਜ਼ਿਆਦਾ ਹੋ ਰਹੀਆਂ ਹਨ ਅਤੇ ਜ਼ਿਆਦਾਤਰ ਲੋਕ ਇਸ ਨੂੰ ਨਜ਼ਰਅੰਦਾਜ਼ ਕਰ ਦਿੰਦੇ ਹਨ । ਜਿਸ ਨਾਲ ਢਿੱਡ ਦੀਆਂ ਕਈ ਗੰਭੀਰ ਬਿਮਾਰੀਆਂ ਹੋ ਜਾਂਦੀਆਂ ਹਨੂ ਦੱਸ ਦੇਈਏ ਕਿ ਸਭ ਬੀਮਾਰੀਆਂ ਕਬਜ਼ ਤੋਂ ਹੀ ਸ਼ੁਰੂ ਹੁੰਦੀਆਂ ਹਨ। ਇਸ ਲਈ ਕਬਜ਼ ਦੀ ਸਮੱਸਿਆ ਨੂੰ ਕਦੇ ਵੀ ਨਜ਼ਰਅੰਦਾਜ਼ ਨਹੀਂ ਕਰਨਾ ਚਾਹੀਦਾ। ਕਈ ਵਾਰ ਗਲਤ ਖਾਣ ਪੀਣ ਅਤੇ ਗ਼ਲਤ ਰਹਿਣ ਸਹਿਣ ਦੇ ਕਾਰਨ ਬਹੁਤ ਸਾਰੇ ਲੋਕਾਂ ਨੂੰ ਖਾਣਾ ਖਾਣ ਤੋਂ ਬਾਅਦ ਢਿੱਡ ਫੁੱਲਣ ਦੀ ਸਮੱਸਿਆ ਹੁੰਦੀ ਹੈ ਅਤੇ ਜਿਸ ਕਾਰਨ ਢਿੱਡ ਵਿਚ ਗੈਸ ਬਣ ਜਾਂਦੀ ਹੈ । ਇਸ ਦੇ ਨਾਲ ਨਾਲ ਕਬਜ਼ ਦੀ ਸਮੱਸਿਆ ਰਹਿੰਦੀ ਹੈ ਅਤੇ ਕੋਲੈਸਟ੍ਰੋਲ ਵਧਣ ਲੱਗਦਾ ਹੈ ਪਰ ਇਸ ਕਬਜ਼ ਦੀ ਸਮੱਸਿਆ ਨੂੰ ਜਲਦੀ ਠੀਕ ਕਰ ਲੈਣਾ ਚਾਹੀਦਾ ਹੈ । ਕਬਜ਼ ਦੀ ਸਮੱਸਿਆ ਨੂੰ ਦੂਰ ਕਰਨ ਲਈ ਅਸੀਂ ਕੁਝ ਘਰੇਲੂ ਨੁਸਖੇ ਵੀ ਅਪਣਾ ਸਕਦੇ ਹਾਂ। ਇਨ੍ਹਾਂ ਘਰੇਲੂ ਨੁਸਖਿਆਂ ਦਾ ਕੋਈ ਨੁਕਸਾਨ ਨਹੀਂ ਹੁੰਦਾ ।

ਜੀਰੇ ਦਾ ਪਾਣੀ

ਬਣਾਉਣ ਦਾ ਤਰੀਕਾ

ਰੋਜ਼ਾਨਾ ਰਾਤ ਨੂੰ ਇਕ ਗਿਲਾਸ ਪਾਣੀ ਵਿਚ ਦੋ ਚਮਚੇ ਜੀਰਾ ਭਿਓਂ ਕੇ ਰੱਖ ਦਿਓ। ਸਵੇਰੇ ਇਹ ਪਾਣੀ ਉਬਾਲ ਕੇ ਛਾਣ ਲਓ ਅਤੇ ਠੰਡਾ ਹੋਣ ਤੇ ਪੀ ਲਓ। ਇਸ ਪਾਣੀ ਵਿਚ ਮੌਜੂਦ ਆਇਰਨ , ਕਾਪਰ , ਪੋਟਾਸ਼ੀਅਮ ਅਤੇ ਮੈਗਨੀਸ਼ੀਅਮ ਜਿਹੇ ਗੁਣ ਬਹੁਤ ਸਾਰੀਆਂ ਸਮੱਸਿਆਵਾਂ ਨੂੰ ਠੀਕ ਕਰਦੇ ਹਨ।

ਜ਼ੀਰੇ ਵਾਲੇ ਪਾਣੀ ਦੇ ਫਾਇਦੇ

ਐਸੀਡਿਟੀ ਅਤੇ ਬਲੱਡ ਸਰਕੁਲੇਸ਼ਨ

ਰੋਜ਼ਾਨਾ ਸਵੇਰੇ ਖਾਲੀ ਢਿੱਡ ਇਸ ਪਾਣੀ ਦਾ ਸੇਵਨ ਕਰਨ ਨਾਲ ਢਿੱਡ ਫੁੱਲਣਾ ਅਤੇ ਐਸੀਡਿਟੀ ਦੀ ਸਮੱਸਿਆ ਠੀਕ ਹੋ ਜਾਂਦੀ ਹੈ। ਇਸ ਨਾਲ ਪੂਰਾ ਸਰੀਰ ਡੀਟੌਕਸ ਹੁੰਦਾ ਹੈ। ਜਿਸ ਨਾਲ ਬਹੁਤ ਸਾਰੀਆਂ ਬੀਮਾਰੀਆਂ ਠੀਕ ਹੋ ਜਾਂਦੀਆਂ ਹਨ ਅਤੇ ਜੀਰੇ ਦਾ ਪਾਣੀ ਪੀਣ ਨਾਲ ਬਲੱਡ ਸਰਕੁਲੇਸ਼ਨ ਠੀਕ ਰਹਿੰਦਾ ਹੈ ਅਤੇ ਸਰੀਰ ਦਾ ਦਰਦ ਵੀ ਠੀਕ ਹੋ ਜਾਂਦਾ ਹੈ।

ਖ਼ੂਨ ਦੀ ਕਮੀ , ਸਿਰਦਰਦ ਅਤੇ ਦਰਦ

ਰੋਜ਼ਾਨਾ ਜੀਰੇ ਦਾ ਪਾਣੀ ਪੀਣ ਨਾਲ ਸਾਡਾ ਡਾਈਜੇਸ਼ਨ ਸਿਸਟਮ ਠੀਕ ਤਰ੍ਹਾਂ ਕੰਮ ਕਰਦਾ ਹੈ ਅਤੇ ਇਸ ਵਿਚ ਮੌਜੂਦ ਆਇਰਨ ਖ਼ੂਨ 'ਚ ਹੀਮੋਗਲੋਬਿਨ ਦਾ ਲੈਵਲ ਨੂੰ ਵਧਾਉਂਦਾ ਹੈ । ਜਿਸ ਨਾਲ ਖ਼ੂਨ ਦੀ ਕਮੀ ਪੂਰੀ ਹੋ ਜਾਂਦੀ ਹੈ । ਇਸ ਤੋਂ ਇਲਾਵਾ ਸਿਰਦਰਦ ਹੋਣ ਤੇ ਇਸ ਪਾਣੀ ਨੂੰ ਪੀਓ । ਇਸ ਨਾਲ ਸਿਰਦਰਦ ਠੀਕ ਹੋ ਜਾਵੇਗਾ। ਢਿੱਡ ਦਰਦ ਹੋਣ ਤੇ ਇਹ ਪਾਣੀ ਪੀਣ ਨਾਲ ਢਿੱਡ ਨੂੰ ਠੰਡਕ ਮਿਲਦੀ ਹੈ ਅਤੇ ਦਰਦ ਠੀਕ ਹੋ ਜਾਂਦਾ ਹੈ।

ਵਜ਼ਨ ਅਤੇ ਕੋਲੈਸਟ੍ਰੋਲ

ਰੋਜ਼ਾਨਾ ਇਸ ਪਾਣੀ ਨੂੰ ਪੀਣ ਨਾਲ ਵਜ਼ਨ ਘੱਟ ਹੁੰਦਾ ਹੈ ਅਤੇ ਸਰੀਰ ਵਿਚ ਵਧਿਆ ਹੋਇਆ ਕੋਲੈਸਟਰੋਲ ਵੀ ਘੱਟ ਹੋ ਜਾਂਦਾ ਹੈ। ਜਿਸ ਨਾਲ ਦਿਲ ਦੀਆਂ ਸਮੱਸਿਆਵਾਂ ਹੋਣ ਦੀ ਸੰਭਾਵਨਾ ਘਟ ਜਾਂਦੀ ਹੈ ।

ਢਿੱਡ ਫੁੱਲਣ ਲਈ ਘਰੇਲੂ ਨੁਸਖ਼ਾ

ਅਜਵੈਣ, ਸੌਂਫ ਅਤੇ ਜ਼ੀਰਾ ਬਰਾਬਰ ਮਾਤਰਾ ਵਿਚ ਲੈ ਕੇ ਪੀਸ ਲਓ। ਇਸ ਵਿਚ ਕਾਲਾ ਲੂਣ ਮਿਲਾ ਲਓ ਅਤੇ ਸਵੇਰੇ-ਸ਼ਾਮ ਇਕ ਚਮਚਾ ਹਲਕੇ ਕੋਸੇ ਪਾਣੀ ਨਾਲ ਲਓ। ਇਸ ਨਾਲ ਕਬਜ਼, ਗੈਸ, ਢਿੱਡ ਫੁੱਲਣ ਅਤੇ ਐਸੀਡਿਟੀ ਬਿਲਕੁਲ ਠੀਕ ਹੋ ਜਾਵੇਗੀ।

ਤੁਲਸੀ

ਜੇ ਤੁਹਾਡਾ ਖਾਣਾ ਖਾਣ ਤੋਂ ਬਾਅਦ ਢਿੱਡ ਫੁੱਲ ਜਾਂਦਾ ਹੈ ਤਾਂ ਤੁਲਸੀ ਤੁਹਾਡੇ ਲਈ ਬਹੁਤ ਫ਼ਾਇਦੇਮੰਦ ਹੈ। ਇਸ ਲਈ ਢਿੱਡ ਫੁੱਲਣ ਦੀ ਸਮੱਸਿਆ ਹੋਣ ਤੇ ਤੁਲਸੀ ਦੇ ਪੱਤੇ ਚਬਾ ਕੇ ਖਾਓ। ਇਸ ਨਾਲ ਇਹ ਸਮੱਸਿਆ ਠੀਕ ਹੋ ਜਾਵੇਗੀ।

ਪੁਦੀਨਾ

ਪੁਦੀਨਾ ਸਾਡੇ ਪਾਚਨ ਲਈ ਬਹੁਤ ਜ਼ਿਆਦਾ ਫ਼ਾਇਦੇਮੰਦ ਹੁੰਦਾ ਹੈ। ਪੁਦੀਨੇ ਦੀਆਂ ਪੱਤੀਆਂ ਨੂੰ ਪੀਸ ਕੇ ਖੰਡ ਮਿਲਾ ਕੇ ਘੋਲ ਬਣਾ ਲਓ ਅਤੇ ਇਸ ਨੂੰ ਪੀ ਲਓ। ਕੁਝ ਹੀ ਸਮੇਂ ਵਿਚ ਤੁਹਾਡੀ ਢਿੱਡ ਫੁੱਲਣ ਦੀ ਸਮੱਸਿਆ ਠੀਕ ਹੋ ਜਾਵੇਗੀ। ਜੇਕਰ ਤੁਸੀਂ ਉੱਪਰ ਬਿਆਨ ਕੀਤੇ ਕਿਸੇ ਵੀ ਮਸਲੇ ਤੋਂ ਪਰੇਸ਼ਾਨ ਹੋ ਜਾਂ ਕਿਸੇ ਗੁਪਤ ਰੋਗ ਤੋਂ ਪੀੜਤ ਹੋ ਤਾਂ ਇੱਕ ਵਾਰ ਸੂਰਜਵੰਸ਼ੀ ਦਵਾਖ਼ਾਨੇ ਨਾਲ ਜ਼ਰੂਰ ਸੰਪਰਕ ਕਰੋ। ਸੂਰਜਵੰਸ਼ੀ ਦਵਾਖ਼ਾਨਾ ਉੱਤਰੀ ਅਮਰੀਕਾ ਵਿੱਚ ਪਿੱਛਲੇ 25 ਸਾਲਾਂ ਤੋਂ ਲਗਾਤਾਰ ਸੇਵਾ ਨਿਭਾਉਂਦਾ ਆ ਰਿਹਾ ਹੈ। ਮੈਡੀਕਲ ਸਾਇੰਸ ਵਲੋਂ ਸਾਰੀ ਦੁਨੀਆ 'ਚ ਇਹ ਗੱਲ ਪੂਰੀ ਤਰ੍ਹਾਂ ਸਥਾਪਤ ਕੀਤੀ ਜਾ ਚੁੱਕੀ ਹੈ ਕਿ ਪਿਛਲੇ 100 ਸਾਲਾਂ ਵਿੱਚ ਮੈਡੀਕਲ ਸਾਇੰਸ ਨੇ ਬਹੁਤ ਤਰੱਕੀ ਕਰ ਲਈ ਹੈ ਪਰ ਧਿਆਨ ਦੇਣ ਦੀ ਗੱਲ ਇਹ ਹੈ ਕਿ ਫ਼ਿਰ ਵੀ ਮਰਦਾਂ ਵਿੱਚ ਇਰੈਕਟਾਇਲ ਡਿਸਫ਼ੰਕਸ਼ਨ ਭਾਵ ਮਰਦਾਨਾ ਕਮਜ਼ੋਰੀ, ਸ਼ੀਘਰ ਪਤਨ, ਸ਼ੂਗਰ, ਗਠੀਆ ਤੇ ਗੀੜ੍ਹ ਦੀ ਹੱਡੀ ਦੀਆਂ ਬੀਮਾਰੀਆਂ ਨੂੰ ਅੰਗ੍ਰੇਜ਼ੀ ਦਵਾਈਆਂ ਨਾਲ ਸਿਰਫ਼ ਕੁਝ ਹੱਦ ਤਕ ਕੰਟਰੋਲ ਹੀ ਕੀਤਾ ਜਾ ਰਿਹਾ ਹੈ। ਇਨ੍ਹਾਂ ਬੀਮਾਰੀਆਂ ਨੂੰ ਹਮੇਸ਼ਾ ਲਈ ਖਤਮ ਕਰ ਕੇ ਮਰੀਜ਼ ਨੂੰ ਸਿਹਤਮੰਦ ਨਹੀਂ ਬਣਾਇਆ ਜਾ ਰਿਹਾ। ਮਰਦਾਂ ਨੂੰ ਇੰਦਰੀ ਵਰਧਕ ਨੁਸਖ਼ਾ ਚਾਹੀਦਾ ਹੋਵੇ ਤਾਂ ਉਹ ਸਾਡੇ ਕੋਲੋਂ 150 ਡੌਲਰ ਵਾਲੀ ਸਪੈਸ਼ਲ ਮਸ਼ੀਨ ਬਾਰੇ ਪੁੱਛਣਾ ਬਿਲਕੁਲ ਨਾ ਭੁੱਲਣ। ਮਰਦਾਨਾ ਤਾਕਤ ਦਾ ਫ਼ੌਲਾਦੀ ਨੁਸਖ਼ਾ ਖ਼ਰੀਦਣ 'ਤੇ ਮਸ਼ੀਨ ਬਿਲਕੁਲ ਮੁਫ਼ਤ ਹਾਸਿਲ ਕਰੋ। ਕੁਝ ਸਮੇਂ ਦੇ ਇਲਾਜ ਤੋਂ ਬਾਅਦ ਹੀ ਰੋਗੀ ਤੰਦਰੁਸਤ ਹੋ ਜਾਂਦੇ ਹਨ ਅਤੇ ਫ਼ਿਰ ਸਾਰੀ ਉਮਰ ਉਹ ਬਿਨਾਂ ਦਵਾਈਆਂ ਦੇ ਆਪਣਾ ਗ੍ਰਹਿਸਥ ਜੀਵਨ ਜੀ ਸਕਦੇ ਹਨ। ਸਪਰਮ ਕਾਊਂਟ ਘੱਟ ਹੋਵੇ ਤਾਂ ਵੀ ਸਾਡੇ ਕੋਲ ਸ਼ਰਤੀਆ ਇਲਾਜ ਮੌਜੂਦ ਹੈ। ਵਧੇਰੇ ਜਾਣਕਾਰੀ ਲਈ ਅੱਜ ਹੀ ਖ਼ਾਨਦਾਨੀ ਹਕੀਮ ਕੇ.ਬੀ. ਸਿੰਘ ਨਾਲ 416-992-5489 'ਤੇ ਸੰਪਰਕ ਕਰੋ ਜਾਂ ਇਸ ਅਖ਼ਬਾਰ ਵਿੱਚ ਲੱਗਾ ਸੂਰਜਵੰਸ਼ੀ ਦਵਾਖ਼ਾਨੇ ਦਾ ਇਸ਼ਤਿਹਾਰ ਦੇਖੋ।

# ਸਾਵਧਾਨ ! ਵਾਰ-ਵਾਰ ਪਿਆਸ ਲੱਗਣ ਦੀ ਸਮੱਸਿਆਂ ਨੂੰ ਨਾ ਕਰੋ ਨਜ਼ਰਅੰਦਾਜ਼



ਗਰਮੀਆਂ ਦਾ ਮੌਸਮ ਸ਼ੁਰੂ ਹੋਣ ਵਾਲਾ ਹੈ। ਜਿਸ ਕਰਕੇ ਆਮ ਤੌਰ ਪਿਆਸ ਬਹੁਤ ਜਆਿਦਾ ਲੱਗੇਗੀ ਪਰ ਜੇਕਰ ਤੁਹਾਨੂੰ ਵਾਰ-ਵਾਰ ਪਿਆਸ ਲੱਗਦੀ ਹੈ ਤਾਂ ਬਿਲਕੁੱਲ ਵੀ ਨਜਰਅੰਦਾਜ ਨਹੀਂ ਕਰਨਾ ਚਾਹੀਦਾ। ਡਾਕਟਰ ਸਾਨੂੰ ਹਮੇਸ਼ਾ ਤੰਦਰੁਸਤ ਰਹਿਣ ਅਤੇ ਬਿਮਾਰੀਆਂ ਤੋਂ ਬਚਣ ਲਈ ਵੱਧ ਤੋਂ ਵੱਧ ਪਾਣੀ ਪੀਣ ਦੀ ਸਲਾਹ ਦਿੰਦੇ ਹਨ। ਕੁਝ ਲੋਕ ਆਪਣੀ ਦਿਨ ਭਰ 'ਚ 2 ਤੋਂ 3 ਲਿਟਰ ਪਾਣੀ ਪੀਂਦੇ ਹਨ, ਜੋ ਸਾਡੀ ਸਿਹਤ ਲਈ ਚੰਗੀ ਗੱਲ ਹੈ ਪਰ ਇੰਨਾ ਪਾਣੀ ਪੀਣ ਦੇ ਬਾਵਜੂਦ ਜੇ ਤੁਹਾਨੂੰ ਵਾਰ-ਵਾਰ ਪਿਆਸ ਲੱਗਦੀ ਹੈ ਤਾਂ ਇਸ ਦਾ ਮਤਲਬ ਹੈ ਕਿ ਤੁਹਾਡਾ ਸਰੀਰ ਤੁਹਾਨੂੰ ਕੁਝ ਸੰਕੇਤ ਦੇ ਰਿਹਾ ਹੈ ਜਿਨ੍ਹਾਂ ਨੂੰ ਤੁਹਾਨੂੰ ਨਜਰਅੰਦਾਜ ਨਹੀਂ ਕਰਨਾ ਚਾਹੀਦਾ।

ਹੋ ਸਕਦੀਆਂ ਹਨ ਇਹ ਬਿਮਾਰੀਆਂ

ਹਾਲਾਂਕਿ ਜਆਿਦਾ ਪਾਣੀ ਪੀਣਾ ਸਾਡੀ ਸਿਹਤ ਲਈ ਚੰਗਾ ਹੁੰਦਾ ਹੈ ਕਿਉਂਕਿ ਜਿੰਨਾ ਪਾਣੀ ਅਸੀਂ ਪੀਂਦੇ ਹਾਂ ਉਸ ਨਾਲ ਸਰੀਰ ਦੀਆਂ ਸਾਰੀਆਂ ਗੰਦੀਆਂ ਚੀਜਾਂ ਪਿਸਾਬ ਰਾਹੀਂ ਨਿਕਲ ਜਾਂਦੀਆਂ ਹਨ। ਇਸ ਨਾਲ ਸਦਾ ਸਰੀਰ ਤੰਦਰੁਸਤ ਰਹਿੰਦਾ ਹੈ। ਹਾਂ ਬਹੁਤ ਜਆਿਦਾ ਗਰਮੀ ਜਾਂ ਜ਼ਿਆਦਾ ਕਸਰਤ ਕਰਨ ਕਾਰਨ ਤੁਹਾਨੂੰ ਪਿਆਸ ਲੱਗ ਸਕਦੀ ਹੈ ਪਰ ਜੇ ਤੁਹਾਨੂੰ ਵਾਰ-ਵਾਰ ਪਿਆਸ ਲੱਗਦੀ ਹੈ ਤਾਂ ਇਹ ਕੁਝ ਗੰਭੀਰ ਬਿਮਾਰੀਆਂ ਦੇ ਲੱਛਣ ਹੋ ਸਕਦੇ ਹਨ।

ਜ਼ਿਆਦਾ ਪਿਆਸ ਲੱਗਣ ਦੇ ਹਨ ਇਹ ਕਾਰਨ: ਮੈਡੀਕਲ ਟਰਮ 'ਚ ਅਜਿਹੀ ਸਥਿਤੀ ਨੂੰ ਪੌਲੀਡਿਪਸੀਆ ਕਿਹਾ ਜਾਂਦਾ ਹੈ ਜਿਸ 'ਚ ਇਕ ਵਿਅਕਤੀ ਜ਼ਿਆਦਾ ਪਾਣੀ ਪੀਂਦਾ ਹੈ ਜਿਸਦੇ ਕਾਰਨ ਉਸਦੇ ਸਰੀਰ 'ਚ ਸੋਡੀਅਮ ਦੀ ਕਮੀ ਹੋਣ ਲੱਗਦੀ ਹੈ। ਕਈ ਵਾਰ ਤੁਸੀਂ ਇਹ ਵੀ ਨੋਟ ਕੀਤਾ ਹੋਵੇਗਾ ਕਿ ਬਹੁਤ ਜਆਿਦਾ ਪਾਣੀ ਪੀਣ ਨਾਲ ਕਈ ਵਾਰ ਮਨ ਵੀ ਘਬਰਾਉਣ ਲੱਗਦਾ ਹੈ ਅਤੇ ਤੁਹਾਨੂੰ ਉਲਟੀ ਜਿਹਾ ਹੋਣ ਲੱਗਦਾ ਹੈ।

ਸਰੀਰ ਦਿੰਦਾ ਹੈ ਇਨ੍ਹਾਂ ਬਿਮਾਰੀਆਂ ਦਾ ਸੰਕੇਤ

ਡੀਹਾਈਡ੍ਰੇਸ਼ਨ ਦੀ ਸਮੱਸਿਆ: ਇਸ ਦਾ ਸਭ ਤੋਂ ਵੱਡਾ ਕਾਰਨ ਇਹ ਹੋ ਸਕਦਾ ਹੈ ਕਿ ਤੁਹਾਡੇ ਸਰੀਰ 'ਚ ਪਾਣੀ ਦੀ ਘਾਟ ਹੈ ਜਿਸ ਕਾਰਨ ਤੁਹਾਨੂੰ ਵਾਰ-ਵਾਰ ਪਾਣੀ ਦੀ ਪਿਆਸ ਲੱਗ ਰਹੀ ਹੈ। ਇਨ੍ਹਾਂ ਦੇ ਲੱਛਣ ਵਾਰ-ਵਾਰ ਪਿਆਸ ਲੱਗਣਾ, ਮੂੰਹ ਸੁੱਕਣਾ, ਥਕਾਵਟ, ਉਲਟੀ, ਮਤਲੀ ਅਤੇ ਬੇਹੋਸੀ ਹੈ। ਜੇ ਤੁਹਾਨੂੰ ਵੀ ਅਜਿਹੇ ਲੱਛਣ ਦਿਖ ਰਹੇ ਹਨ ਤਾਂ ਤੁਰੰਤ ਡਾਕਟਰ ਨਾਲ ਸੰਪਰਕ ਜ਼ਰੂਰ ਕਰੋ।

ਸੂਗਰ ਦਾ ਖ਼ਤਰਾ: ਜੇ ਤੁਹਾਨੂੰ ਵਾਰ-ਵਾਰ ਪਿਆਸ ਲੱਗਦੀ ਹੈ ਤਾਂ ਇਸ ਨੂੰ ਨਜਰਅੰਦਾਜ ਨਾ ਕਰੋ ਕਿਉਂਕਿ ਇਸ ਨਾਲ ਤੁਹਾਨੂੰ ਸੂਗਰ ਦਾ ਖਤਰਾ ਹੋ ਸਕਦਾ ਹੈ। ਅੱਜ ਕੱਲ ਸੂਗਰ ਦੀ ਬਿਮਾਰੀ ਤਾਂ ਆਮ ਹੋ ਗਈ ਹੈ ਜੋ ਹਰ ਵਿਅਕਤੀ ਨੂੰ ਹੈ। ਇਸ ਦੇ ਹੋਰ ਵੀ ਬਹੁਤ ਸਾਰੇ ਕਾਰਨ ਹੋ ਸਕਦੇ ਹਨ ਅਤੇ ਇਸ ਦਾ ਇਕ ਵੱਡਾ ਲੱਛਣ ਇਹ ਵੀ ਹੈ ਕਿ ਜੇ ਤੁਹਾਨੂੰ ਵਾਰ-ਵਾਰ ਪਿਆਸ ਲੱਗਦੀ ਹੈ ਤਾਂ ਤੁਹਾਨੂੰ ਸੂਗਰ ਦਾ ਖਤਰਾ ਹੋ ਸਕਦਾ ਹੈ। ਦਰਅਸਲ ਖ਼ੂਨ 'ਚ ਸੂਗਰ ਦੀ ਮਾਤਰਾ ਵੱਧ ਜਾਂਦੀ ਹੈ ਜਿਸ ਕਾਰਨ ਤੁਹਾਡੀ ਕਿਡਨੀ ਸਾਫ ਨਹੀਂ ਹੋ ਪਾਉਂਦੀ। ਸ਼ੂਗਰ ਪੇਸ਼ਾਬ ਰਾਹੀਂ ਬਾਹਰ ਆਉਂਦੀ ਹੈ ਜਿਸ ਕਾਰਨ ਸਰੀਰ 'ਚ ਪਾਣੀ ਦੀ ਘਾਟ ਹੋ ਜਾਂਦੀ ਹੈ। ਇਹੀ ਵਾਰ-ਵਾਰ ਪਿਆਸ ਲੱਗਣ ਦਾ ਕਾਰਨ ਬਣਦੀ ਹੈ।

ਬੇਚੈਨੀ ਹੋਣਾ: ਬਹੁਤ ਸਾਰੇ ਲੋਕਾਂ ਨੂੰ ਇਸ ਦਾ ਅਰਥ ਅਤੇ ਇਸ ਦੇ ਲੱਛਣ ਨਹੀਂ ਪਤਾ ਹੁੰਦੇ। ਦਰਅਸਲ ਜੇ ਤੁਹਾਡੀ ਦਿਲ ਦੀ ਧੜਕਣ ਵੱਧ ਰਹੀ ਹੈ ਜਾਂ ਬੇਚੈਨੀ ਜਾਂ ਘਬਰਾਹਟ ਹੋ ਰਹੀ ਹੈ ਤਾਂ ਤੁਹਾਨੂੰ ਹੋ ਸਕਦੀ ਹੈ। ਕਈ ਵਾਰ ਸਥਿਤੀ ਅਜਿਹੀ ਹੋ ਜਾਂਦੀ ਹੈ ਕਿ ਇਕ ਵਿਅਕਤੀ ਦਾ ਮੂੰਹ ਵੀ ਸੁੱਕ ਜਾਂਦਾ ਹੈ ਜਿਸ ਕਾਰਨ ਉਸਨੂੰ ਵਾਰ-ਵਾਰ ਪਿਆਸ ਲੱਗਦੀ ਹੈ।

ਕੀ ਹਨ ਇਸ ਤੋਂ ਬਚਾਅ ਦੇ ਹੱਲ?

ਇਕ ਵਾਰ 'ਚ ਜਆਿਦਾ ਪਾਣੀ ਨਾ ਪੀਓ

ਔਲਿਆਂ ਦੇ ਪਾਊਡਰ ਅਤੇ ਸਹਿਦ ਨੂੰ ਮਿਕਸ ਕਰਕੇ ਖਾਓ

ਭਿੱਜੀ ਸੌਂਫ ਨੂੰ ਪੀਸ ਕੇ ਵੀ ਖਾ ਸਕਦੇ ਹੋ

1 ਚਮਚ ਕਾਲੀ ਮਿਰਚ ਪਾਊਡਰ ਨੂੰ 4 ਕੱਪ ਪਾਣੀ 'ਚ ਉਬਾਲ ਕੇ ਠੰਡਾ ਕਰਕੇ ਪੀ ਸਕਦੇ ਹੋ।

ਜੇ ਤੁਹਾਨੂੰ ਜ਼ਿਆਦਾ ਪਿਆਸ ਲੱਗਦੀ ਹੈ ਤਾਂ ਤੁਹਾਨੂੰ ਤੁਰੰਤ ਡਾਕਟਰ ਨਾਲ ਸੰਪਰਕ ਕਰਨਾ ਚਾਹੀਦਾ ਹੈ।

ਜੇਕਰ ਤੁਸੀਂ ਉੱਪਰ ਬਿਆਨ ਕੀਤੇ ਕਿਸੇ ਵੀ ਮਸਲੇ ਤੋਂ ਪਰੇਸ਼ਾਨ ਹੋ ਜਾਂ ਕਿਸੇ ਗੁਪਤ ਰੋਗ ਤੋਂ ਪੀੜਤ ਹੋ ਤਾਂ ਇੱਕ ਵਾਰ ਸੂਰਜਵੰਸ਼ੀ ਦਵਾਖ਼ਾਨੇ ਨਾਲ ਜ਼ਰੂਰ ਸੰਪਰਕ ਕਰੋ। ਸੂਰਜਵੰਸ਼ੀ ਦਵਾਖ਼ਾਨਾ ਉੱਤਰੀ ਅਮਰੀਕਾ ਵਿੱਚ ਪਿੱਛਲੇ 25 ਸਾਲਾਂ ਤੋਂ ਲਗਾਤਾਰ ਸੇਵਾ ਨਿਭਾਉਂਦਾ ਆ ਰਿਹਾ ਹੈ। ਮੈਡੀਕਲ ਸਾਇੰਸ ਵਲੋਂ ਸਾਰੀ ਦੁਨੀਆ 'ਚ ਇਹ ਗੱਲ ਪੂਰੀ ਤਰ੍ਹਾਂ ਸਥਾਪਤ ਕੀਤੀ ਜਾ ਚੁੱਕੀ ਹੈ ਕਿ ਪਿਛਲੇ 100 ਸਾਲਾਂ ਵਿੱਚ ਮੈਡੀਕਲ ਸਾਇੰਸ ਨੇ ਬਹੁਤ ਤਰੱਕੀ ਕਰ ਲਈ ਹੈ ਪਰ ਧਿਆਨ ਦੇਣ ਦੀ ਗੱਲ ਇਹ ਹੈ ਕਿ ਫ਼ਿਰ ਵੀ ਮਰਦਾਂ ਵਿੱਚ ਇਰੈਕਟਾਇਲ ਡਿਸਫ਼ੰਕਸ਼ਨ ਭਾਵ ਮਰਦਾਨਾ ਕਮਜ਼ੋਰੀ, ਸ਼ੀਘਰ ਪਤਨ, ਸ਼ੂਗਰ, ਗਠੀਆ ਤੇ ਗੀੜ੍ਹ ਦੀ ਹੱਡੀ ਦੀਆਂ ਬੀਮਾਰੀਆਂ ਨੂੰ ਅੰਗ੍ਰੇਜ਼ੀ ਦਵਾਈਆਂ ਨਾਲ ਸਿਰਫ਼ ਕੁਝ ਹੱਦ ਤਕ ਕੰਟਰੋਲ ਹੀ ਕੀਤਾ ਜਾ ਰਿਹਾ ਹੈ। ਇਨ੍ਹਾਂ ਬੀਮਾਰੀਆਂ ਨੂੰ ਹਮੇਸ਼ਾ ਲਈ ਖਤਮ ਕਰ ਕੇ ਮਰੀਜ਼ ਨੂੰ ਸਿਹਤਮੰਦ ਨਹੀਂ ਬਣਾਇਆ ਜਾ ਰਿਹਾ। ਮਰਦਾਂ ਨੂੰ ਇੰਦਰੀ ਵਰਧਕ ਨੁਸਖ਼ਾ ਚਾਹੀਦਾ ਹੋਵੇ ਤਾਂ ਉਹ ਸਾਡੇ ਕੋਲੋਂ 150 ਡੌਲਰ ਵਾਲੀ ਸਪੈਸ਼ਲ ਮਸ਼ੀਨ ਬਾਰੇ ਪੁੱਛਣਾ ਬਿਲਕੁਲ ਨਾ ਭੁੱਲਣ। ਮਰਦਾਨਾ ਤਾਕਤ ਦਾ ਫ਼ੌਲਾਦੀ ਨੁਸਖ਼ਾ ਖ਼ਰੀਦਣ 'ਤੇ ਮਸ਼ੀਨ ਬਿਲਕੁਲ ਮੁਫ਼ਤ ਹਾਸਿਲ ਕਰੋ।

ਕੁਝ ਸਮੇਂ ਦੇ ਇਲਾਜ ਤੋਂ ਬਾਅਦ ਹੀ ਰੋਗੀ ਤੰਦਰੁਸਤ ਹੋ ਜਾਂਦੇ ਹਨ ਅਤੇ ਫ਼ਿਰ ਸਾਰੀ ਉਮਰ ਉਹ ਬਿਨਾਂ ਦਵਾਈਆਂ ਦੇ ਆਪਣਾ ਗ੍ਰਹਿਸਥ ਜੀਵਨ ਜੀ ਸਕਦੇ ਹਨ। ਸਪਰਮ ਕਾਊਂਟ ਘੱਟ ਹੋਵੇ ਤਾਂ ਵੀ ਸਾਡੇ ਕੋਲ ਸ਼ਰਤੀਆ ਇਲਾਜ ਮੌਜੂਦ ਹੈ। ਵਧੇਰੇ ਜਾਣਕਾਰੀ ਲਈ ਅੱਜ ਹੀ ਖ਼ਾਨਦਾਨੀ ਹਕੀਮ ਕੇ.ਬੀ. ਸਿੰਘ ਨਾਲ 416-992-5489 'ਤੇ ਸੰਪਰਕ ਕਰੋ ਜਾਂ ਇਸ ਅਖ਼ਬਾਰ ਵਿੱਚ ਲੱਗਾ ਸੂਰਜਵੰਸ਼ੀ ਦਵਾਖ਼ਾਨੇ ਦਾ ਇਸ਼ਤਿਹਾਰ ਦੇਖੋ।

# ਸ਼ੂਗਰ ਅਤੇ ਮੋਟਾਪੇ ਤੋਂ ਨਿਜਾਤ ਪਾਉਣ ਲਈ ਇੰਝ ਕਰੋ 'ਗਲੋਅ' ਦੀ ਵਰਤੋਂ





ਗਲੋਅ ਇਕ ਆਯੁਰਵੈਦਿਕ ਬੂਟੀ ਹੈ, ਜੋ ਕਈ ਤਰ੍ਹਾਂ ਦੀਆਂ ਦਵਾਈਆਂ ਬਣਾਉਣ ਦੇ ਕੰਮ ਆਉਂਦੀ ਹੈ। ਗਲੋਅ 'ਚ ਕਈ ਤਰ੍ਹਾਂ ਦੇ ਔਸ਼ਧੀ ਗੁਣ ਪਾਏ ਜਾਂਦੇ ਹਨ। ਗਲੋਅ ਨੂੰ ਪਾਉਡਰ, ਜੂਸ ਜਾਂ ਕੈਪਸੂਲ ਕਿਸੇ ਵੀ ਰੂਪ 'ਚ ਲਿਆ ਜਾ ਸਕਦਾ ਹੈ ਪਰ ਇਸ ਨੂੰ ਪਾਉਡਰ 'ਚ ਲੈਣਾ ਜ਼ਿਆਦਾ ਲਾਭਕਾਰੀ ਹੁੰਦਾ ਹੈ। ਗਲੋਅ ਦੀ ਵਰਤੋਂ ਕਰਨ ਨਾਲ ਤੁਸੀਂ ਕਈ ਤਰ੍ਹਾਂ ਦੀਆਂ ਬੀਮਾਰੀਆਂ ਤੋਂ ਸੌਖੇ ਤਰੀਕੇ ਨਾਲ ਛੁਟਕਾਰਾ ਪਾ ਸਕਦੇ ਹੋ। ਇਸੇ ਲਈ ਅੱਜ ਅਸੀਂ ਤੁਹਾਨੂੰ ਗਲੋਅ ਜਾ ਸੇਵਨ ਕਰਨ ਨਾਲ ਹੋਣ ਵਾਲੇ ਫਾਇਦਿਆਂ ਬਾਰੇ ਦੱਸਣ ਜਾ ਰਹੇ ਹਾਂ....

ਢਿੱਡ ਦੀਆਂ ਬੀਮਾਰੀਆਂ ਨੂੰ ਕਰੇ ਦੂਰ

ਅਸੰਤੁਲਿਤ ਭੋਜਣ ਖਾਣ ਨਾਲ ਢਿੱਡ 'ਚ ਕਈ ਤਰ੍ਹਾਂ ਦੇ ਰੋਗ ਜਨਮ ਲੈਂਦੇ ਹਨ। ਗਲੋਅ ਢਿੱਡ ਦੇ ਰੋਗਾਂ ਅਤੇ ਢਿੱਡ ਦੇ ਕੀੜਿਆਂ ਨੂੰ ਖਤਮ ਕਰਦੀ ਹੈ। ਗਲੋਅ ਦੀ ਵਰਤੋਂ ਨਾਲ ਕਬਜ਼ ਅਤੇ ਬਦਹਜ਼ਮੀ ਵੀ ਠੀਕ ਹੋ ਜਾਂਦੀ ਹੈ।

ਸ਼ੂਗਰ ਦੇ ਰੋਗੀਆਂ ਲਈ ਫਾਇਦੇਮੰਦ

ਸ਼ੂਗਰ ਵਰਗੀ ਬੀਮਾਰੀ ਨੂੰ ਠੀਕ ਕਰਨ 'ਚ ਗਲੋਅ ਕਾਫੀ ਲਾਹੇਵੰਦ ਹੁੰਦੀ ਹੈ। ਇਸ 'ਚ ਸ਼ੂਗਰ ਘਟਾਉਣ ਵਾਲੇ ਗੁਣ ਪਾਏ ਜਾਂਦੇ ਹਨ। ਗਲੋਅ ਦਾ ਜੂਸ ਰੋਜ਼ਾਨਾ ਪੀਣ ਨਾਲ ਟਾਇਪ-2 ਦੇ ਮਰੀਜ਼ ਠੀਕ ਹੋ ਜਾਂਦੇ ਹਨ।

ਅੱਖਾਂ ਦੀ ਰੌਸ਼ਨੀ ਵਧਾਏ

ਗਲੋਅ ਦਾ ਜੂਸ ਪੀਣ ਨਾਲ ਅੱਖਾਂ ਦੀ ਰੌਸ਼ਨੀ ਵੱਧਦੀ ਹੈ। ਇਸ ਨੂੰ ਪਾਣੀ 'ਚ ਉਬਾਲ ਕੇ ਅੱਖਾਂ 'ਤੇ ਲਗਾਉਣ ਨਾਲ ਅੱਖਾਂ ਦੇ ਰੋਗ ਠੀਕ ਹੋ ਜਾਂਦੇ ਹਨ। ਜੇਕਰ ਇਸ ਦੀ ਵਰਤੋਂ ਰੋਜ਼ਾਨਾ ਕੀਤੀ ਜਾਵੇ ਤਾਂ ਇਸ ਨਾਲ ਚਸ਼ਮਾ ਵੀ ਉਤਰ ਜਾਂਦਾ ਹੈ।

ਪੀਲੀਏ ਤੋਂ ਦੇਵੇ ਨਿਜਾਤ

ਪੀਲੀਆ ਹੋਣ 'ਤੇ ਗਲੋਅ ਦੀ ਵਰਤੋਂ ਕਰਨ ਦੇ ਨਾਲ ਕਾਫੀ ਫਾਇਦੇ ਮਿਲਦੇ ਹਨ। ਗਲੋਅ 'ਚ ਕਾਲੀ ਮਿਰਚ, ਸ਼ਹਿਦ ਅਤੇ ਤ੍ਰਿਫਲਾ ਦੇ ਪਾਉਡਰ ਨੂੰ ਮਿਲਾ ਕੇ ਪੀਣ ਨਾਲ ਪੀਲੀਏ ਦੇ ਰੋਗ ਤੋਂ ਛੁਟਕਾਰਾ ਮਿਲਦਾ ਹੈ।

ਚਿਹਰੇ ਦੇ ਦਾਗ-ਧੱਬੇ ਨੂੰ ਕਰੇ ਠੀਕ

ਜੇਕਰ ਤੁਹਾਡੇ ਚਿਹਰੇ 'ਤੇ ਦਾਗ-ਧੱਬੇ ਹਨ ਤਾਂ ਗਲੋਅ ਦੇ ਫਲਾਂ ਨੂੰ ਪੀਸ ਲਓ ਅਤੇ ਇਸ ਦਾ ਲੇਪ ਚਿਹਰੇ 'ਤੇ ਲਾਓ। ਇਸ ਵਿੱਚ ਐਂਟੀ ਬੈਕਟੀਰੀਅਲ ਗੁਣ ਹੋਣ ਕਾਰਨ ਇਹ ਚਮੜੀ ਦੀ ਸਾਰੀ ਇੰਨਫੈਕਸਨ ਨੂੰ ਦੂਰ ਕਰਦਾ ਹੈ।

ਖਾਂਸੀ, ਜ਼ੁਕਾਮ ਅਤੇ ਬੁਖਾਰ ਤੋਂ ਦੇਵੇ ਨਿਜਾਤ

ਗਲੋਅ ਸਰੀਰ 'ਚ ਰੋਗਾਂ ਨਾਲ ਲੜਨ ਦੀ ਸ਼ਕਤੀ ਨੂੰ ਵਧਾਉਂਦਾ ਹੈ। ਗਲੋਅ ਦਾ ਪਾਣੀ ਪੀਣ ਨਾਲ ਖਾਂਸੀ, ਜ਼ੁਕਾਮ, ਬੁਖਾਰ ਅਤੇ ਹੋਰ ਬੀਮਾਰੀਆਂ ਨਿਜਾਤ ਮਿਲਦਾ ਹੈ।

ਖ਼ੂਨ ਨੂੰ ਕਰੇ ਸਾਫ

ਗਲੋਅ ਸਰੀਰ 'ਚੋਂ ਖ਼ੂਨ ਨੂੰ ਸਾਫ ਕਰਨ 'ਚ ਕਾਫੀ ਲਾਹੇਵੰਦ ਹੁੰਦੀ ਹੈ। ਇਸ ਦੇ ਨਾਲ ਹੀ ਇਹ ਗੁਰਦੇ 'ਚੋਂ ਨੁਕਸਾਨਦੇਹ ਤੱਤਾਂ ਨੂੰ ਬਾਹਰ ਕੱਢਦੀ ਹੈ।

ਮੋਟਾਪਾ ਘਟ ਕਰਨ 'ਚ ਕਰਦੀ ਹੈ ਮਦਦ

ਗਲੋਅ ਮੋਟਾਪਾ ਘੱਟ ਕਰਨ ਵਿੱਚ ਵੀ ਮਦਦ ਕਰਦੀ ਹੈ, ਮੋਟਾਪਾ ਘੱਟ ਕਰਨ ਲਈ ਗਿਲੋਅ ਅਤੇ ਤ੍ਰਿਫਲਾ ਚੂਰਨ ਨੂੰ ਸਵੇਰ ਅਤੇ ਸਾਮ ਸਹਿਦ ਨਾਲ ਖਾਣ ਨਾਲ ਫਾਇਦਾ ਹੁੰਦਾ ਹੈ।

ਇਨ੍ਹਾਂ ਹਾਲਾਤ 'ਚ ਨਾ ਕਰੋ ਗਲੋਅ ਦਾ ਸੇਵਨ

. ਜੇਕਰ ਤੁਸੀਂ ਸ਼ੂਗਰ ਦੀ ਦਵਾਈ ਖਾ ਰਹੇ ਹੋ ਤਾਂ ਇਸ ਦਾ ਸੇਵਨ ਨਹੀਂ ਕਰਨਾ ਚਾਹੀਦਾ। ਦਵਾਈ ਜਾਂ ਫਿਰ ਗਲੋਅ ਦੋਹਾਂ 'ਚੋਂ ਇਕ ਦਾ ਸੇਵਨ ਕਰਨਾ ਚਾਹੀਦਾ ਹੈ।

. ਗਰਭਵਤੀ ਜਨਾਨੀ ਅਤੇ ਬੱਚੇ ਨੂੰ ਆਪਣਾ ਦੁੱਧ ਪਿਲਾਉਣ ਵਾਲੀ ਜਨਾਨੀ ਨੂੰ ਇਸ ਦਾ ਸੇਵਨ ਨਹੀਂ ਕਰਨਾ ਚਾਹੀਦਾ।

. ਬਲੱਡ ਪ੍ਰੈਸ਼ਰ ਘੱਟ ਹੋਣ 'ਤੇ ਇਸ ਦਾ ਸੇਵਨ ਕਰਨ ਤੋਂ ਬਚਣਾ ਚਾਹੀਦਾ ਹੈ।

. ਸਰਜਰੀ ਜਾਂ ਆਪ੍ਰੇਸ਼ਨ ਹੋਣ 'ਤੇ ਗਲੋਅ ਦੀ ਵਰਤੋ ਬੰਦ ਕਰ ਦੇਣੀ ਚਾਹੀਦੀ ਹੈ। ਇਸ ਤੋਂ ਇਲਾਵਾ 5 ਸਾਲ ਤੋਂ ਹੇਠਾਂ ਦੇ ਬੱਚਿਆਂ ਨੂੰ ਗਲੋਅ ਦੀ ਵਰਤੋਂ ਨਹੀਂ ਕਰਨੀ ਚਾਹੀਦੀ।

ਜੇਕਰ ਤੁਸੀਂ ਉੱਪਰ ਬਿਆਨ ਕੀਤੇ ਕਿਸੇ ਵੀ ਮਸਲੇ ਤੋਂ ਪਰੇਸ਼ਾਨ ਹੋ ਜਾਂ ਕਿਸੇ ਗੁਪਤ ਰੋਗ ਤੋਂ ਪੀੜਤ ਹੋ ਤਾਂ ਇੱਕ ਵਾਰ ਸੂਰਜਵੰਸ਼ੀ ਦਵਾਖ਼ਾਨੇ ਨਾਲ ਜ਼ਰੂਰ ਸੰਪਰਕ ਕਰੋ। ਸੂਰਜਵੰਸ਼ੀ ਦਵਾਖ਼ਾਨਾ ਉੱਤਰੀ ਅਮਰੀਕਾ ਵਿੱਚ ਪਿੱਛਲੇ 25 ਸਾਲਾਂ ਤੋਂ ਲਗਾਤਾਰ ਸੇਵਾ ਨਿਭਾਉਂਦਾ ਆ ਰਿਹਾ ਹੈ। ਮੈਡੀਕਲ ਸਾਇੰਸ ਵਲੋਂ ਸਾਰੀ ਦੁਨੀਆ 'ਚ ਇਹ ਗੱਲ ਪੂਰੀ ਤਰ੍ਹਾਂ ਸਥਾਪਤ ਕੀਤੀ ਜਾ ਚੁੱਕੀ ਹੈ ਕਿ ਪਿਛਲੇ 100 ਸਾਲਾਂ ਵਿੱਚ ਮੈਡੀਕਲ ਸਾਇੰਸ ਨੇ ਬਹੁਤ ਤਰੱਕੀ ਕਰ ਲਈ ਹੈ ਪਰ ਧਿਆਨ ਦੇਣ ਦੀ ਗੱਲ ਇਹ ਹੈ ਕਿ ਫ਼ਿਰ ਵੀ ਮਰਦਾਂ ਵਿੱਚ ਇਰੈਕਟਾਇਲ ਡਿਸਫ਼ੰਕਸ਼ਨ ਭਾਵ ਮਰਦਾਨਾ ਕਮਜ਼ੋਰੀ, ਸ਼ੀਘਰ ਪਤਨ, ਸ਼ੂਗਰ, ਗਠੀਆ ਤੇ ਗੀੜ੍ਹ ਦੀ ਹੱਡੀ ਦੀਆਂ ਬੀਮਾਰੀਆਂ ਨੂੰ ਅੰਗ੍ਰੇਜ਼ੀ ਦਵਾਈਆਂ ਨਾਲ ਸਿਰਫ਼ ਕੁਝ ਹੱਦ ਤਕ ਕੰਟਰੋਲ ਹੀ ਕੀਤਾ ਜਾ ਰਿਹਾ ਹੈ।

ਇਨ੍ਹਾਂ ਬੀਮਾਰੀਆਂ ਨੂੰ ਹਮੇਸ਼ਾ ਲਈ ਖਤਮ ਕਰ ਕੇ ਮਰੀਜ਼ ਨੂੰ ਸਿਹਤਮੰਦ ਨਹੀਂ ਬਣਾਇਆ ਜਾ ਰਿਹਾ। ਮਰਦਾਂ ਨੂੰ ਇੰਦਰੀ ਵਰਧਕ ਨੁਸਖ਼ਾ ਚਾਹੀਦਾ ਹੋਵੇ ਤਾਂ ਉਹ ਸਾਡੇ ਕੋਲੋਂ 150 ਡੌਲਰ ਵਾਲੀ ਸਪੈਸ਼ਲ ਮਸ਼ੀਨ ਬਾਰੇ ਪੁੱਛਣਾ ਬਿਲਕੁਲ ਨਾ ਭੁੱਲਣ। ਮਰਦਾਨਾ ਤਾਕਤ ਦਾ ਫ਼ੌਲਾਦੀ ਨੁਸਖ਼ਾ ਖ਼ਰੀਦਣ 'ਤੇ ਮਸ਼ੀਨ ਬਿਲਕੁਲ ਮੁਫ਼ਤ ਹਾਸਿਲ ਕਰੋ। ਕੁਝ ਸਮੇਂ ਦੇ ਇਲਾਜ ਤੋਂ ਬਾਅਦ ਹੀ ਰੋਗੀ ਤੰਦਰੁਸਤ ਹੋ ਜਾਂਦੇ ਹਨ ਅਤੇ ਫ਼ਿਰ ਸਾਰੀ ਉਮਰ ਉਹ ਬਿਨਾਂ ਦਵਾਈਆਂ ਦੇ ਆਪਣਾ ਗ੍ਰਹਿਸਥ ਜੀਵਨ ਜੀ ਸਕਦੇ ਹਨ। ਸਪਰਮ ਕਾਊਂਟ ਘੱਟ ਹੋਵੇ ਤਾਂ ਵੀ ਸਾਡੇ ਕੋਲ ਸ਼ਰਤੀਆ ਇਲਾਜ ਮੌਜੂਦ ਹੈ। ਵਧੇਰੇ ਜਾਣਕਾਰੀ ਲਈ ਅੱਜ ਹੀ ਖ਼ਾਨਦਾਨੀ ਹਕੀਮ ਕੇ.ਬੀ. ਸਿੰਘ ਨਾਲ 416-992-5489 'ਤੇ ਸੰਪਰਕ ਕਰੋ ਜਾਂ ਇਸ ਅਖ਼ਬਾਰ ਵਿੱਚ ਲੱਗਾ ਸੂਰਜਵੰਸ਼ੀ ਦਵਾਖ਼ਾਨੇ ਦਾ ਇਸ਼ਤਿਹਾਰ ਦੇਖੋ।

# ਪੰਜਾਬ ’ਚ ਬਣੇ ਤਾਜ਼ਾ ਹਾਲਾਤ ਦਰਮਿਆਨ ਮੋਗਾ ਦੇ ਡੀ. ਸੀ. ਦਾ ਵੱਡਾ ਬਿਆਨ

ਕੌਮੀ ਪਤ੍ਰਿਕਾ

ਮੋਗਾ 4 ਅਪ੍ਰੈਲ। ਜ਼ਿਲਾ ਮੋਗਾ ਵਿਚ ਪੈਟਰੋਲ, ਡੀਜ਼ਲ ਅਤੇ ਘਰੇਲੂ ਐੱਲ. ਪੀ. ਜੀ. ਗੈਸ ਦਾ ਪੂਰਾ ਅਤੇ ਨਿਯਮਿਤ ਸਟਾਕ ਉਪਲੱਬਧ ਹੈ ਅਤੇ ਕਿਸੇ



ਵੀ ਪੈਟਰੋਲੀਅਮ ਉਤਪਾਦ ਦੀ ਕੋਈ ਕਮੀ ਨਹੀਂ ਹੈ। ਪਿਛਲੇ ਕੁਝ ਦਿਨਾਂ ਦੌਰਾਨ ਸੋਸ਼ਲ ਮੀਡੀਆ ’ਤੇ ਫੈਲੀਆਂ ਅਫਵਾਹਾਂ ਕਾਰਨ ਮੰਗ ਵਿਚ ਅਚਾਨਕ ਵਾਧਾ ਦੇਖਣ ਨੂੰ ਮਿਲਿਆ ਸੀ ਪਰ ਜ਼ਿਲਾ ਪ੍ਰਸ਼ਾਸਨ ਵੱਲੋਂ ਤੇਲ ਕੰਪਨੀਆਂ ਨਾਲ ਤਾਲਮੇਲ ਕਰਕੇ ਲੋਕਾਂ ਦੀ ਮੰਗ ਅਨੁਸਾਰ ਪੈਟਰੋਲ ਅਤੇ ਡੀਜ਼ਲ ਦੀ ਪੂਰੀ ਸਪਲਾਈ ਯਕੀਨੀ ਬਣਾਈ ਗਈ ਹੈ। ਇਸ ਸਮੇਂ ਜ਼ਿਲ੍ਹੇ ਦੇ ਕਿਸੇ ਵੀ ਪੈਟਰੋਲ ਪੰਪ ’ਤੇ ਕੋਈ ਭੀੜ ਜਾਂ ਲਾਈਨ ਨਹੀਂ ਹੈ, ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਡਿਪਟੀ ਕਮਿਸ਼ਨਰ ਮੋਗਾ ਸਾਗਰ ਸੇਤੀਆ ਨੇ ਦੱਸਿਆ ਕਿ ਜ਼ਿਲਾ ਅਫਵਾਹਾਂ ’ਤੇ ਵਿਸ਼ਵਾਸ ਨਾ ਕਰਨ ਅਤੇ ਕੇਵਲ ਭਰੋਸੇਯੋਗ ਸਰਕਾਰੀ ਜਾਣਕਾਰੀ ’ਤੇ ਹੀ ਨਿਰਭਰ ਰਹਿਣ। ਜੇਕਰ ਕੋਈ ਵਿਅਕਤੀ ਗਲਤ ਜਾਣਕਾਰੀ ਫੈਲਾਉਂਦਾ ਜਾਂ ਅਫਵਾਹਾਂ ਪੈਦਾ ਕਰਦਾ ਪਾਇਆ ਗਿਆ ਤਾਂ ਉਸ ਵਿਰੁੱਧ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਸਾਗਰ ਸੇਤੀਆ ਨੇ ਪੈਟਰੋਲ ਪੰਪ ਡੀਲਰਾਂ ਨੂੰ ਵੀ ਹੁਕਮ ਦਿੱਤੇ ਹਨ ਕਿ ਤੇਲ ਦੀ ਜਮ?ਾਖੋਰੀ ਨੂੰ ਰੋਕਣ ਲਈ ਪੂਰਾ ਸਹਿਯੋਗ ਦਿੱਤਾ ਜਾਵੇ। ਕਿਸੇ ਵੀ ਵਿਅਕਤੀ ਨੂੰ ਲੋੜ ਤੋਂ ਵੱਧ ਤੇਲ ਜਾਰੀ ਨਾ ਕੀਤਾ ਜਾਵੇ ਅਤੇ ਕੇਵਲ ਵਾਹਨਾਂ ਵਿਚ ਹੀ ਪੈਟਰੋਲ ਭਰਿਆ ਜਾਵੇ। ਕਿਸੇ ਵੀ ਕਿਸਮ ਦੇ ਕੰਟੇਨਰ, ਬੋਤਲਾਂ ਜਾਂ ਡਰੰਮਾਂ ਵਿਚ ਪੈਟਰੋਲ ਜਾਰੀ ਕਰਨ ’ਤੇ ਪਾਬੰਦੀ ਰਹੇਗੀ। ਡਿਪਟੀ ਕਮਿਸ਼ਨਰ ਨੇ ਘਰੇਲੂ ਗੈਸ ਖਪਤਕਾਰਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਘਰਾਂ ਵਿਚ ਵਾਧੂ ਸਿਲੰਡਰ ਇਕੱਠੇ ਨਾ ਕਰਨ ਅਤੇ ਸਿਰਫ ਲੋੜ ਅਨੁਸਾਰ ਹੀ ਗੈਸ ਦੀ ਬੁਕਿੰਗ ਕਰਵਾਉਣ। ਉਨ੍ਹਾਂ ਕਿਹਾ ਕਿ ਜ਼ਿਲੇ ਵਿਚ ਗੈਸ ਦੀ ਜਮ?ਾਖੋਰੀ ਅਤੇ ਕਾਲਾਬਾਜ਼ਾਰੀ ਨੂੰ ਰੋਕਣ ਲਈ ਚੈਕਿੰਗ ਮੁਹਿੰਮ ਨੂੰ ਹੋਰ ਤੇਜ਼ ਕੀਤਾ ਗਿਆ ਹੈ ਅਤੇ ਸਬੰਧਿਤ ਅਧਿਕਾਰੀਆਂ ਦੀ ਡਿਊਟੀ ਲਾਈ ਗਈ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਜ਼ਿਲੇ ਵਿਚ ਵਪਾਰਕ ਐੱਲ. ਪੀ. ਜੀ. ਗੈਸ ਸਿਲੰਡਰਾਂ ਦੀ ਸਪਲਾਈ ਵੀ ਸੁਚਾਰੂ ਢੰਗ ਨਾਲ ਜਾਰੀ ਹੈ। ਅੰਤ ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਸੋਸ਼ਲ ਮੀਡੀਆ ’ਤੇ ਫੈਲ ਰਹੀਆਂ ਗਲਤ ਅਫਵਾਹਾਂ ਕਾਰਨ ਘਬਰਾਹਟ ਵਿਚ ਆ ਕੇ ਪੈਟਰੋਲ, ਡੀਜ਼ਲ ਜਾਂ ਗੈਸ ਖਰੀਦਣ ਲਈ ਲਾਈਨਾਂ ਨਾ ਲਗਾਈਆਂ ਜਾਣ। ਸਰਕਾਰ ਵੱਲੋਂ ਪੈਟਰੋਲੀਅਮ ਉਤਪਾਦਾਂ ਦੀ ਸਪਲਾਈ ਨਿਰੰਤਰ ਅਤੇ ਬਿਨਾਂ ਰੁਕਾਵਟ ਜਾਰੀ ਹੈ।

## ਪੁੱਡੂਚੇਰੀ ’ਚ ਚੋਣਾਂ ਲੜਨ ਵਾਲੇ ਕਰੀਬ 23 ਫ਼ੀਸਦੀ ਉਮੀਦਵਾਰਾਂ ਵਿਰੁੱਧ ਦਰਜ ਅਪਰਾਧਿਕ ਮਾਮਲੇ

ਨਵੀਂ ਦਿੱਲੀ 4 ਅਪ੍ਰੈਲ। ਪੁਡੂਚੇਰੀ ਵਿਧਾਨ ਸਭਾ ਲਈ ਚੋਣਾਂ ਲੜ ਰਹੇ ਲੱਗਭਗ 23 ਫੀਸਦੀ ਉਮੀਦਵਾਰਾਂ ਨੇ ਆਪਣੇ ਵਿਰੁੱਧ ਅਪਰਾਧਿਕ ਮਾਮਲੇ ਦਰਜ ਹੋਣ ਦੀ ਗੱਲ ਮੰਨੀ ਹੈ, ਜਦੋਂ ਕਿ 41 ਫੀਸਦੀ ਕਰੋੜਪਤੀ ਹਨ। ਜਾਣਕਾਰੀ ਮੁਤਾਬਕ ਚੋਣ ਸੁਧਾਰਾਂ ’ਤੇ ਕੰਮ ਕਰਨ ਵਾਲੀ ਗੈਰ-ਸਰਕਾਰੀ ਸੰਸਥਾ ਐਸੋਸੀਏਸ਼ਨ ਫਾਰ ਡੈਮੋਕ੍ਰੇਟਿਕ ਰਿਫਾਰਮਜ਼ ਨੇ 9 ਅਪ੍ਰੈਲ ਨੂੰ ਹੋਣ ਵਾਲੀਆਂ ਚੋਣਾਂ ’ਚ 30 ਸੀਟਾਂ ’ਤੇ ਚੋਣ ਲੜ ਰਹੇ 294 ਉਮੀਦਵਾਰਾਂ ’ਚੋਂ 291 ਦੇ ਹਲਫਨਾਮਿਆਂ ਦਾ ਵਿਸ਼ਲੇਸ਼ਣ ਕੀਤਾ ਹੈ। ਇਸ ਅਨੁਸਾਰ 294 ਉਮੀਦਵਾਰਾਂ ’ਚੋਂ 34 ਰਾਸ਼ਟਰੀ ਪਾਰਟੀਆਂ ਦੇ, 63 ਸੂਬਾਈ ਪਾਰਟੀਆਂ ਦੇ, 80 ਰਜਿਸਟਰਡ ਗੈਰ-ਮਾਨਤਾ ਪ੍ਰਾਪਤ ਪਾਰਟੀਆਂ ਦੇ ਤੇ 117 ਆਜ਼ਾਦ ਹਨ। ਇਸ ’ਚ ਕਿਹਾ ਗਿਆ ਹੈ ਕਿ 66 ਉਮੀਦਵਾਰਾਂ ਨੇ ਆਪਣੇ ਵਿਰੁੱਧ ਅਪਰਾਧਿਕ ਮਾਮਲੇ ਐਲਾਨੇ ਹਨ। ਇਹ ਗਿਣਤੀ 23 ਫੀਸਦੀ ਹੈ। 2021 ’ਚ 323 ਉਮੀਦਵਾਰਾਂ ’ਚੋਂ 54 ਦਾਗੀ ਸਨ। ਇਹ (17 ਫੀਸਦੀ ਹੈ। ਇਨ੍ਹਾਂ 66 ਉਮੀਦਵਾਰਾਂ ’ਚੋਂ 38 ਭਾਵ 13 ਫੀਸਦੀ ਗੰਭੀਰ ਅਪਰਾਧਿਕ ਮਾਮਲਿਆਂ ਦਾ ਸਾਹਮਣਾ ਕਰ ਰਹੇ ਹਨ, ਜਦੋਂ ਕਿ 2021 ’ਚ ਇਹ ਗਿਣਤੀ 28 ਭਾਵ 9 ਫੀਸਦੀ ਸੀ। ਇਸ ਦੇ ਨਾਲ ਹੀ ਮੁੱਖ ਪਾਰਟੀਆਂ ’ਚੋਂ ਕਾਂਗਰਸ ਦੇ 21 ਉਮੀਦਵਾਰਾਂ ’ਚੋਂ 3, ਆਲ ਇੰਡੀਆ ਐੱਨ. ਆਰ. ਕਾਂਗਰਸ ਦੇ 16 ’ਚੋਂ 4, ਡੀ. ਐੱਮ. ਕੇ. ਦੇ 12 ’ਚੋਂ 6 ਤੇ ਭਾਜਪਾ ਦੇ 10 ’ਚੋਂ 5 ਨੇ ਆਪਣੇ ਹਲਫਨਾਮਿਆਂ ’ਚ ਆਪਣੇ ਵਿਰੁੱਧ ਅਪਰਾਧਿਕ ਮਾਮਲੇ ਦਰਜ ਹੋਣ ਦੀ ਗੱਲ ਮੰਨੀ ਹੈ।

## ਪੇਕਿਆਂ ਵੱਲੋਂ ਧੀ ਨੂੰ ਮਿਲੀ ਜਾਇਦਾਦ ’ਤੇ ਜਵਾਈ ਦਾ ਕਿੰਨਾ ਹੱਕ? ਹਾਈਕੋਰਟ ਨੇ ਸੁਣਾਇਆ ਵੱਡਾ ਫ਼ੈਸਲਾ

ਅਮਰਾਵਤੀ 4 ਅਪ੍ਰੈਲ। ਔਰਤਾਂ ਦੇ ਜਾਇਦਾਦ ਦੇ ਹੱਕਾਂ ਨੂੰ ਲੈ ਕੇ ਆਂਧਰਾ ਪ੍ਰਦੇਸ਼ ਹਾਈ ਕੋਰਟ ਨੇ ਇੱਕ ਇਤਿਹਾਸਕ ਅਤੇ ਬੇਹੱਦ ਅਹਿਮ ਫੈਸਲਾ ਸੁਣਾਇਆ ਹੈ। ਪਤਨੀ ਦੇ ਪੇਕੇ ਪਰਿਵਾਰ ਵਲੋਂ ਦਿੱਤੀ ਜਾਣ ਵਾਲੀ ਜਾਇਦਾਦ ’ਤੇ ਉਸ ਦੇ ਪਤੀ ਦਾ ਕੋਈ ਅਧਿਕਾਰ ਹੈ ਜਾਂ ਨਹੀਂ, ਇਸ ’ਤੇ ਅਦਾਲਤ ਨੇ ਆਪਣਾ ਫੈਸਲਾ ਸੁਣਾਉਂਦੇ ਹੋਏ ਕਿਹਾ ਕਿ ਜੇਕਰ ਕਿਸੇ ਹਿੰਦੂ ਔਰਤ ਨੂੰ ਉਸ ਦੇ ਮਾਪਿਆਂ (ਮਾਇਕੇ) ਵੱਲੋਂ ਜਾਇਦਾਦ ਵਿਰਾਸਤ ਵਿੱਚ ਮਿਲੀ ਹੈ, ਤਾਂ ਉਸ ’ਤੇ ਉਸ ਦੇ ਪਤੀ ਜਾਂ ਸਹੁਰੇ ਪੱਖ ਦਾ ਕੋਈ ਅਧਿਕਾਰ ਨਹੀਂ ਹੋਵੇਗਾ।



ਜਸਟਿਸ ਤਰਲਾਡਾ ਰਾਜਸ਼ੇਖਰ ਰਾਓ ਨੇ ਹਿੰਦੂ ਉੱਤਰਾਧਿਕਾਰੀ ਐਕਟ, 1956 ਦੀ ਧਾਰਾ 15(2)(ਏ) ਦਾ ਹਵਾਲਾ ਦਿੰਦੇ ਹੋਏ ਸਪੱਸ਼ਟ ਕੀਤਾ ਕਿ ਜੇਕਰ ਕਿਸੇ ਔਰਤ ਨੂੰ ਆਪਣੇ ਮਾਤਾ-ਪਿਤਾ ਤੋਂ ਜਾਇਦਾਦ ਮਿਲਦੀ ਹੈ ਅਤੇ ਬਿਨਾ ਵਸੀਅਤ ਕੀਤੇ ਔਰਤ ਦੀ ਮੌਤ ਹੁੰਦੀ ਹੈ ਤਾਂ ਉਸ ਜਾਇਦਾਦ ’ਤੇ ਉਸ ਦੇ ਪਤੀ ਅਤੇ ਸਹੁਰੇ ਪਰਿਵਾਰ ਦਾ ਕੋਈ ਅਧਿਕਾਰ ਨਹੀਂ ਹੈ। ਜੇਕਰ ਔਰਤ ਦੀ ਕੋਈ ਸੰਤਾਨ (ਬੱਚਾ) ਨਹੀਂ ਹੈ ਤਾਂ ਅਜਿਹੀ ਸਥਿਤੀ ਵਿੱਚ ਜਾਇਦਾਦ ਪਤੀ ਨੂੰ ਮਿਲਣ ਦੀ ਬਜਾਏ ਵਾਪਸ ਔਰਤ ਦੇ ਪਿਤਾ ਦੇ ਵਾਰਸਾਂ ਕੋਲ ਚਲੀ ਜਾਵੇਗੀ। ਇਹ ਵਿਵਾਦ ਇੱਕ ਪ੍ਰਾਪਰਟੀ ਕੇਸ ਤੋਂ ਸ਼ੁਰੂ ਹੋਇਆ ਸੀ। ਸਾਲ 2002 ਵਿੱਚ ਇੱਕ ਦਾਦੀ ਨੇ ਆਪਣੀ ਜਾਇਦਾਦ ਆਪਣੀ ਪੋਤੀ ਨੂੰ ਤੋਹਫ਼ੇ ਵਜੋਂ ਦਿੱਤੀ ਸੀ। ਸਾਲ 2005 ਵਿੱਚ ਉਸ ਪੋਤੀ ਦੀ ਮੌਤ ਹੋ ਗਈ, ਜਿਸ ਦੀ ਕੋਈ ਸੰਤਾਨ ਨਹੀਂ ਸੀ। ਇਸ ਤੋਂ ਬਾਅਦ ਦਾਦੀ ਨੇ ਉਹ ਜਾਇਦਾਦ ਆਪਣੀ ਦੂਜੀ ਪੋਤੀ ਦੇ ਨਾਂ ਕਰ ਦਿੱਤੀ। ਪਹਿਲੀ ਪੋਤੀ ਦੇ ਪਤੀ ਨੇ ਇਸ ਦਾ ਵਿਰੋਧ ਕੀਤਾ ਅਤੇ ਜਾਇਦਾਦ ’ਤੇ ਆਪਣਾ ਹੱਕ ਜਤਾਇਆ। ਮਾਮਲਾ ਅਦਾਲਤ ਵਿੱਚ ਪਹੁੰਚਿਆ, ਜਿੱਥੇ ਹਾਈ ਕੋਰਟ ਨੇ ਪਤੀ ਦੇ ਦਾਅਵੇ ਨੂੰ ਰੱਦ ਕਰਦਿਆਂ ਜਾਇਦਾਦ ਮਾਇਕੇ ਵਾਲਿਆਂ (ਦੂਜੀ ਪੋਤੀ) ਨੂੰ ਸੌਂਪਣ ਦਾ ਹੁਕਮ ਦਿੱਤਾ। ਆਮ ਤੌਰ ’ਤੇ ਇਹ ਮੰਨਿਆ ਜਾਂਦਾ ਹੈ ਕਿ ਪਤਨੀ ਦੇ ਨਾਂ ’ਤੇ ਮੌਜੂਦ ਹਰ ਜਾਇਦਾਦ ’ਤੇ ਉਸ ਦੀ ਮੌਤ ਤੋਂ ਬਾਅਦ ਪਤੀ ਦਾ ਕੁਦਰਤੀ ਹੱਕ ਹੁੰਦਾ ਹੈ। ਪਰ ਅਦਾਲਤ ਨੇ ਸਪੱਸ਼ਟ ਕੀਤਾ ਹੈ ਕਿ ਜੇਕਰ ਜਾਇਦਾਦ ਦਾ ਸਰੋਤ ‘ਮਾਇਕਾ’ (ਪੇਕੇ) ਹੈ ਅਤੇ ਔਰਤ ਨਿਸੰਤਾਨ ਹੈ, ਤਾਂ ਕਾਨੂੰਨ ਸਹੁਰੇ ਪੱਖ ਦੀ ਬਜਾਏ ਪੇਕੇ ਪੱਖ ਨੂੰ ਪਹਿਲ ਦਿੰਦਾ ਹੈ।

## ਗੈਸ ਦੀ ਕਿੱਲਤ ਦਾ ਅਸਰ : ਸਰਕਾਰੀ ਸਕੂਲਾਂ ’ਚ ਲੱਕੜ ਦੇ ਚੁੱਲ੍ਹਿਆਂ ’ਤੇ ਬਣ ਰਿਹਾ ਮਿਡ-ਡੇ-ਮੀਲ

ਮੋਗਾ 4 ਅਪ੍ਰੈਲ। ਦੇਸ਼ ਭਰ ਵਿਚ ਐੱਲਪੀਜੀ ਗੈਸ ਦੀ ਕਿੱਲਤ ਕਾਰਨ ਪੰਜਾਬ ਦੇ ਸਰਕਾਰੀ ਸਕੂਲਾਂ ਵਿਚ ਬੱਚਿਆਂ ਦੇ ਮਿਡ-ਡੇ-ਮੀਲ ਦੀ ਵਿਵਸਥਾ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੀ ਹੈ। ਮੋਗਾ ਜ਼ਿਲ੍ਹੇ ਦੇ ਕਈ ਸਕੂਲਾਂ ਵਿਚ ਗੈਸ



ਸਿਲੰਡਰ ਸਮੇਂ ਸਿਰ ਨਾ ਮਿਲਣ ਕਾਰਨ ਰਵਾਇਤੀ ਲੱਕੜ ਦੇ ਚੁੱਲ੍ਹਿਆਂ ’ਤੇ ਖਾਣਾ ਤਿਆਰ ਕੀਤਾ ਜਾ ਰਿਹਾ ਹੈ, ਜਿਸ ਨਾਲ ਸਕੂਲ ਪ੍ਰਸ਼ਾਸਨ ’ਤੇ ਵਾਧੂ ਖਰਚੇ ਅਤੇ ਮੁਸ਼ਕਲਾਂ ਦਾ ਬੋਝ ਪੈ ਰਿਹਾ ਹੈ। ਜ਼ਿਲ੍ਹੇ ਦੇ 606 ਸਕੂਲਾਂ (ਜਿਨ੍ਹਾਂ ਵਿਚ 354 ਪ੍ਰਾਇਮਰੀ ਅਤੇ 237 ਅੱਪਰ ਪ੍ਰਾਇਮਰੀ ਸਕੂਲ ਸ਼ਾਮਲ ਹਨ) ਦੇ ਲਗਭਗ 65 ਹਜ਼ਾਰ ਬੱਚਿਆਂ ਲਈ ਰੋਜ਼ਾਨਾ ਭੋਜਨ ਤਿਆਰ ਕੀਤਾ ਜਾਂਦਾ ਹੈ। ਤਾਜ਼ਾ ਰਿਪੋਰਟਾਂ ਅਨੁਸਾਰ ਸਰਕਾਰੀ ਪ੍ਰਾਇਮਰੀ ਸਕੂਲ ਜਲਾਲਾਬਾਦ ਪੂਰਬੀ ਜਿੱਥੇ ਲਗਭਗ 450 ਬੱਚਿਆਂ ਲਈ ਮਿੱਟੀ ਦੇ ਚੁੱਲ੍ਹੇ ’ਤੇ ਖਾਣਾ ਬਣਾਇਆ ਜਾ ਰਿਹਾ ਹੈ। ਪ੍ਰਿੰਸੀਪਲ ਪ੍ਰਭਦੀਪ ਕੌਰ ਅਨੁਸਾਰ ਗੈਸ ਸਿਲੰਡਰ ਚੋਰੀ ਹੋਣ ਅਤੇ ਨਵੀਂ ਸਪਲਾਈ ਨਾ ਮਿਲਣ ਕਾਰਨ ਉਨ੍ਹਾਂ ਨੂੰ 900 ਰੁਪਏ ਪ੍ਰਤੀ ਕੁਇੰਟਲ ਦੇ ਹਿਸਾਬ ਨਾਲ ਰੋਜ਼ਾਨਾ ਭਾਰੀ ਮਾਤਰਾ ਵਿਚ ਲੱਕੜ ਖਰੀਦਣੀ ਪੈ ਰਹੀ ਹੈ। ਦੂਜੇ ਪਾਸੇ ਸਮਾਰਟ ਸਕੂਲ ਗਾਰਡਨ ਕਾਲੋਨੀ ’ਚ 187 ਬੱਚਿਆਂ ਲਈ ਲੱਕੜ ’ਤੇ ਖਾਣਾ ਬਣ ਰਿਹਾ ਹੈ। ਪ੍ਰਿੰਸੀਪਲ ਗੁਰਮੀਤ ਸਿੰਘ ਸੋਢੀ ਨੇ ਦੱਸਿਆ ਕਿ ਕਈ ਵਾਰ ਅਧਿਆਪਕਾਂ ਨੂੰ ਆਪਣੇ ਘਰਾਂ ਤੋਂ ਗੈਸ ਸਿਲੰਡਰ ਲਿਆਉਣੇ ਪੈਂਦੇ ਹਨ ਜਾਂ ਪਿੰਡ ਵਿੱਚੋਂ ਪ੍ਰਬੰਧ ਕਰਨਾ ਪੈਂਦਾ ਹੈ। ਰਸੋਈਏ ਧੂੰਏਂ ਅਤੇ ਵਾਧੂ ਮਿਹਨਤ ਦੇ ਵਿਚਕਾਰ ਕੰਮ ਕਰਨ ਲਈ ਮਜਬੂਰ ਹਨ। ਇਸ ਸਥਿਤੀ ’ਤੇ ਕਾਬੂ ਪਾਉਣ ਲਈ ਜ਼ਿਲ੍ਹਾ ਸਿੱਖਿਆ ਅਫ਼ਸਰ (ਪ੍ਰਾਇਮਰੀ) ਮੰਜੂ ਭਾਰਦਵਾਜ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਵੱਲੋਂ ਇਕ ਵਿਸ਼ੇਸ਼ ਕਮੇਟੀ ਬਣਾਈ ਗਈ ਹੈ ਤਾਂ ਜੋ ਗੈਸ ਦੀ ਸਪਲਾਈ ਨੂੰ ਸੁਚਾਰੂ ਬਣਾਇਆ ਜਾ ਸਕੇ। ਵਿਭਾਗ ਨੇ ਸਕੂਲਾਂ ਨੂੰ ਬੱਚਿਆਂ ਦੇ ਖਾਣੇ ਵਿਚ ਕੋਈ ਵਿਘਨ ਨਾ ਪੈਣ ਦੇਣ ਲਈ ਬਦਲਵੇਂ ਪ੍ਰਬੰਧ ਕਰਨ ਦੇ ਨਿਰਦੇਸ਼ ਵੀ ਦਿੱਤੇ ਹਨ।ਸੀਮਤ ਸਾਧਨਾਂ ਦੇ ਬਾਵਜੂਦ ਸਕੂਲ ਪ੍ਰਸ਼ਾਸਨ ਬੱਚਿਆਂ ਤੱਕ ਖਾਣਾ ਪਹੁੰਚਾਉਣ ਦੀ ਕੋਸ਼ਿਸ਼ ਕਰ ਰਿਹਾ ਹੈ ਪਰ ਇਹ ਮੌਜੂਦਾ ਸਥਿਤੀ ਸਿੱਖਿਆ ਪ੍ਰਣਾਲੀ ਲਈ ਇੱਕ ਵੱਡੀ ਚੁਣੌਤੀ ਬਣੀ ਹੋਈ ਹੈ।

## ਟਿਊਬਵੈੱਲ ਦੇ ਟੋਏ ’ਚ ਜਾ ਡਿੱਗਾ ਮੁੰਡਾ, ਹਜ਼ਾਰਾਂ ਕੋਸ਼ਿਸ਼ਾਂ ਮਗਰੋਂ ਵੀ ਨਹੀਂ ਬਚਾਈ ਜਾ ਸਕੀ ਜਾਨ

ਨੈਸ਼ਨਲ ਡੈਸਕ 4 ਅਪ੍ਰੈਲ। ਉੱਤਰ ਪ੍ਰਦੇਸ਼ ਦੇ ਬਾਗਵਤ ਜ਼ਿਲ੍ਹੇ ਦੇ ਬੜੌਤ ਨਗਰ ’ਚ ਟਿਊਬਵੈੱਲ ਦੇ ਖੁੱਲ੍ਹੇ ਟੋਏ ’ਚ ਡਿੱਗਣ ਨਾਲ 10 ਸਾਲਾ ਇਕ ਮੁੰਡੇ ਦੀ ਮੌਤ ਹੋ ਗਈ ਹੈ। ਇਸ ਘਟਨਾ ਤੋਂ ਬਾਅਦ ਸਥਾਨਕ ਲੋਕਾਂ ਨੇ ਪ੍ਰਸ਼ਾਸਨਿਕ ਲਾਪਰਵਾਹੀ ਦਾ ਦੋਸ਼ ਲਗਾਉਂਦੇ ਹੋਏ ਵਿਰੋਧ ਜਤਾਇਆ ਹੈ। ਜਾਣਕਾਰੀ ਦਿੰਦੇ ਹੋਏ ਅਧਿਕਾਰੀ ਨੇ ਦੱਸਿਆ ਕਿ ਇਹ ਘਟਨਾ ਬੜਕਾ ਰੋਡ ਖੇਤਰ ’ਚ ਬੁੱਧਵਾਰ ਸ਼ਾਮ ਵਾਪਰੀ। ਮ੍ਰਿਤਕ ਮੁੰਡੇ ਦੇ ਪਰਿਵਾਰ ਵਾਲਿਆਂ ਨੇ ਵੀਰਵਾਰ ਨੂੰ ਦੱਸਿਆ ਇਰਸ਼ਾਦ (10) ਖੇਡਦੇ ਸਮੇਂ ਟਿਊਬਵੈੱਬ ਦੇ ਡੂੰਘੇ ਟੋਏ ’ਚ ਡਿੱਗ ਗਿਆ, ਜਿਸ ਤੋਂ ਬਾਅਦ ਲੋਕਾਂ ਨੇ ਉਸ ਨੂੰ ਬਾਹਰ ਕੱਢਣ ਦੀ ਕੋਸ਼ਿਸ਼ ਕੀਤੀ ਪਰ ਉਸ ਦੀ ਜਾਨ ਨਹੀਂ ਬਚਾਈ ਜਾ ਸਕੀ। ਸਥਾਨਕ ਵਾਸੀਆਂ ਦਾ ਦੋਸ਼ ਹੈ ਕਿ ਨਗਰਪਾਲਿਕਾ ਦੀ ਜ਼ਮੀਨ ’ਤੇ ਗੈਰ-ਕਾਨੂੰਨੀ ਕਬਜ਼ੇ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਅਤੇ ਉੱਥੇ ਇਕ ਵਿਆਹ ਮੰਡਪ ਦਾ ਨਿਰਮਾਣ ਕੰਮ ਚੱਲ ਰਿਹਾ ਹੈ। ਲੋਕਾਂ ਦਾ ਕਹਿਣਾ ਹੈ ਕਿ ਨਿਰਮਾਣ ਦੌਰਾਨ ਟਿਊਬਵੈੱਲ ਦਾ ਟੋਇਆ ਖੁੱਲ੍ਹਾ ਛੱਡ ਦਿੱਤਾ ਗਿਆ ਸੀ ਅਤੇ ਸੁਰੱਖਿਆ ਦੇ ਕੋਈ ਇੰਤਜ਼ਾਮ ਨਹੀਂ ਕੀਤੇ ਗਏ ਸਨ, ਜਿਸ ਕਾਰਨ ਇਹ ਹਾਦਸਾ ਵਾਪਰਿਆ। ਇਸ ਹਾਦਸੇ ਮਗਰੋਂ ਇਲਾਕੇ ਦੇ ਲੋਕਾਂ ’ਚ ਗੁੱਸਾ ਫੈਲ ਗਿਆ ਅਤੇ ਲੋਕਾਂ ਨੇ ਜ਼ਿੰਮੇਵਾਰਾਂ ਖ਼?ਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ। ਉਨ੍ਹਾਂ ਨਿਰਮਾਣ ਅਧੀਨ ਵਿਆਹ ਮੰਡਪ ਦੀ ਕਾਨੂੰਨੀ ਤੌਰ ’ਤੇ ਜਾਂਚ ਦੀ ਵੀ ਮੰਗ ਕੀਤੀ। ਨਗਰ ਨਿਗਮ ਦੇ ਕਾਰਜਕਾਰੀ ਅਧਿਕਾਰੀ ਮਨੋਜ ਰਸਤੋਗੀ ਨੇ ਕਿਹਾ ਕਿ ਜਿਸ ਜ਼ਮੀਨ ’ਤੇ ਟਿਊਬਵੈੱਲ ਸਥਿਤ ਹੈ, ਉਹ ਸਰਕਾਰੀ ਮਾਲਕੀ ਵਾਲੀ ਹੈ ਅਤੇ ਵਿਆਹ ਮੰਡਪ ਘੱਟ ਗਿਣਤੀ ਮਾਮਲਿਆਂ ਦੇ ਵਿਭਾਗ ਵੱਲੋਂ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਜਾਂਚ ਕੀਤੀ ਜਾਵੇਗੀ ਅਤੇ ਜੇਕਰ ਲਾਪਰਵਾਹੀ ਪਾਈ ਗਈ ਤਾਂ ਸਬੰਧਤ ਕਰਮਚਾਰੀਆਂ ਅਤੇ ਠੇਕੇਦਾਰ ਖ਼?ਲਾਫ਼ ਕਾਰਵਾਈ ਕੀਤੀ ਜਾਵੇਗੀ।

## ਕੋਟਕ ਮਹਿੰਦਰਾ ਬੈਂਕ ’ਚ ਹੋਇਆ 150 ਕਰੋੜ ਦਾ ਘਪਲਾ ! ਮੈਨੇਜਰ ਹਾਲੇ ਵੀ ਫਰਾਰ

ਕੌਮੀ ਪਤ੍ਰਿਕਾ

ਪੰਚਕੂਲਾ 4 ਅਪ੍ਰੈਲ। ਹਰਿਆਣਾ ਦੇ ਪੰਚਕੂਲਾ ’ਚ ਨਗਰ ਨਿਗਮ ($3) ਦੇ ਫਿਕਸਡ ਡਿਪਾਜ਼ਿਟ ਖਾਤਿਆਂ ’ਚ ਹੋਏ ਕਰੋੜਾਂ ਰੁਪਏ ਦੇ ਵੱਡੇ ਘਪਲੇ ਨੇ ਹੜਕੰਪ ਮਚਾ ਦਿੱਤਾ ਹੈ। ਸਟੇਟ ਵਿਜੀਲੈਂਸ ਐਂਡ ਐਂਟੀ-ਕਰੱਪਸ਼ਨ ਬਿਊਰੋ ਦੀ ਜਾਂਚ ’ਚ ਸਾਹਮਣੇ ਆਇਆ ਹੈ ਕਿ ਕੋਟਕ ਮਹਿੰਦਰਾ ਬੈਂਕ ਦੀ ਸੈਕਟਰ 11 ਸ਼ਾਖਾ ਦੇ ਸਾਬਕਾ ਮੈਨੇਜਰ ਅਤੇ ਡਿਪਟੀ ਵਾਈਸ-ਪ੍ਰੈਜ਼ੀਡੈਂਟ ਪੁਸ਼ਪਿੰਦਰ ਸਿੰਘ ਇਸ ਧੋਖਾਧੜੀ ਦਾ ਮੁੱਖ ਮੁਲਜ਼ਮ ਹੈ, ਜੋ ਫਿਲਹਾਲ ਫਰਾਰ ਚੱਲ ਰਿਹਾ ਹੈ। ਜਾਂਚ ਦੌਰਾਨ ਬੈਂਕ ਦੇ ਰਿਲੇਸ਼ਨਸ਼ਿਪ ਮੈਨੇਜਰ ਦਿਲੀਪ ਕੁਮਾਰ ਰਾਘਵ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਨਿਗਮ ਅਧਿਕਾਰੀਆਂ ਨੇ ਰਾਘਵ ਦੀ ਪਛਾਣ ਉਸ ਵਿਅਕਤੀ ਵਜੋਂ ਕੀਤੀ ਹੈ ਜੋ ਉਨ੍ਹਾਂ ਨੂੰ ਐੱਫ.ਡੀ. ਦੇ ਵੇਰਵਿਆਂ ਸਬੰਧੀ ਗਲਤ ਜਾਣਕਾਰੀ ਵਾਲੀਆਂ ਈਮੇਲਾਂ ਭੇਜਦਾ ਸੀ। ਰਾਘਵ ਨੂੰ ਅਦਾਲਤ ਵੱਲੋਂ ਨਿਆਂਇਕ ਹਿਰਾਸਤ ’ਚ ਭੇਜ ਦਿੱਤਾ ਗਿਆ ਹੈ। ਐਫ.ਆਈ.ਆਰ. ਅਨੁਸਾਰ, ਪੰਚਕੂਲਾ ਨਗਰ ਨਿਗਮ ਨੇ ਬੈਂਕ ਦੀ ਸੈਕਟਰ 11 ਬ੍ਰਾਂਚ ’ਚ 145.03 ਕਰੋੜ ਰੁਪਏ ਦੀਆਂ 16 ਐੱਫ.ਡੀਜ਼ ਕਰਵਾਈਆਂ ਹੋਈਆਂ ਸਨ, ਜਿਨ੍ਹਾਂ ਦੀ ਮਿਆਦ ਪੂਰੀ ਹੋਣ ’ਤੇ ਕੁੱਲ ਕੀਮਤ 158.02 ਕਰੋੜ ਰੁਪਏ ਬਣਦੀ ਸੀ। ਜਦੋਂ 16 ਫਰਵਰੀ ਨੂੰ 59.58 ਕਰੋੜ ਰੁਪਏ ਦੀਆਂ 11 ਐਫ.ਡੀਜ਼ ਮੈਚਿਓਰ ਹੋਈਆਂ, ਤਾਂ ਬੈਂਕ ਦੇ ਰਿਕਾਰਡ ਨਿਗਮ ਦੇ ਰਿਕਾਰਡ ਨਾਲ ਮੇਲ ਨਹੀਂ ਖਾ ਰਹੇ ਸਨ। ਇਸ ਤੋਂ




ਇਲਾਵਾ, ਬੈਂਕ ’ਚ ਨਿਗਮ ਦੇ 2 ਅਜਿਹੇ ਖਾਤੇ ਵੀ ਮਿਲੇ ਹਨ, ਜਿਨ੍ਹਾਂ ਦਾ ਰਿਕਾਰਡ ਨਗਰ ਨਿਗਮ ਕੋਲ ਮੌਜੂਦ ਹੀ ਨਹੀਂ ਸੀ। ਮਾਮਲਾ ਭਖਦਾ ਦੇਖ ਕੋਟਕ ਮਹਿੰਦਰਾ ਬੈਂਕ ਨੇ ਨਗਰ ਨਿਗਮ ਨੂੰ 127 ਕਰੋੜ ਰੁਪਏ ਵਾਪਸ ਕਰ ਦਿੱਤੇ ਹਨ। ਹਾਲਾਂਕਿ, ਸ਼ਹਿਰੀ ਸਥਾਨਕ ਬਾਡੀ ਵਿਭਾਗ ਦੇ ਅਧਿਕਾਰੀਆਂ ਦਾ ਕਹਿਣਾ ਹੈ ਕਿ ਬੈਂਕ ਨੇ ਸਿਰਫ਼ ਮੂਲ ਰਕਮ ਹੀ ਵਾਪਸ ਕੀਤੀ ਹੈ, ਜਦੋਂ ਕਿ ਨਿਗਮ ਦਾ ਵਿਆਜ ਸਮੇਤ ਨੁਕਸਾਨ ਇਸ ਤੋਂ ਕਿਤੇ ਜ਼ਿਆਦਾ ਹੈ। ਬੈਂਕ ਦੇ ਬੁਲਾਰੇ ਅਨੁਸਾਰ, ਜਾਂਚ ਜਾਰੀ ਹੈ ਅਤੇ ਨਗਰ ਨਿਗਮ ਨਾਲ ਪੁਰਾਣੇ ਸਬੰਧਾਂ ਨੂੰ ਦੇਖਦੇ ਹੋਏ ਇਹ ਰਕਮ ਜਮ?ਾਂ ਕਰਵਾਈ ਗਈ ਹੈ। ਸਟੇਟ ਵਿਜੀਲੈਂਸ ਵੱਲੋਂ ਹੁਣ ਫਰਾਰ ਮੁੱਖ ਮੁਲਜ਼ਮ ਪੁਸ਼ਪਿੰਦਰ ਸਿੰਘ ਦੀ ਭਾਲ ’ਚ ਛਾਪੇਮਾਰੀ ਕੀਤੀ ਜਾ ਰਹੀ ਹੈ ਤਾਂ ਜੋ ਇਸ ਘਪਲੇ ਦੀ ਤਹਿ ਤੱਕ ਪਹੁੰਚਿਆ ਜਾ ਸਕੇ।

## ਸਰਕਾਰ ਦੀ ਨਲਾਇਕੀ ਕਾਰਨ ਦੂਜੀ ਵਾਰ ਹੋਈ ਡਾ. ਬੀਆਰ ਅੰਬੇਡਕਰ ਦੇ ਬੁੱਤ ਦੀ ਭੰਨ੍ਹ-ਤੋੜ : ਨਿਮਿਸ਼ਾ ਮਹਿਤਾ

ਕੌਮੀ ਪਤ੍ਰਿਕਾ

ਹੁਸ਼ਿਆਰਪੁਰ 4 ਅਪ੍ਰੈਲ। ਹਲਕਾ ਗੜ੍ਹਸ਼ੰਕਰ ਦੇ ਪਿੰਡ ਨੂਰਪੁਰ ਜੱਟਾਂ ਵਿੱਚ ਡਾਕਟਰ ਭੀਮ ਰਾਓ ਅੰਬੇਡਕਰ ਦੇ ਬੁੱਤ ਦੀ ਦੂਜੀ ਵਾਰੀ ਹੋਈ ਭੰਨ-ਤੋੜ ਦੀ ਘਟਨਾ ਦੀ ਭਾਰਤੀ ਜਨਤਾ ਪਾਰਟੀ ਦੀ ਗੜ੍ਹਸ਼ੰਕਰ ਹਲਕਾ ਇੰਚਾਰਜ ਨਿਮਿਸ਼ਾ ਮਹਿਤਾ ਨੇ ਸਖਤ ਨਿੰਦਾ ਕਰਦਿਆਂ ਕਿਹਾ ਕਿ ਜੇਕਰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪਹਿਲੀ ਵਾਰ ਜਦੋਂ ਨੂਰਪੁਰ ਜੱਟਾਂ ਵਿੱਚ ਡਾਕਟਰ ਭੀਮ ਰਾਓ ਦੇ ਬੁੱਤ ਨੂੰ ਨੁਕਸਾਨ ਪਹੁੰਚਾਇਆ ਗਿਆ ਤਾਂ ਉਸ ਵੇਲੇ ਗੁਨਾਹਗਾਰਾਂ ਨੂੰ ਫੜ ਕੇ ਸੀਖਾਂ ਪਿੱਛੇ ਸੁੱਟਿਆ ਹੁੰਦਾ ਤਾਂ ਸ਼ਾਇਦ ਅੱਜ ਇਹ ਹਾਦਸਾ ਨਾ ਵਾਪਰਦਾ ਪਰ ਆਮ ਆਦਮੀ ਪਾਰਟੀ ਦੀ ਸਰਕਾਰ, ਡਾਕਟਰ ਭੀਰ ਰਾਓ ਅੰਬੇਡਕਰ ਜੀ ਦੀਆਂ ਮੂਰਤੀਆਂ ਨਾਲ ਕੀਤੀ ਜਾ ਰਹੀ ਇਸ ਬੇਅਦਬੀ ਨੂੰ ਲੈ ਕੇ ਬਿਲਕੁਲ ਵੀ ਗੰਭੀਰ ਨਜ਼ਰ ਨਹੀਂ ਆ ਰਹੀ। ਨਿਮਿਸ਼ਾ ਮਹਿਤਾ ਨੇ ਪੰਜਾਬ ਪੁਲਸ ਨੂੰ ਵੀ ਲੰਬੇ ਹੱਥੀ ਲੈਂਦਿਆਂ ਕਿਹਾ ਕਿ ਪੁਲਸ ਵਿਭਾਗ ਕੋਲ ਵੀ.ਆਈ.ਪੀ. ਬੰਦਿਆਂ ਨੂੰ ਗੰਨਮੈਨ ਦੇਣ ਲਈ ਤਾਂ ਨਫਰੀ ਬਹੁਤ ਹੈ ਪਰ ਜਦੋਂ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ ਬੁੱਤਾਂ ਦੀ ਸੁਰੱਖਿਆ ਦੀ ਜਾਂ ਆਮ ਲੋਕਾਂ ਨਾਲ ਹੋ ਰਹੇ ਅਪਰਾਧਾਂ ਦੀ ਗੱਲ ਆਉਂਦੀ ਹੈ ਤਾਂ ਪੁਲਸ ਕੋਲ ਨਫਰੀ ਦੀ ਕਮੀ ਆ ਜਾਂਦੀ ਹੈ। ਨਿਮਿਸ਼ਾ ਮਹਿਤਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ



ਡਾਕਟਰ ਭੀਮ ਰਾਓ ਦੀਆਂ ਤਸਵੀਰਾਂ ਸਿਰਫ ਦਿਖਾਵੇ ਲਈ ਦਫਤਰਾਂ ਵਿੱਚ ਲਗਾਈਆਂ ਹੋਈਆਂ ਹਨ ਅਤੇ ਜੇਕਰ ਇਹ ਸੱਚਮੁੱਚ ਉਸ ਸਖਸ਼ੀਅਤ ਨੂੰ ਲੈ ਕੇ ਗੰਭੀਰ ਹੁੰਦੇ ਤਾਂ ਪਹਿਲੀ ਬੇਅਦਬੀ ਤੋਂ ਬਾਅਦ ਪੁਲਸ ਮੁਲਜ਼ਮਾਂ ਨੂੰ ਪੁਲਸ ਫੜ ਕੇ ਜੇਲ੍ਹਾਂ ’ਚ ਜ਼ਰੂਰ ਡਕਦੀ ਅਤੇ ਅੱਜ ਦੂਜੀ ਵਾਰ ਉਸੇ ਸਥਾਨ ਅਤੇ ਉਸੇ ਪਿੰਡ ਵਿੱਚ ਇਹ ਹਾਦਸਾ ਨਾ ਵਾਪਰਦਾ। ਨਿਮਿਸ਼ਾ ਮਹਿਤਾ ਨੇ ਕਿਹਾ ਕਿ ਬੇਸ਼ੱਕ ਇਹ ਸ਼ਰਾਰਤ ਦੂਜੀ ਵਾਰ ਗੁਰਪਤਵੰਤ ਪੰਨੂ ਵੱਲੋਂ ਪੰਜਾਬ ਵਿਚ ਪੰਜਾਬ ਦਾ ਮਾਹੌਲ ਖਰਾਬ ਕਰਾਉਣ ਲਈ ਕੀਤੀ ਗਈ ਹੈ ਪਰ ਜੇਕਰ ਗੜ੍ਹਸ਼ੰਕਰ ਪੁਲਸ ਨੇ ਪਿੱਛਲੇ ਸਾਲ ਹੋਈ ਇਸੇ ਸਥਾਨ ’ਤੇ ਇਹ ਘਟਨਾ ਨੂੰ ਗੰਭੀਰਤਾ ਨਾ ਲੈ ਕੇ ਅਪਰਾਧੀਆਂ ਨੂੰ ਫੜ ਕੇ ਅੰਦਰ ਦਿੱਤਾ ਹੁੰਦਾ ਤਾਂ ਸ਼ਾਇਦ ਇਹ ਹਾਦਸਾ ਨਾ ਵਾਪਰਦਾ। ਉਨ੍ਹਾਂ ਕਿਹਾ ਕਿ ਗੁਰਪਤਵੰਤ ਪੰਨੂ ਵਰਗੇ ਅੱਤਵਾਦੀ ਪੁਲਸ ਦੀ ਢਿੱਲੀ ਕਰਗੁਜ਼ਾਰੀ ਕਾਰਨ ਇੱਥੇ ਆਪਣੇ ਪੈਰ ਪਸਾਰ ਰਹੇ ਹਨ। ਭਾਜਪਾ ਆਗੂ ਨਮੀਸ਼ਾ ਮਹਿਤਾ ਨੇ ਕਿਹਾ ਕਿ ਜੇਕਰ ਪੰਜਾਬ ਪੁਲਸ ਨੇ 5 ਦਿਨਾਂ ਅੰਦਰ ਮੁਲਜ਼ਮਾਂ ਨੂੰ ਨਾ ਫੜਿਆ ਤਾਂ ਗੜ੍ਹਸ਼ੰਕਰ ਭਾਜਪਾ ਸੜਕਾਂ ’ਤੇ ਉਤਰੇਗੀ।

## ਪੁਲਸ ਨੂੰ ਮਿਲੀ ਸਫਲਤਾ, ਹੈਰੋਇਨ ਸਮੇਤ 4 ਸਮੱਗਲਰ ਕਾਬੂ

ਮੋਗਾ 4 ਅਪ੍ਰੈਲ। ਜ਼ਿਲਾ ਪੁਲਸ ਮੁਖੀ ਅਜੇ ਗਾਂਧੀ ਨੇ ਦੱਸਿਆ ਕਿ ਸੀ. ਆਈ. ਏ. ਸਟਾਫ ਮੋਗਾ ਨੂੰ ਉਸ ਸਮੇਂ ਭਾਰੀ ਸਫਲਤਾ ਮਿਲੀ ਜਦੋਂ ਅੱਧਾ ਕਿੱਲੋ ਹੈਰੋਇਨ ਸਮੇਤ ਚਾਰ ਕਥਿਤ ਸਮੱਗਲਰਾਂ ਨੂੰ ਇਕ ਕਰੇਟਾ ਕਾਰ ਸਮੇਤ ਦਬੋਚ ਲਿਆ। ਇਸ ਸਬੰਧ ਵਿਚ ਜਾਣਕਾਰੀ ਦਿੰਦਿਆਂ ਡੀ. ਐੱਸ. ਪੀ. ਨਿਹਾਲ ਸਿੰਘ ਵਾਲਾ ਅਨਵਰ ਅਲੀ ਨੇ ਦੱਸਿਆ ਕਿ ਡੀ.ਐੱਸ. ਪੀ. ਸੁਖਅੰਮ੍ਰਿਤ ਸਿੰਘ ਦੀ ਅਗਵਾਈ ਹੇਠ ਸੀ. ਆਈ. ਏ. ਸਟਾਫ ਮੋਗਾ ਦੇ ਇੰਚਾਰਜ ਇੰਸਪੈਕਟਰ ਦਲਜੀਤ ਸਿੰਘ ਅਤੇ ਥਾਣੇਦਾਰ ਸਤਨਾਮ ਸਿੰਘ ਪੁਲਸ ਪਾਰਟੀ ਸਮੇਤ ਇਲਾਕੇ ਵਿਚ ਗਸ਼ਤ ਕਰ ਰਹੇ ਸੀ ਤਾਂ ਉਨ੍ਹਾਂ ਨੂੰ ਗੁਪਤ ਸੂਤਰਾਂ ਤੋਂ ਜਾਣਕਾਰੀ ਮਿਲੀ ਕਿ ਬਲਵਿੰਦਰ ਸਿੰਘ ਉਰਫ ਬਿੰਦੂ ਨਿਵਾਸੀ ਵਾੜਾ ਤਾਰਾ ਸਿੰਘ ਤਰਨਤਾਰਨ, ਜੋਬਨਪ੍ਰੀਤ ਸਿੰਘ ਉਰਫ ਜੋਬਨ ਨਿਵਾਸੀ ਵਾੜਾ ਠੱਠੀ, ਬਲਵਿੰਦਰ ਸਿੰਘ ਨਿਵਾਸੀ ਪਿੰਡ ਰਾਜੋਕੇ ਵਲਟੋਹਾ ਅਤੇ ਹੀਰਾ ਸਿੰਘ ਨਿਵਾਸੀ ਬੁੱਕਣ ਵਾਲਾ ਰੋਡ ਮੋਗਾ ਹੈਰੋਇਨ ਵੇਚਣ ਦਾ ਧੰਦਾ ਕਰਦੇ ਹਨ ਅਤੇ ਅੱਜ ਵੀ ਉਹ ਇਕ ਕਰੇਟਾ ਕਾਰ ਵਿਚ ਜਾ ਰਹੇ ਹਨ। ਪੁਲਸ ਪਾਰਟੀ ਨੇ ਦੱਸੀ ਗਈ ਜਗ?ਾ ’ਤੇ ਛਾਪੇਮਾਰੀ ਕਰ ਕੇ ਉਨ੍ਹਾਂ ਨੂੰ ਕਾਰ ਸਮੇਤ ਜਾ ਦਬੋਚਿਆ ਅਤੇ ਉਨ੍ਹਾਂ ਕੋਲੋਂ 500 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ। ਸੀ. ਆਈ. ਏ. ਇੰਚਾਰਜ ਇੰਸਪੈਕਟਰ ਦਲਜੀਤ ਸਿੰਘ ਨੇ ਦੱਸਿਆ ਕਿ ਪੁੱਛ-ਗਿੱਛ ਕਰਨ ’ਤੇ ਉਨ੍ਹਾਂ ਦੱਸਿਆ ਕਿ ਉਕਤ ਹੈਰੋਇਨ ਵਿਚੋਂ ਕੁਝ ਹੈਰੋਇਨ ਉਨ੍ਹਾਂ ਹੀਰਾ ਸਿੰਘ ਨਿਵਾਸੀ ਬੁੱਕਣ ਵਾਲਾ ਰੋਡ ਮੋਗਾ ਨੂੰ ਸਪਲਾਈ ਕਰਨ ਸੀ, ਜਿਸ ’ਤੇ ਪੁਲਸ ਨੇ ਉਸ ਨੂੰ ਵੀ ਉਕਤ ਮਾਮਲੇ ਵਿਚ ਨਾਮਜ਼ਦ ਕੀਤਾ ਅਤੇ ਸਾਰੇ ਕਥਿਤ ਸਮੱਗਲਰਾਂ ਖ਼ਿਲਾਫ ਥਾਣਾ ਬੱਧਨੀ ਕਲਾਂ ਵਿਚ ਮਾਮਲਾ ਦਰਜ ਕਰ ਕੇ ਉਨ੍ਹਾਂ ਨੂੰ ਮਾਣਯੋਗ ਅਦਾਲਤ ਵਿਚ ਪੇਸ਼ ਕਰ ਕੇ ਤਿੰਨ ਦਿਨ ਦਾ ਪੁਲਸ ਰਿਮਾਂਡ ਹਾਸਲ ਕੀਤਾ ਗਿਆ

## ਜਲੰਧਰ ’ਚ ਪੁੱਤ ਦਾ ਕਤਲ ਕਰਨ ਵਾਲੀ ਮਾਂ ਨੂੰ ਉਮਰਕੈਦ

ਜਲੰਧਰ 4 ਅਪ੍ਰੈਲ। ਪਿੰਡ ਸੋਹਲ ਜਗੀਰ ਵਿਚ ਇਕ ਮਾਂ ਵੱਲੋਂ ਆਪਣੇ 6 ਸਾਲ ਦੇ ਇਕਲੌਤੇ ਪੁੱਤ ਅਰਸ਼ਪ੍ਰੀਤ ਸਿੰਘ ਨੂੰ ਬੇਰਹਿਮੀ ਨਾਲ ਕਤਲ ਕਰਨ ਦੇ ਸਨਸਨੀਖੇਜ਼ ਮਾਮਲੇ ਵਿਚ ਅਦਾਲਤ ਨੇ ਇਤਿਹਾਸਕ ਫੈਸਲਾ ਸੁਣਾਇਆ ਹੈ। ਮਹਿਜ਼ ਇਸ ਗੱਲੋਂ ਕਿ ਬੱਚਾ ਆਪਣੀ ਦਾਦੀ ਨਾਲ ਸੌਣ ਦੀ ਜ਼ਿੱਦ ਕਰਦਾ ਸੀ, ਮਾਂ ਨੇ ਸਬਜ਼ੀ ਕੱਟਣ ਵਾਲੇ ਚਾਕੂ ਨਾਲ ਉਸ ਦੇ ਪੇਟ ’ਤੇ ਵਾਰ ਕਰਕੇ ਉਸ ਦੀ ਜਾਨ ਲੈ ਲਈ। ਅਦਾਲਤ ਨੇ ਦੋਸ਼ੀ ਮਾਂ ਕੁਲਵਿੰਦਰ ਕੌਰ ਨੂੰ ਉਮਰ ਕੈਦ ਅਤੇ 50 ਹਜ਼ਾਰ ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਹੈ। ਇਹ ਦਰਦਨਾਕ ਘਟਨਾ 8 ਜੂਨ 2020 ਦੀ ਹੈ। ਬੱਚੇ ਦੇ ਦਾਦਾ ਅਵਤਾਰ ਸਿੰਘ ਅਨੁਸਾਰ ਅਰਸ਼ਪ੍ਰੀਤ ਆਪਣੀ ਦਾਦੀ ਚਰਨਜੀਤ ਕੌਰ ਨੂੰ ਬਹੁਤ ਪਿਆਰ ਕਰਦਾ ਸੀ ਅਤੇ ਉਸ ਦੇ ਬਹੁਤ ਕਰੀਬ ਸੀ। ਇਸੇ ਕਾਰਨ ਮਾਂ ਕੁਲਵਿੰਦਰ ਕੌਰ ਅਤੇ ਪਰਿਵਾਰ ਦੇ ਹੋਰ ਮੈਂਬਰਾਂ ਵਿਚਕਾਰ ਅਕਸਰ ਬਹਿਸ ਹੁੰਦੀ ਰਹਿੰਦੀ ਸੀ। ਘਟਨਾ ਵਾਲੀ ਰਾਤ ਕਰੀਬ 9:30 ਵਜੇ ਜਦੋਂ ਅਵਤਾਰ ਸਿੰਘ ਅਤੇ ਉਨ੍ਹਾਂ ਦੀ ਪਤਨੀ ਲਾਬੀ ਵਿਚ ਬੈਠੇ ਸਨ ਤਾਂ ਉਨ੍ਹਾਂ ਨੇ ਕਮਰੇ ਵਿਚੋਂ ਬੱਚੇ ਦੇ ਚੀਕਣ ਦੀ ਆਵਾਜ਼ ਸੁਣੀ। ਜਦੋਂ ਉਹ ਕਮਰੇ ਵਿਚ ਪਹੁੰਚੇ ਤਾਂ ਉਨ੍ਹਾਂ ਨੇ ਦੇਖਿਆ ਕਿ ਅਰਸ਼ਪ੍ਰੀਤ ਖ਼ੂਨ ਨਾਲ ਲੱਥਪੱਥ ਬਿਸਤਰੇ ’ਤੇ ਪਿਆ ਸੀ ਅਤੇ ਕੁਲਵਿੰਦਰ ਕੌਰ ਦੇ ਹੱਥ ਵਿਚ ਸਬਜ਼ੀ ਕੱਟਣ ਵਾਲਾ ਚਾਕੂ ਸੀ। ਕੁਲਵਿੰਦਰ ਨੇ ਬੱਚੇ ਦੇ ਪੇਟ ਵਿਚ ਦੋ ਵਾਰ ਚਾਕੂ ਮਾਰਿਆ ਸੀ ਅਤੇ ਵਾਰਦਾਤ ਤੋਂ ਬਾਅਦ ਉਹ ਮੌਕੇ ਤੋਂ ਫ਼ਰਾਰ ਹੋ ਗਈ। ਇਸ ਦੌਰਾਨ ਗੰਭੀਰ ਜ਼ਖ਼ਮੀ ਹਾਲਤ ਵਿਚ ਅਰਸ਼ਪ੍ਰੀਤ ਨੂੰ ਹਸਪਤਾਲ ਲਿਜਾਇਆ ਗਿਆ ਪਰ ਰਸਤੇ ਵਿਚ ਹੀ ਉਸ ਦੀ ਮੌਤ ਹੋ ਗਈ। ਪੁਲਸ ਨੇ ਦਾਦਾ ਦੇ ਬਿਆਨਾਂ ਦੇ ਆਧਾਰ ’ਤੇ ਕੇਸ ਦਰਜ ਕਰਕੇ ਜਾਂਚ ਸ਼ੁਰੂ ਕੀਤੀ ਸੀ। ਇਸ ਤੋਂ ਥੋੜ੍ਹੇ ਸਮੇਂ ਬਾਅਦ ਮੁਲਜ਼ਮ ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਗਵਾਹਾਂ ਦੇ ਬਿਆਨਾਂ ਅਤੇ ਸਬੂਤਾਂ ਦੇ ਆਧਾਰ ’ਤੇ ਅਦਾਲਤ ਨੇ ਕੁਲਵਿੰਦਰ ਕੌਰ ਨੂੰ ਦੋਸ਼ੀ ਕਰਾਰ ਦਿੱਤਾ। ਅਦਾਲਤ ਨੇ ਆਪਣੇ ਫੈਸਲੇ ਵਿਚ ਕਿਹਾ ਕਿ ਇਹ ਇਕ ਬਹੁਤ ਹੀ ਗੰਭੀਰ ਅਤੇ ਸੰਵੇਦਨਸ਼ੀਲ ਮਾਮਲਾ ਹੈ, ਜਿੱਥੇ ਇਕ ਮਾਂ ਨੇ ਆਪਣੇ ਮਾਸੂਮ ਬੱਚੇ ਦੀ ਜਾਨ ਲਈ। ਸਮਾਜ ਵਿਚ ਸਪੱਸ਼ਟ ਸੰਦੇਸ਼ ਦੇਣ ਲਈ ਅਜਿਹੇ ਅਪਰਾਧ ਵਿਚ ਸਖ਼ਤ ਸਜ਼ਾ ਦੇਣੀ ਲਾਜ਼ਮੀ ਸੀ।

## ਗੈਸ ਸਿਲੰਡਰਾਂ ਦੀ ਕਾਲਾਬਾਜ਼ਾਰੀ ਦਾ ਵੱਡਾ ਖੁਲਾਸਾ ! ਕਬਰਿਸਤਾਨ ’ਚ ਬਣਾਇਆ ਸੀ ਨਾਜਾਇਜ਼ ਗੋਦਾਮ, 10 ਗ੍ਰਿਫ਼ਤਾਰ

ਏਜੰਸੀਆਂ

ਨੈਸ਼ਨਲ ਡੈਸਕ 4 ਅਪ੍ਰੈਲ। ਹੈਦਰਾਬਾਦ ਪੁਲਸ ਨੇ ਐਲ.ਪੀ.ਜੀ. ਸਿਲੰਡਰਾਂ ਦੀ ਕਾਲਾਬਾਜ਼ਾਰੀ ਕਰਨ ਵਾਲੇ ਇੱਕ ਵੱਡੇ ਗਿਰੋਹ ਦਾ ਪਰਦਾਫਾਸ਼ ਕਰਦਿਆਂ



10 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਹੈਰਾਨੀ ਦੀ ਗੱਲ ਇਹ ਹੈ ਕਿ ਮੁਲਜ਼ਮਾਂ ਨੇ ਬੰਜਾਰਾ ਹਿਲਸ ਇਲਾਕੇ ਦੇ ਇੱਕ ਕਬਰਿਸਤਾਨ ਨੂੰ ਸਿਲੰਡਰਾਂ ਦੇ ਗੋਦਾਮ ਵਜੋਂ ਵਰਤਿਆ ਹੋਇਆ ਸੀ। ਪੁਲਿਸ ਨੇ ਛਾਪੇਮਾਰੀ ਦੌਰਾਨ ਉੱਥੋਂ 414 ਗੈਸ ਸਿਲੰਡਰ ਬਰਾਮਦ ਕੀਤੇ ਹਨ। ਜੁਬਲੀ ਹਿਲਸ ਟਾਸਕ ਫੋਰਸ ਦੀ ਟੀਮ ਨੇ ਬੰਜਾਰਾ ਹਿਲਸ ਪੁਲਸ ਦੇ ਨਾਲ ਮਿਲ ਕੇ ਇੱਕ ਪੁਖ਼ਤਾ ਸੂਚਨਾ ਦੇ ਆਧਾਰ ’ਤੇ ਕਬਰਿਸਤਾਨ ਵਿੱਚ ਛਾਪਾ ਮਾਰਿਆ। ਪੁਲਸ ਨੂੰ ਦੇਖ ਕੇ ਉੱਥੇ ਮੌਜੂਦ ਲੋਕ ਦੰਗ ਰਹਿ ਗਏ। ਪੁਲਸ ਮੁਤਾਬਕ ਇਹ ਲੋਕ ਗੈਸ ਸਿਲੰਡਰਾਂ ਨੂੰ ਨਾਜਾਇਜ਼ ਤੌਰ ’ਤੇ ਜਮ?ਾਂ ਕਰ ਰਹੇ ਸਨ ਅਤੇ ਫਿਰ ਗਾਹਕਾਂ ਨੂੰ ਮਨਮਾਨੀਆਂ ਅਤੇ ਉੱਚੀਆਂ ਕੀਮਤਾਂ ’ਤੇ ਵੇਚਦੇ ਸਨ। ਪੁਲਸ ਨੇ ਦੱਸਿਆ ਕਿ ਜ਼ਬਤ ਕੀਤੇ ਗਏ ਸਿਲੰਡਰਾਂ ਦੀ ਕੁੱਲ ਕੀਮਤ ਲਗਭਗ 21.88 ਲੱਖ ਰੁਪਏ ਹੈ। ਇਨ੍ਹਾਂ ਵਿੱਚ 47 ਕਿੱਲੋ, 19 ਕਿੱਲੋ ਅਤੇ 5 ਕਿੱਲੋ ਵਾਲੇ ਭਰੇ ਅਤੇ ਖਾਲੀ ਸਿਲੰਡਰ ਸ਼ਾਮਲ ਹਨ। ਇਸ ਤੋਂ ਇਲਾਵਾ, ਪੁਲਸ ਨੇ ਸਿਲੰਡਰਾਂ ਦੀ ਸਪਲਾਈ ਲਈ ਵਰਤੀਆਂ ਜਾਣ ਵਾਲੀਆਂ 11 ਗੱਡੀਆਂ ਵੀ ਫੜੀਆਂ ਹਨ, ਜਿਨ੍ਹਾਂ ਵਿੱਚ ਟਾਟਾ ਏਸੀਈ, ਬੋਲੈਰੋ ਅਤੇ ਟਾਟਾ ਮੈਜਿਕ ਵਰਗੇ ਵਾਹਨ ਸ਼ਾਮਲ ਹਨ। ਫੜੇ ਗਏ 10 ਮੁਲਜ਼ਮਾਂ ਵਿੱਚੋਂ ਮੁੱਖ ਮੁਲਜ਼ਮ ਦੀ ਪਛਾਣ ਮੁਹੰਮਦ ਆਮਿਰ ਵਜੋਂ ਹੋਈ ਹੈ, ਜੋ ਸ਼ਮਸ਼ਾਬਾਦ ਦੇ ਮਾਮਡੀਪੱਲੀ ਪਿੰਡ ਵਿੱਚ ‘ਮੈਟਰੋ ਗੈਸ ਏਜੰਸੀ’ ਚਲਾਉਂਦਾ ਹੈ। ਉਸ ਦਾ ਮੁੱਖ ਦਫ਼ਤਰ ਅਫਜ਼ਲਗੰਜ ਵਿੱਚ ਸਥਿਤ ਹੈ। ਪੁਲਸ ਅਧਿਕਾਰੀ ਗਾਇਕਵਾੜ ਵੈਭਵ ਰਘੁਨਾਥ ਅਨੁਸਾਰ, ਇਹ ਗਿਰੋਹ ਕਾਫੀ ਸਮੇਂ ਤੋਂ ਇਸ ਨਾਜਾਇਜ਼ ਧੰਦੇ ਵਿੱਚ ਸ਼ਾਮਲ ਸੀ। ਫਿਲਹਾਲ ਪੁਲਿਸ ਸਾਰੇ ਮੁਲਜ਼ਮਾਂ ਤੋਂ ਪੁੱਛਗਿੱਛ ਕਰ ਰਹੀ ਹੈ ਤਾਂ ਜੋ ਇਸ ਨੈੱਟਵਰਕ ਨਾਲ ਜੁੜੇ ਹੋਰ ਲੋਕਾਂ ਦਾ ਪਤਾ ਲਗਾਇਆ ਜਾ ਸਕੇ।

## ਪੀ. ਜੀ. ਆਈ. ’ਚ ਅੰਮ੍ਰਿਤ ਫਾਰੇਮਸੀ ਆਊਟਲੈੱਟਾਂ ਦੀ ਗਿਣਤੀ ਸਭ ਤੋਂ ਵੱਧ

ਕੌਮੀ ਪਤ੍ਰਿਕਾ

ਚੰਡੀਗੜ੍ਹ 4 ਅਪ੍ਰੈਲ। ਪੀ. ਜੀ. ਆਈ. ਦੇ ਡਾਇਰੈਕਟਰ ਪ੍ਰੋ. ਵਿਵੇਕ ਲਾਲ ਨੇ ਕਿਹਾ ਕਿ ਆਯੁਸ਼ਮਾਨ ਭਾਰਤ ਵਹੀਲ ਡਰਾਈਵ ਦੀ ਤਰ੍ਹਾਂ ਕੰਮ ਕਰਦੇ ਹੋਏ ਇੱਥੇ ਆਉਣ ਵਾਲੇ ਮਰੀਜ਼ਾਂ ਦੀ ਭਾਰੀ ਗਿਣਤੀ ਨੂੰ ਸੰਭਾਲਣ ਅਤੇ ਬਣਾਈ ਰੱਖਣ ਵਿਚ ਸਮਰੱਥ ਬਣਿਆ ਰਿਹਾ ਹੈ, ਜਦੋਂ ਕਿ ਅਮ੍ਰਿਤ ਇਲਾਜ ਨੂੰ ਕਿਫਾਇਤੀ ਬਣਾ ਕੇ ਇਸ ਦੀ ਰੀੜ੍ਹ ਦੀ ਹੱਡੀ ਦਾ ਕੰਮ ਕਰਦਾ ਹੈ। ਉਨ੍ਹਾਂ ਇਹ ਗੱਲ ਪੀ. ਜੀ. ਆਈ ਵਿਚ 14ਵੀਂ ਅੰਮ੍ਰਿਤ (ਸਸਤੀ ਦਵਾਈਆਂ ਅਤੇ ਇਲਾਜ ਲਈ ਭਰੋਸੇਯੋਗ ਇਮਪਲਾਂਟ) ਫਾਰਮੇਸੀ ਦੇ ਉਦਘਾਟਨ ਦੌਰਾਨ ਕਹੀ। ਪੀ. ਜੀ. ਆਈ ਦੇਸ਼ ਦੀ ਇਕੱਲੀ ਅਜਿਹੀ ਸੰਸਥਾ ਹੈ, ਜਿੱਥੇ ਜਨਤਕ ਖੇਤਰ ਦੇ ਹਸਪਤਾਲ ਵਿਚ ਇੰਨੀ ਵੱਡੀ ਗਿਣਤੀ ਵਿਚ ਅੰਮ੍ਰਿਤ ਫਾਰਮੇਸੀ ਕੰਮ ਕਰ ਰਹੀ ਹੈ। ਪੀ. ਜੀ. ਆਈ ਦੇ ਨਹਿਰੂ ਐਕਸਟੈਂਸ਼ਨ ਬਲਾਕ ਵਿਚ ਸ਼ੁਰੂ ਹੋਈ ਇਸ ਸਹੂਲਤ ਦਾ ਉਦਘਾਟਨ ਪ੍ਰੋ.ਵਿਵੇਕ ਲਾਲ ਨੇ ਡੀਨ (ਅਕਾਦਮਿਕ) ਪ੍ਰੋਫੈਸਰ ਆਰ.ਕੇ. ਰਾਠੋ, ਡੀਨ (ਰਿਸਰਚ) ਪ੍ਰੋਫੈਸਰ ਸੰਜੇ ਜੈਨ, ਡਿਪਟੀ ਡਾਇਰੈਕਟਰ (ਪ੍ਰਸ਼ਾਸਨ) ਪੰਕਜ ਰਾਏ, ਵਧੀਕ ਮੈਡੀਕਲ ਸੁਪਰਡੈਂਟ ਪ੍ਰੋਫੈਸਰ ਸੰਦੀਪ ਬਾਂਸਲ, ਵਿਭਾਗਾਂ ਦੇ ਮੁਖੀਆਂ, ਫੈਕਲਟੀ ਮੈਂਬਰਾਂ, ਰੈਜ਼ੀਡੈਂਟ ਡਾਕਟਰ, ਨਰਸਿੰਗ ਅਫ਼ਸਰਾਂ ਅਤੇ ਸੰਸਥਾ ਦੇ ਬਾਕੀ ਕਰਮਚਾਰੀਆਂ ਦੀ ਮੌਜੂਦਗੀ ਵਿਚ ਕੀਤਾ ਗਿਆ। ਅੰਮ੍ਰਿਤ ਫਾਰਮੇਸੀ ਦੇ ਉਪ ਪ੍ਰਧਾਨ ਰਾਜੇਸ਼ ਨਾਇਰ ਵੀ ਆਪਣੀ ਟੀਮ ਸਮੇਤ ਇੱਥੇ ਪਹੁੰਚੇ। ਪ੍ਰੋ. ਵਿਵੇਕ ਲਾਲ ਨੇ ਅੰਮ੍ਰਿਤ ਪਹਿਲ ਨੂੰ ਮਰੀਜ਼ ਕੇਂਦਰਿਤ ਦੇਖਭਾਲ ਦਾ ਇਕ ਅਹਿਮ ਥੰਮ?ਹ ਦੱਸਦੇ ਹੋਏ ਕਿਹਾ ਕਿ ਹਰ ਮਰੀਜ਼ ਗੁਣਵੱਤਾ ਵਾਲੇ ਅਤੇ ਕਿਫਾਇਤੀ ਇਲਾਜ ਦਾ ਹੱਕਦਾਰ ਹੈ। ਅੰਮ੍ਰਿਤ ਰਾਹੀਂ ਅਸੀਂ




ਨਾਮਵਰ ਅਤੇ ਸਟੈਂਡਰਡ ਕੰਪਨੀਆਂ ਦੀਆਂ ਦਵਾਈਆਂ ਨੂੰ ਕਾਫੀ ਕਿਫਾਇਤੀ ਦਰਾਂ ’ਤੇ ਮੁਹੱਈਆ ਕਰਵਾ ਰਹੇ ਹਾਂ। ਇਹ ਪਹਿਲ ਮਰੀਜ਼ ਦੇਖਭਾਲ ਦੀ ਰੀੜ੍ਹ ਦੀ ਹੱਡੀ ਬਣ ਚੁੱਕੀ ਹੈ। ਸੇਵਾਵਾਂ ਦੇ ਵਿਆਪਕ ਦਾਇਰੇ ਅਤੇ ਦਬਾਅ ਨੂੰ ਉਜਾਗਰ ਕਰਦੇ ਹੋਏ ਉਨ੍ਹਾਂ ਨੇ ਕਿਹਾ ਕਿ ਆਯੁਸ਼ਮਾਨ ਭਾਰਤ ਮਰੀਜ਼ਾਂ ਤੱਕ ਪਹੁੰਚ ਯਕੀਨੀ ਬਣਾ ਰਿਹਾ ਹੈ। ਇਹ ਯਕੀਨੀ ਬਣਾ ਰਿਹਾ ਹ ਕਿ ਆਰਥਿਕ ਰੁਕਾਵਟਾਂ ਇਲਾਜ ਵਿਚ ਰੁਕਾਵਟ ਨਾ ਬਣਨ। ਅੰਮ੍ਰਿਤ ਇਸ ਵਿਵਸਥਾ ਨੂੰ ਕਿਫਾਇਤੀ ਅਤੇ ਸੁਲਭ ਬਣ ਕੇ ਇਸ ਨੂੰ ਹੋਰ ਮਜ਼ਬੂਤ ਕਰਦਾ ਹੈ।

### ਲੁਧਿਆਣਾ ’ਚ 46 ਸਾਲਾ ਵਿਅਕਤੀ ਸ਼ੱਕੀ ਹਾਲਾਤਾਂ ’ਚ ਲਾਪਤਾ, ਪਤਨੀ ਨੇ ਜਤਾਇਆ ਅਗਵਾ ਦਾ ਸ਼ੱਕ

ਲੁਧਿਆਣਾ 4 ਅਪ੍ਰੈਲ। ਘਰ ਤੋਂ ਦਫ਼ਤਰ ਦੇ ਕੰਮ ਲਈ ਨਿਕਲਿਆ ਇੱਕ 46 ਸਾਲਾ ਵਿਅਕਤੀ ਸ਼ੱਕੀ ਹਾਲਾਤਾਂ ਵਿੱਚ ਲਾਪਤਾ ਹੋ ਗਿਆ ਹੈ। ਜਦੋਂ ਪਰਿਵਾਰ ਨੇ ਭਾਲ ਸ਼ੁਰੂ ਕੀਤੀ ਤਾਂ ਲਾਪਤਾ ਵਿਅਕਤੀ ਸਰਬਜੀਤ ਸਿੰਘ ਦੀ ਸਕੂਟੀ ਫਲਾਹੀ ਸਾਹਿਬ ਗੁਰਦੁਆਰੇ ਦੇ ਨੇੜੇ ਮਿਲੀ। ਦੁੱਗਰੀ ਦੀ ਰਹਿਣ ਵਾਲੀ ਸਰਬਜੀਤ ਦੀ ਪਤਨੀ ਹਰਪ੍ਰੀਤ ਕੌਰ ਨੇ ਦੋਸ਼ ਲਾਇਆ ਹੈ ਕਿ ਉਸ ਦੇ ਪਤੀ ਨੂੰ ਕਿਸੇ ਨੇ ਅਗਵਾ ਕਰ ਲਿਆ ਹੈ। ਉਸ ਨੇ ਦੱਸਿਆ ਕਿ ਸਰਬਜੀਤ ਕਦੇ ਵੀ ਬਿਨਾਂ ਦੱਸੇ ਕਿਤੇ ਨਹੀਂ ਜਾਂਦੇ ਸਨ। ਹਰਪ੍ਰੀਤ ਅਤੇ ਸਰਬਜੀਤ ਦੇ ਵਿਆਹ ਨੂੰ 15 ਸਾਲ ਹੋ ਚੁੱਕੇ ਹਨ ਅਤੇ ਉਨ੍ਹਾਂ ਦੇ ਦੋ ਬੱਚੇ ਹਨ। ਇਸ ਘਟਨਾ ਤੋਂ ਬਾਅਦ ਪੂਰਾ ਪਰਿਵਾਰ ਗਹਿਰੇ ਸਦਮੇ ਵਿੱਚ ਹੈ। ਪਤਨੀ ਦਾ ਖਦਸ਼ਾ ਹੈ ਕਿ ਉਸ ਦੇ ਪਤੀ ਨੂੰ ਅਗਵਾ ਕਰਨ ਤੋਂ ਬਾਅਦ ਕਿਸੇ ਸੁੰਨਸਾਨ ਥਾਂ ’ਤੇ ਛੁਪਾ ਕੇ ਰੱਖਿਆ ਗਿਆ ਹੈ। ਫਿਲਹਾਲ ਪੁਲਿਸ ਨੇ ਪਤਨੀ ਹਰਪ੍ਰੀਤ ਕੌਰ ਦੇ ਬਿਆਨਾਂ ਦੇ ਆਧਾਰ ’ਤੇ ਅਣਪਛਾਤੇ ਵਿਅਕਤੀਆਂ ਖ਼?ਲਾਫ਼ ਕੇਸ ਦਰਜ ਕਰਕੇ ਸਰਬਜੀਤ ਦੀ ਭਾਲ ਸ਼ੁਰੂ ਕਰ ਦਿੱਤੀ ਹੈ।